@Qpatrika
@qaumipatrika punjabi
instagram.com/qaumipatrika
Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Punjabi National Daily

Qaumi Patrika NO.1

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Sunday, 8 December 2024

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਐਤਵਾਰ 8 ਦਸੰਬਰ 2024, 24 ਮੱਘਰ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 43, ਅੰਕ 28, qpatrika@gmail.com ਫੋਨ : 9971359517 www.qaumipatrika.org

## ਪੂੰਜੀਪਤੀਆਂ ਨੂੰ ਛੋਟ, ਗਰੀਬਾਂ ਨੂੰ ਲੁੱਟਣ ਵਾਲੇ ਟੈਕਸ ਵਿਰੁੱਧ ਹੈ ਸਾਡੀ ਲੜਾਈ: ਰਾਹੁਲ

**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 7 ਦਸੰਬਰ। ਕਾਂਗਰਸ ਦੇ ਸਾਬਕਾ ਪ੍ਰਧਾਨ ਅਤੇ ਲੋਕ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਕਿਹਾ ਹੈ ਕਿ ਮੋਦੀ ਸਰਕਾਰ ਅਮੀਰਾਂ ਨੂੰ ਰਾਹਤ ਦੇ ਰਹੀ ਹੈ ਅਤੇ ਗਰੀਬਾਂ ਨੂੰ ਲੁੱਟ ਕੇ ਪੂੰਜੀਪਤੀਆਂ ਦਾ ਪਾਲਣ ਪੋਸ਼ਣ ਕਰ ਰਹੀ ਹੈ। ਰਾਹੁਲ ਨੇ ਕਿਹਾ ਕਿ ਸਰਕਾਰ ਗਰੀਬਾਂ ਨੂੰ ਲੁੱਟ ਰਹੀ ਹੈ ਅਤੇ ਪੂੰਜੀਪਤੀਆਂ ਨੂੰ ਸਹੂਲਤਾਂ ਦੇ ਕੇ ਉਨ੍ਹਾਂ ਨੂੰ ਟੈਕਸਾਂ ਤੋਂ ਰਾਹਤ ਦੇ ਰਹੀ ਹੈ। ਰਾਹੁਲ ਨੇ ਕਿਹਾ ਕਿ ਗੁਡਸ ਐਂਡ ਸਰਵਿਸਿਜ ਟੈਕਸ (ਜੀ. ਐੱਸ. ਟੀ.) ਅਤੇ ਹੋਰ ਕਈ ਤਰ੍ਹਾਂ ਦੇ ਟੈਕਸ ਲਗਾ ਕੇ ਆਮ ਲੋਕਾਂ ਨੂੰ ਮਹਿੰਗਾਈ ਦੀ ਅੱਗ 'ਚ ਝੋਂਕ ਕੇ ਉਨ੍ਹਾਂ ਦਾ ਜਿਊਣਾ ਮੁਹਾਲ ਕੀਤਾ ਜਾ ਰਿਹਾ ਹੈ। ਪੂੰਜੀਪਤੀਆਂ ਨੂੰ ਛੋਟ ਅਤੇ ਆਮ ਲੋਕਾਂ ਦੀ ਲੁੱਟ ਕਰਨ ਦੀ ਇਕ ਹੋਰ ਮਿਸਾਲ ਦੇਖੋ। ਇਕ ਪਾਸੇ ਕਾਰਪੋਰੇਟ ਟੈਕਸ ਦੇ ਮੁਕਾਬਲੇ ਆਮਦਨ ਟੈਕਸ ਲਗਾਤਾਰ ਵਧ ਰਿਹਾ ਹੈ। ਦੂਜੇ ਪਾਸੇ ਮੋਦੀ ਸਰਕਾਰ 'ਗੱਬਰ ਸਿੰਘ ਟੈਕਸ' ਰਾਹੀਂ ਹੋਰ ਵਸੂਲੀ ਕਰਨ ਦੀ ਤਿਆਰੀ ਕਰ ਰਹੀ ਹੈ।



ਸੁਣਨ ਵਿਚ ਆ ਰਿਹਾ ਹੈ ਕਿ ਜੀ. ਐੱਸ. ਟੀ. ਤੋਂ ਲਗਾਤਾਰ ਵੱਧ ਰਹੀ ਵਸੂਲੀ ਦੇ ਵਿਚਕਾਰ ਸਰਕਾਰ ਇਕ ਨਵਾਂ ਟੈਕਸ ਸਲੈਬ ਪੇਸ਼ ਕਰਨ ਜਾ ਰਹੀ ਹੈ - ਤੁਹਾਡੀਆਂ ਲੋੜੀਂਦੀਆਂ ਚੀਜਾਂ 'ਤੇ ਜੀ. ਐੱਸ. ਟੀ. ਵਧਾਉਣ ਦੀ ਯੋਜਨਾ ਹੈ। ਕਾਂਗਰਸੀ ਆਗੂ ਨੇ ਕਿਹਾ ਕਿ ਜਰਾ ਸੋਚੋ- ਅਜੇ ਵਿਆਹਾਂ ਦਾ ਸੀਜਨ ਚੱਲ ਰਿਹਾ ਹੈ। ਲੋਕ ਕਦੋਂ ਤੋਂ ਪਾਈ-ਪਾਈ ਜੋੜ ਕੇ ਪੈਸੇ ਇਕੱਠੇ ਕਰ ਰਹੇ ਹੋਣਗੇ ਅਤੇ ਸਰਕਾਰ ਇਸ ਦਰਮਿਆਨ 1500 ਰੁਪਏ ਤੋਂ ਉੱਪਰ ਦੇ ਕੱਪੜਿਆਂ 'ਤੇ ਜੀ. ਐੱਸ. ਟੀ. 12 ਫੀਸਦੀ ਤੋਂ ਵਧਾ ਕੇ 18 ਫੀਸਦੀ ਕਰਨ ਜਾ ਰਹੀ ਹੈ। ਇਹ ਬੇਇਨਸਾਫੀ ਹੈ - ਅਰਬਪਤੀਆਂ ਨੂੰ ਟੈਕਸ ਵਿਚ ਛੋਟ ਦੇਣ ਅਤੇ ਉਨ੍ਹਾਂ ਦੇ ਵੱਡੇ ਤੋਂ ਵੱਡੇ ਕਰਜੇ ਮੁਆਫ ਕਰਨ ਲਈ ਗਰੀਬ ਅਤੇ ਮਧਿਅਮ ਵਰਗੀ ਪਰਿਵਾਰਾਂ ਦੀ ਮਿਹਨਤ ਦੀ ਕਮਾਈ ਨੂੰ ਟੈਕਸ ਰਾਹੀਂ ਲੁੱਟਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਡੀ ਲੜਾਈ ਇਸ ਬੇਇਨਸਾਫੀ ਖ਼ਿਲਾਫ ਹੈ। ਆਮ ਲੋਕਾਂ 'ਤੇ ਪੈ ਰਹੀ ਟੈਕਸਾਂ ਦੀ ਮਾਰ ਵਿਰੁੱਧ ਅਸੀਂ ਜੋਰਦਾਰ ਆਵਾਜ ਉਠਾਵਾਂਗੇ ਅਤੇ ਇਸ ਲੁੱਟ ਨੂੰ ਰੋਕਣ ਲਈ ਸਰਕਾਰ 'ਤੇ ਦਬਾਅ ਪਾਵਾਂਗੇ।

## ਮੈਨੂੰ ਨਜਰਬੰਦ ਕਰ ਦਿੱਤਾ ਗਿਆ ਹੈ : ਮੀਰਵਾਈਜ ਉਮਰ ਫਾਰੂਕ

ਸ਼੍ਰੀਨਗਰ 7 ਦਸੰਬਰ। ਹੁਰੀਅਤ ਕਾਨਫਰੰਸ ਦੇ ਪ੍ਰਧਾਨ ਮੀਰਵਾਈਜ ਉਮਰ ਫਾਰੂਕ ਨੇ ਦਾਅਵਾ ਕੀਤਾ ਕਿ ਉਨ੍ਹਾਂ ਨੂੰ ਨਜਰਬੰਦ ਕਰ ਦਿੱਤਾ ਗਿਆ ਹੈ ਅਤੇ ਇੱਥੇ ਜਾਮੀਆ ਮਸਜਿਦ 'ਚ ਸਮੂਹਿਕ ਨਮਾਜ ਅਦਾ ਕਰਨ ਤੋਂ ਰੋਕ ਦਿੱਤਾ ਗਿਆ। ਕਸ਼ਮੀਰ ਦੇ ਮੁੱਖ ਧਰਮਗੁਰੂ ਮੀਰਵਾਈਜ ਨੇ 'ਐਕਸ' 'ਤੇ ਇਕ ਪੋਸਟ 'ਚ ਕਿਹਾ,''ਮੈਂ ਸ਼ੁੱਕਰਵਾਰ ਦੀ ਨਮਾਜ ਅਤੇ ਧਾਰਮਿਕ ਸੰਬੋਧਨ ਲਈ ਜਾਮਾ ਮਸਜਿਦ ਜਾਣ ਵਾਲਾ ਸੀ। ਉਦੋਂ ਮੈਨੂੰ ਮੌਖਿਕ ਰੂਪ ਨਾਲ ਦੱਸਿਆ ਗਿਆ ਕਿ ਮੈਨੂੰ ਅੱਜ ਨਜਰਬੰਦ ਕਰ ਦਿੱਤਾ ਗਿਆ ਹੈ। ਮੈਨੂੰ ਜਾਮਾ ਮਸਜਿਦ ਜਾਣ ਦੀ ਮਨਜੂਰੀ ਨਹੀਂ ਦਿੱਤੀ ਜਾਵੇਗੀ।'' ਉਨ੍ਹਾਂ ਕਿਹਾ ਕਿ ਇਹ ਕੋਈ ਵੀ ਅੰਦਾਜਾ ਲਗਾ ਸਕਦਾ ਹੈ ਕਿ ਉਨ੍ਹਾਂ ਨੂੰ ਇੱਥੇ ਸ਼ਹਿਰ ਦੇ ਨੋਹੱਟਾ ਇਲਾਕੇ 'ਚ ਸਥਿਤ ਮਸਜਿਦ ਜਾਣ ਤੋਂ ਕਿਉਂ ਰੋਕਿਆ ਗਿਆ। ਉਨ੍ਹਾਂ ਕਿਹਾ ਕਿ ਕੀ ਇਹ ਅੱਜ ਬਾਬਰੀ ਮਸਜਿਦ ਢਾਹੁਣ ਦੀ 32ਵੀਂ ਬਰਸੀ ਅਤੇ ਮਸਜਿਦ ਤੇ ਦਰਗਾਹ ਸਰਵੇਖਣ ਖ਼ਿਲਾਫ ਸਾਡੇ ਵਲੋਂ ਆਪਣੀ ਆਵਾਜ ਚੁੱਕੇ ਜਾਣ ਕਾਰਨ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਅੰਦਾਜਾ ਲਗਾ ਸਕਦਾ ਹੈ।



## ਕਿਸਾਨਾਂ ਨੂੰ ਰੋਕਣਾ ਗੈਰ-ਜਮਹੂਰੀ : ਹੁੱਡਾ

ਚੰਡੀਗੜ੍ਹ 7 ਦਸੰਬਰ। ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਨੇ ਕਿਹਾ ਕਿ ਕਿਸਾਨ ਸਰਕਾਰ ਦੇ ਹੁਕਮਾਂ ਅਨੁਸਾਰ ਬਿਨਾਂ ਟਰੈਕਟਰ-ਟਰਾਲੀ ਦੇ ਦਿੱਲੀ ਜਾਣ ਲਈ ਰਾਜੀ ਹੋ ਗਏ ਹਨ, ਇਸ ਲਈ ਉਨ੍ਹਾਂ ਨੂੰ ਰੋਕਣਾ ਪੂਰੀ ਤਰ੍ਹਾਂ ਗੈਰ-ਜਮਹੂਰੀ ਹੈ। ਆਪਣੀ ਰਿਹਾਇਸ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੁੱਡਾ ਨੇ ਕਿਹਾ ਕਿ ਹਰ ਕਿਸੇ ਨੂੰ ਲੋਕਤੰਤਰ ਵਿਚ ਸ਼ਾਂਤੀ ਨਾਲ ਕਿਤੇ ਵੀ ਜਾਣ ਜਾਂ ਆਪਣੇ ਵਿਚਾਰ ਪ੍ਰਗਟ ਕਰਨ ਦਾ ਅਧਿਕਾਰ ਹੈ। ਉਨ੍ਹਾਂ ਕਿਹਾ ਕਿ ਪਿਛਲੀ ਵਾਰ



ਅੰਦੋਲਨ ਖਤਮ ਕਰਕੇ ਸਰਕਾਰ ਨੇ ਘੱਟੋ-ਘੱਟ ਸਮਰਥਨ ਮੁੱਲ () ਲਈ ਕਮੇਟੀ ਬਣਾਉਣ ਦਾ ਐਲਾਨ ਕੀਤਾ ਸੀ ਪਰ ਇੰਨਾ ਸਮਾਂ ਬੀਤ ਜਾਣ ਦੇ ਬਾਵਜੂਦ ਕਿਸਾਨਾਂ ਦੇ ਹੱਥ ਖਾਲੀ ਹਨ ਅਤੇ ਉਹ ਸਰਕਾਰ ਨੂੰ ਆਪਣਾ ਵਾਅਦਾ ਯਾਦ ਕਰਵਾਉਣ ਦੀ ਕੋਸ਼ਿਸ ਕਰ ਰਹੇ ਹਨ। ਇਸ ਲਈ ਦਿੱਲੀ ਜਾਣਾ ਚਾਹੁੰਦੇ ਹਨ। ਹੁੱਡਾ ਨੇ ਦੋਸ਼ ਲਾਇਆ ਕਿ ਭਾਜਪਾ ਕਿਸਾਨਾਂ ਨੂੰ ਬਿਜਾਈ ਸਮੇਂ ਡੀ. ਏ. ਪੀ, ਸਿੰਚਾਈ ਸਮੇਂ ਯੂਰੀਆ ਅਤੇ ਵਾਢੀ ਵੇਲੇ ਦੇਣ ਵਿਚ ਹਮੇਸ਼ਾ ਨਾਕਾਮ ਰਹੀ ਹੈ। ਇਹੀ ਕਾਰਨ ਹੈ ਕਿ ਕਿਸਾਨਾਂ ਨੂੰ ਆਪਣੀਆਂ ਮੰਗਾਂ ਲਈ ਵਾਰ-ਵਾਰ ਅੰਦੋਲਨ ਕਰਨਾ ਪੈਂਦਾ ਹੈ। ਹੁੱਡਾ ਨੇ ਅੱਗੇ ਕਿਹਾ ਕਿ ਹਰਿਆਣਾ ਦੀ ਭਾਜਪਾ ਸਰਕਾਰ ਇਸ਼ਤਿਹਾਰਾਂ ਵਿਚ 24 ਫਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ ਦੇਣ ਦੀ ਗੱਲ ਕਰਦੀ ਹੈ, ਜਦਕਿ ਸੱਚਾਈ ਇਹ ਹੈ ਕਿ ਹਰਿਆਣਾ ਵਿਚ ਕੁੱਲ 24 ਫਸਲਾਂ ਹੁੰਦੀਆਂ ਹੀ ਨਹੀਂ ਹਨ ਅਤੇ ਉਨ੍ਹਾਂ ਫਸਲਾਂ 'ਤੇ ਵੀ ਕਿਸਾਨਾਂ ਨੂੰ ਕਦੇ ਵੀ ਘੱਟੋ-ਘੱਟ ਸਮਰਥਨ ਮੁੱਲ ਨਹੀਂ ਮਿਲਦਾ। ਝੋਨੇ ਦੀ ਮਿਸਾਲ ਸਭ ਦੇ ਸਾਹਮਣੇ ਹੈ। ਚੋਣਾਂ ਸਮੇਂ ਮੁੱਖ ਮੰਤਰੀ ਨੇ ਕਿਸਾਨਾਂ ਨੂੰ ਝੋਨੇ ਦਾ ਭਾਅ 3100 ਰੁਪਏ ਦੇਣ ਦਾ ਐਲਾਨ ਕੀਤਾ ਸੀ ਪਰ ਚੋਣਾਂ ਤੋਂ ਬਾਅਦ ਸਰਕਾਰ ਆਪਣਾ ਵਾਅਦਾ ਭੁੱਲ ਗਈ ਅਤੇ ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ ਵੀ ਨਹੀਂ ਮਿਲ ਸਕਿਆ।


## ਸਦਨ ਦੇ ਨਿਯਮ ਤੇ ਪ੍ਰਕਿਰਿਆਵਾਂ ਦੀ ਪਾਲਣਾ ਕਰਨ ਮੈਂਬਰ, ਬੈਜ ਲਗਾ ਕੇ ਨਾ ਆਉਣ : ਬਿਰਲਾ

ਨਵੀਂ ਦਿੱਲੀ 7 ਦਸੰਬਰ। ਲੋਕ ਸਭਾ ਸਪੀਕਰ ਓਮ ਬਿਰਲਾ ਨੇ ਮੈਂਬਰਾਂ ਨੂੰ ਨਿਯਮ ਅਤੇ ਪ੍ਰਕਿਰਿਆਵਾਂ ਦੀ ਪਾਲਣਾ ਕਰਨ ਅਤੇ ਸਦਨ 'ਚ ਬੈਜ ਆਦਿ ਲਗਾ ਕੇ ਨਹੀਂ ਆਉਣ ਦੀ ਅਪੀਲ ਕੀਤੀ। ਉਨ੍ਹਾਂ ਦੀ ਇਸ ਅਪੀਲ ਨੂੰ ਕਾਂਗਰਸ ਦੇ ਕੁਝ ਮੈਂਬਰਾਂ ਵਲੋਂ ਕਾਲੇ ਰੰਗ ਦੀ ਜੈਕੇਟ ਪਹਿਨ ਕੇ ਸਦਨ 'ਚ ਆਉਣ ਦੇ ਪਿਛੋਕੜ 'ਚ ਦੇਖਿਆ ਜਾ ਰਿਹਾ ਹੈ, ਜਿਸ ਦੇ ਪਿੱਛੇ 'ਮੋਦੀ ਅਡਾਨੀ ਇਕ ਹਨ', 'ਅਡਾਨੀ ਸੁਰੱਖਿਅਤ ਹੈ' ਲਿਖਿਆ ਹੋਇਆ ਸੀ। ਇਸ ਤੋਂ ਪਹਿਲਾਂ ਕਾਂਗਰਸ ਸਮੇਤ 'ਇੰਡੀਅਨ ਨੈਸ਼ਨਲ ਡੈਵਲਪਮੈਂਟਲ ਇਨਕਲੂਸਿਵ ਅਲਾਇੰਸ (ਇੰਡੀਆ) ਦੇ ਘਟਕ ਦਲਾਂ ਦੇ ਮੈਂਬਰਾਂ ਨੇ ਸੰਸਦ ਦੇ 'ਮਕਰ ਦੁਆਰ' ਕੋਲ ਇਸ ਮੁੱਦੇ 'ਤੇ ਵਿਰੋਧ ਪ੍ਰਦਰਸ਼ਨ ਕੀਤਾ। ਸਪੀਕਰ ਬਿਰਲਾ ਨੇ ਕਿਹਾ,''ਮੈਂ ਤੁਹਾਨੂੰ ਸਾਰਿਆਂ ਨੂੰ ਸੰਸਦ ਦੀ ਮਰਿਆਦਾ ਅਤੇ ਪ੍ਰਕਿਰਿਆਵਾਂ ਦੀ ਪਾਲਣਾ ਕਰਨ ਦੀ ਅਪੀਲ ਕਰਦਾ ਹਾਂ।'' ਉਨ੍ਹਾਂ ਕਿਹਾ ਕਿ ਲੋਕ ਸਭਾ ਦੀ ਪ੍ਰਕਿਰਿਆ ਅਤੇ ਕਾਰਜ-ਸੰਚਾਲਨ ਨਿਯਮਾਵਲੀ ਦੇ ਨਿਯਮ-349 ਦੇ ਅਧੀਨ ਕੋਈ ਵੀ ਮੈਂਬਰ ਸਭਾ 'ਚ ਲੈਪਲ ਪਿਨ ਅਤੇ ਬੈਜ (ਰਾਸ਼ਟਰੀ ਝੰਡੇ ਤੋਂ ਇਲਾਵਾ) ਲਗਾ ਕੇ ਨਹੀਂ ਆਉਣਗੇ ਅਤੇ ਪ੍ਰਦਰਸ਼ਿਤ ਨਹੀਂ ਕਰਨਗੇ। ਬਿਰਲਾ ਨੇ ਕਿਹਾ,''ਮੇਰੀ ਤੁਹਾਨੂੰ ਅਪੀਲ ਹੈ ਕਿ ਸੰਸਦ ਦੇ ਨਿਯਮ ਪ੍ਰਕਿਰਿਆਵਾਂ ਦੀ ਪਾਲਣਾ ਕਰੋ। ਤੁਸੀਂ ਸੀਨੀਅਰ ਮੈਂਬਰ ਹੋ। ਅਸੀਂ ਨਿਯਮਾਂ ਦੀ ਪਾਲਣਾ ਨਹੀਂ ਕਰਾਂਗੇ ਤਾਂ ਸਦਨ ਦਾ ਮਾਣ ਡਿੱਗੇਗਾ। ਅਜਿਹਾ ਹੋਵੇਗਾ ਤਾਂ ਹਰ ਕੋਈ ਵੱਖ-ਵੱਖ ਤਰ੍ਹਾਂ ਦੇ ਬੈਜ ਲਗਾ ਕੇ ਆਏਗਾ।''



## ਬਾਬਰ ਦੇ ਯੁੱਗ 'ਚ ਜੋ ਹੋਇਆ ਅਤੇ ਹੁਣ ਬੰਗਲਾਦੇਸ਼ 'ਚ ਜੋ ਹੋ ਰਿਹਾ, ਉਸ ਦਾ ਡੀ.ਐੱਨ.ਏ. ਇਕ : ਯੋਗੀ

ਅਯੁੱਧਿਆ 7 ਦਸੰਬਰ। ਵਿਰੋਧੀ ਪਾਰਟੀਆਂ 'ਤੇ ਸਮਾਜ ਨੂੰ ਵੰਡਣ ਦਾ ਦੋਸ਼ ਲਗਾਉਂਦੇ ਹੋਏ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਕਿਹਾ ਕਿ ਅਯੁੱਧਿਆ ਅਤੇ ਸੰਭਲ 'ਚ ਮੁਗਲ ਸਾਸ਼ਕ ਬਾਬਰ ਦੀ ਫੌਜ ਨੇ ਜੋ ਕੀਤਾ ਅਤੇ ਅੱਜ ਜੋ ਬੰਗਲਾਦੇਸ਼ 'ਚ ਹੋ ਰਿਹਾ ਹੈ, ਉਸ ਦਾ ਡੀ.ਐੱਨ.ਏ. ਇਕ ਹੀ ਹੈ। ਇੱਥੇ 43ਵੇਂ ਰਮਾਇਣ ਮੇਲੇ ਦਾ ਉਦਘਾਟਨ ਕਰਨ ਤੋਂ ਬਾਅਦ ਮੁੱਖ ਮੰਤਰੀ ਨੇ ਕਿਹਾ, ''ਭਗਵਾਨ ਰਾਮ ਨੇ ਇਸ ਸਮੁੱਚੇ ਸਮਾਜ ਨੂੰ ਇਕਜੁੱਟ ਕੀਤਾ ਸੀ। ਜੇਕਰ ਅਸੀਂ ਏਕਤਾ ਨੂੰ ਮਹੱਤਵ ਦਿੱਤਾ ਹੁੰਦਾ ਅਤੇ ਦੇਸ਼ ਦੇ ਦੁਸ਼ਮਣਾਂ ਦੀ ਰਣਨੀਤੀ ਨੂੰ ਕਾਮਯਾਬ ਨਾ ਹੋਣ ਦਿੱਤਾ ਹੁੰਦਾ ਤਾਂ ਇਹ ਦੇਸ਼ ਕਦੇ ਵੀ ਗੁਲਾਮ ਨਾ ਹੁੰਦਾ। ਸਾਡੇ ਤੀਰਥ ਅਸਥਾਨ ਕਦੇ ਵੀ ਅਪਵਿੱਤਰ ਨਹੀਂ ਹੋਣੇ ਸਨ। ਮੁੱਠੀ ਭਰ ਹਮਲਾਵਰ ਸਾਡੇ 'ਤੇ ਹਮਲਾ ਕਰਨ ਦੇ ਯੋਗ ਨਹੀਂ ਹੁੰਦੇ ਅਤੇ ਭਾਰਤ ਦੇ ਬਹਾਦਰ ਸੈਨਿਕਾਂ ਨੇ ਉਨ੍ਹਾਂ ਨੂੰ ਕੁਚਲ ਦਿੱਤਾ ਹੁੰਦਾ।'' ਕਿਸੇ ਦਾ ਨਾਂ ਲਏ ਬਿਨਾਂ ਮੁੱਖ ਮੰਤਰੀ ਨੇ ਕਿਹਾ, ''ਪਰ ਇਸ ਸਮਾਜ ਵਿੱਚ ਰੁਕਾਵਟਾਂ ਪੈਦਾ ਕਰਨ ਵਾਲੇ ਕਾਮਯਾਬ ਹੋ ਗਏ। ਸਮਾਜਿਕ ਤਾਣੇ-ਬਾਣੇ ਨੂੰ ਢਾਹ ਲਾਉਣ ਲਈ ਜਾਤ ਆਧਾਰਿਤ ਰਾਜਨੀਤੀ ਕਰਨ ਵਾਲੇ ਅੱਜ ਵੀ ਸਰਗਰਮ ਹਨ। ਉਹਨਾਂ ਕਿਹਾ ਕਿ ਤੁਸੀਂ ਦੇਖਦੇ ਹੋ ਕਿ ਸਾਡੇ ਦੁਸ਼ਮਣ ਗੁਆਂਢੀ ਦੇਸ਼ਾਂ ਵਿੱਚ ਕਿਸ ਤਰ੍ਹਾਂ ਦੀਆਂ ਗਤੀਵਿਧੀਆਂ ਕਰ ਰਹੇ ਹਨ। 500 ਸਾਲ ਪਹਿਲਾਂ ਬਾਬਰ ਦੇ ਇੱਕ ਜਰਨੈਲ ਨੇ ਅਯੁੱਧਿਆ ਅਤੇ ਸੰਭਲ ਵਿੱਚ ਜੋ ਕਾਰੇ ਕੀਤੇ ਸਨ, ਉਹੀ ਕਾਰੇ ਅੱਜ ਬੰਗਲਾਦੇਸ਼ ਵਿੱਚ ਹੋ ਰਹੇ ਹਨ। ਤਿੰਨਾਂ ਥਾਵਾਂ 'ਤੇ ਕਿਰਿਆਵਾਂ ਦੀ ਪ੍ਰਕਿਰਤੀ ਅਤੇ ਡੀਐੱਨਏ ਸਮਾਨ ਹਨ। ਯੋਗੀ ਆਦਿੱਤਿਆਨਾਥ ਨੇ ਕਿਹਾ ਕਿ ਜੇਕਰ ਕੋਈ ਸੋਚਦਾ ਹੈ ਕਿ ਬੰਗਲਾਦੇਸ਼ ਵਿੱਚ ਜੋ ਹੋ ਰਿਹਾ ਹੈ ਉਹ ਇੱਥੇ ਨਹੀਂ ਹੋਵੇਗਾ ਤਾਂ ਉਹ ਭਰਮ ਵਿੱਚ ਹੈ।



## ਸਹੀ ਕੰਮ ਨਾ ਕਰਨ ਵਾਲੇ ਠੇਕੇਦਾਰ ਨੂੰ ਬੁਲਡੋਜਰ ਦੇ ਹੇਠਾਂ ਸੁਟਵਾ ਦੇਵਾਂਗੇ : ਗਡਕਰੀ

ਨਵੀਂ ਦਿੱਲੀ 7 ਦਸੰਬਰ। ਕੇਂਦਰੀ ਸੜਕੀ ਆਵਾਜਾਈ ਮੰਤਰੀ ਨਿਤਿਨ ਗਡਕਰੀ ਨੇ ਸੜਕ ਨਿਰਮਾਣ 'ਚ ਖਾਮੀਆਂ ਨਾਲ ਜੁੜੇ ਸਵਾਲਾਂ 'ਤੇ ਵੀਰਵਾਰ ਨੂੰ ਲੋਕ ਸਭਾ 'ਚ ਕਿਹਾ ਕਿ ਉਹ ਪਹਿਲਾਂ ਹੀ ਕਹਿ ਚੁੱਕੇ ਹਨ ਕਿ 'ਸਹੀ ਕੰਮ ਨਾ ਕਰਨ ਵਾਲੇ ਠੇਕੇਦਾਰ ਨੂੰ ਬੁਲਡੋਜਰ ਦੇ ਹੇਠਾਂ ਸੁਟਵਾ ਦਿੱਤਾ ਜਾਵੇਗਾ।' ਉਨ੍ਹਾਂ ਸਦਨ 'ਚ ਪ੍ਰਸ਼ਨਕਾਲ ਦੌਰਾਨ ਰਾਜਸਥਾਨ ਦੇ ਨਾਗੌਰ ਤੋਂ ਸੰਸਦ ਮੈਂਬਰ ਹਨੂਮਾਨ ਬੇਨੀਵਾਲ ਦੇ ਪੂਰਕ ਸਵਾਲ ਦੇ ਜਵਾਬ 'ਚ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ 'ਚ ਸਾਡੇ ਵਿਭਾਗ ਨੇ 50 ਲੱਖ ਕਰੋੜ ਰੁਪਏ ਦੇ ਕੰਮ ਕੀਤੇ।

## ਦਿੱਲੀ ਵਿਧਾਨ ਸਭਾ ਚੋਣਾਂ ਤੋਂ ਪਹਿਲੇ ਸੁਰਿੰਦਰ ਪਾਲ ਸਿੰਘ ਬਿੱਟੂ 'ਆਪ' 'ਚ ਹੋਏ ਸ਼ਾਮਲ

ਨਵੀਂ ਦਿੱਲੀ 7 ਦਸੰਬਰ। ਦਿੱਲੀ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਤਿਮਾਰਪੁਰ ਵਿਧਾਨ ਸਭਾ ਖੇਤਰ ਤੋਂ 2 ਵਾਰ ਵਿਧਾਇਕ ਰਹਿ ਚੁੱਕੇ ਸੁਰਿੰਦਰ ਪਾਲ ਸਿੰਘ ਬਿੱਟੂ ਸ਼ੁੱਕਰਵਾਰ ਨੂੰ ਆਮ ਆਦਮੀ ਪਾਰਟੀ (ਆਪ) 'ਚ ਸ਼ਾਮਲ ਹੋ ਗਏ। 'ਆਪ' ਦੇ ਸੀਨੀਅਰ ਨੇਤਾ ਮਨੀਸ਼ ਸਿਸੋਦੀਆ ਨੇ ਸਿੰਘ ਦਾ ਪਾਰਟੀ 'ਚ ਸਵਾਗਤ ਕੀਤਾ ਅਤੇ ਕਿਹਾ ਕਿ ਉਨ੍ਹਾਂ ਦਾ ਅਨੁਭਵ ਪਾਰਟੀ ਨੂੰ ਉਸ ਦੇ ਵਿਕਾਸ ਕੰਮਾਂ 'ਚ ਮਦਦ ਕਰੇਗਾ। ਸਿਸੋਦੀਆ ਨੇ ਕਿਹਾ,''ਸਿੱਖਿਆ, ਸਿਹਤ ਆਦਿ ਦੇ ਖੇਤਰ 'ਚ 'ਆਪ' ਦੇ ਚੰਗੇ ਵਿਕਾਸ ਕੰਮਾਂ ਤੋਂ ਪ੍ਰੇਰਿਤ ਹੋ ਕੇ ਸਿੰਘ ਅੱਜ ਸਾਡੀ ਪਾਰਟੀ 'ਚ ਸ਼ਾਮਲ ਹੋ ਰਹੇ ਹਨ ਅਤੇ ਮੈਨੂੰ ਯਕੀਨ ਹੈ ਕਿ ਉਨ੍ਹਾਂ ਦਾ ਅਨੁਭਵ ਪਾਰਟੀ ਨੂੰ ਚੰਗਾ ਕੰਮ ਜਾਰੀ ਰੱਖਣ 'ਚ ਮਦਦ ਕਰੇਗਾ।'' ਪਾਰਟੀ 'ਚ ਸ਼ਾਮਲ ਹੋਣ ਤੋਂ ਬਾਅਦ ਸਿੰਘ ਨੇ ਕਿਹਾ,''ਸਿਰਫ ਇਕ ਹੀ ਪਾਰਟੀ ਹੈ, ਜੋ ਅਸਲ 'ਚ ਆਮ ਲੋਕਾਂ ਦੀਆਂ ਜਰੂਰਤਾਂ ਨੂੰ ਸਮਝਦੀ ਹੈ ਅਤੇ ਮੈਂ 'ਆਪ' ਨਾਲ ਮੋਢੇ ਨਾਲ ਮੋਢਾ ਮਿਲ ਕੇ ਕੰਮ ਕਰਾਂਗਾ।'' ਸਿੰਘ ਤਿਮਾਰਪੁਰ ਵਿਧਾਨ ਸਭਾ ਖੇਤਰ ਤੋਂ 2 ਵਾਰ ਵਿਧਾਇਕ ਰਹਿ ਚੁੱਕੇ ਹਨ। ਦਿੱਲੀ 'ਚ ਅਗਲੇ ਸਾਲ ਫਰਵਰੀ 'ਚ ਵਿਧਾਨ ਸਭਾ ਚੋਣਾਂ ਹੋਣੀਆਂ ਹਨ ਅਤੇ 2020 ਦੀਆਂ ਚੋਣਾਂ 'ਚ 70 'ਚੋਂ 62 ਸੀਟਾਂ ਜਿੱਤਣ ਵਾਲੀ 'ਆਪ' ਇਸ ਵਾਰ ਵੀ ਲਗਾਤਾਰ ਤੀਜੀ ਵਾਰ ਸੱਤਾ 'ਚ ਆਉਣ ਦੀ ਉਮੀਦ ਕਰ ਰਹੀ ਹੈ।

## ਭਾਜਪਾ ਵਾਲੇ ਕੁਝ ਵੀ ਕਹਿਣ, ਰਾਹੁਲ ਗਾਂਧੀ ਲਈ ਦੇਸ਼ ਤੋਂ ਵੱਧ ਕੇ ਕੁਝ ਨਹੀਂ : ਪ੍ਰਿਯੰਕਾ ਗਾਂਧੀ

ਨਵੀਂ ਦਿੱਲੀ 7 ਦਸੰਬਰ। ਕਾਂਗਰਸ ਜਨਰਲ ਸਕੱਤਰ ਪ੍ਰਿਯੰਕਾ ਗਾਂਧੀ ਵਾਡਰਾ ਨੇ ਭਾਰਤੀ ਜਨਤਾ ਪਾਰਟੀ (ਭਾਜਪਾ) ਵਲੋਂ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੂੰ 'ਦੇਸ਼ਧ੍ਰੋਹੀ' ਕਹੇ ਜਾਣ 'ਤੇ ਕਿਹਾ ਕਿ ਸੱਤਾਧਾਰੀ ਦਲ ਦੇ ਲੋਕ ਕੁਝ ਵੀ ਕਹਿਣ, ਉਨ੍ਹਾਂ ਨੂੰ ਫਰਕ ਨਹੀਂ ਪੈਂਦਾ, ਕਿਉਂਕਿ ਉਨ੍ਹਾਂ ਦੇ ਭਰਾ ਲਈ ਦੇਸ਼ ਤੋਂ ਵੱਧ ਕੇ ਕੁਝ ਨਹੀਂ ਹੈ। ਉਨ੍ਹਾਂ ਕਿਹਾ ਕਿ ਜੋ ਲੋਕ ਦੇਸ਼ ਦੀ ਆਜਾਦੀ ਲਈ 13 ਸਾਲ ਜੇਲ੍ਹ 'ਚ ਕੱਟਣ ਵਾਲੇ ਪੰਡਿਤ ਜਵਾਹਰਲਾਲ ਨਹਿਰੂ ਅਤੇ ਪਾਕਿਸਤਾਨ ਦੇ 2 ਟੁਕੜੇ ਕਰਨ ਵਾਲੀ ਇੰਦਰਾ ਗਾਂਧੀ ਨੂੰ 'ਦੇਸ਼ਧ੍ਰੋਹੀ' ਕਹਿ ਸਕਦੇ ਹਨ, ਉਨ੍ਹਾਂ ਲਈ ਰਾਹੁਲ ਗਾਂਧੀ ਲਈ ਇਸ ਸ਼ਬਦ ਦਾ ਇਸਤੇਮਾਲ ਕਰਨਾ ਕੋਈ ਨਵੀਂ ਗੱਲ ਨਹੀਂ ਹੈ। ਪ੍ਰਿਯੰਕਾ ਨੇ ਸੰਸਦ ਕੰਪਲੈਕਸ 'ਚ ਕਿਹਾ,''ਜੋ ਰਾਜੀਵ ਗਾਂਧੀ ਨੂੰ ਦੇਸ਼ਧ੍ਰੋਹੀ ਕਹਿ ਸਕਦੇ ਹਨ, ਉਹ ਜੇਕਰ ਰਾਹੁਲ ਗਾਂਧੀ ਲਈ ਅਜਿਹਾ ਕਹਿ ਰਹੇ ਹਨ ਤਾਂ ਕੋਈ ਨਵੀਂ ਗੱਲ ਨਹੀਂ ਹੈ।'' ਉਨ੍ਹਾਂ ਕਿਹਾ,''ਮੈਨੂੰ ਮੇਰੇ ਭਰਾ 'ਤੇ ਬਹੁਤ ਮਾਣ ਹੈ, ਉਨ੍ਹਾਂ ਲਈ ਦੇਸ਼ ਤੋਂ ਵੱਧ ਕੇ ਕੁਝ ਨਹੀਂ ਹੈ। ਉਨ੍ਹਾਂ ਨੇ ਦੇਸ਼ ਦੀ ਏਕਤਾ ਲਈ 8 ਹਜਾਰ ਕਿਲੋਮੀਟਰ ਦੀ ਯਾਤਰਾ ਕੀਤੀ, ਜਿਸ 'ਚੋਂ ਚਾਰ ਹਜਾਰ ਕਿਲੋਮੀਟਰ ਦੀ ਪੈਦਲ ਯਾਤਰਾ ਸੀ।'' ਪ੍ਰਿਯੰਕਾ ਗਾਂਧੀ ਨੇ ਭਾਜਪਾ 'ਤੇ ਨਿਸ਼ਾਨਾ ਵਿੰਨ੍ਹਦੇ ਹੋਏ ਕਿਹਾ,''ਇਹ ਲੋਕ ਕੁਝ ਵੀ ਕਹਿੰਦੇ ਰਹੇ, ਫਰਕ ਨਹੀਂ ਪੈਂਦਾ।'' ਭਾਜਪਾ ਬੁਲਾਰੇ ਸੰਬਿਤ ਪਾਤਰਾ ਨੇ ਵੀਰਵਾਰ ਨੂੰ ਇਕ ਪੱਤਰਕਾਰ ਸੰਮੇਲਨ 'ਚ ਦੋਸ਼ ਲਗਾਇਆ ਸੀ ਕਿ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਭਾਰਤ ਨੂੰ ਅਸਥਿਰ ਕਰਨ ਦੀ ਕੋਸ਼ਿਸ਼ ਕਰ ਰਹੀ ਖੋਜੀ ਮੀਡੀਆ ਸਮੇਤ ਅੰਤਰਰਾਸ਼ਟਰੀ ਤਾਕਤਾਂ ਨਾਲ ਸੰਬੰਧ ਰੱਖਦੇ ਹਨ ਅਤੇ ਉਹ ਦੇਸ਼ਧ੍ਰੋਹੀ ਹਨ।



## ਸੁਪਰੀਮ ਕੋਰਟ ਨੇ ਮਿਸ਼ੇਲ ਦੀ ਪਟੀਸ਼ਨ 'ਤੇ ਸੀਬੀਆਈ ਨੂੰ ਕੀਤਾ ਜਵਾਬ ਤਲਬ

**ਤੇਜਿੰਦਰ ਕੌਰ ਬੱਬਰ**

ਨਵੀਂ ਦਿੱਲੀ 7 ਦਸੰਬਰ। ਸੁਪਰੀਮ ਕੋਰਟ ਨੇ ਅਗਸਤ ਵੈਸਟਲੈਂਡ ਹੈਲੀਕਾਪਟਰ ਘਪਲੇ ਮਾਮਲੇ 'ਚ ਦਸੰਬਰ 2018 ਤੋਂ ਨਿਆਇਕ ਹਿਰਾਸਤ 'ਚ ਇੱਥੇ ਜੇਲ੍ਹ 'ਚ ਬੰਦ ਬ੍ਰਿਟਿਸ਼ ਨਾਗਰਿਕ ਕ੍ਰਿਸਟੀਨਾ ਮਿਸ਼ੇਲ ਦੀ ਜਮਾਨਤ ਪਟੀਸਨ 'ਤੇ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਨੂੰ ਚਾਰ ਹਫਤਿਆਂ ਦੇ ਅੰਦਰ ਆਪਣਾ ਪੱਖ ਰੱਖਣ ਦਾ ਸ਼ੁੱਕਰਵਾਰ ਨੂੰ ਨਿਰਦੇਸ ਦਿੱਤਾ। ਜਸਟਿਸ ਵਿਕਰਮ ਨਾਥ ਅਤੇ ਜਸਟਿਸ ਪ੍ਰਸੰਨਾ ਬੀ ਵਰਲੇ ਦੀ ਬੈਂਚ ਨੇ ਮਿਸੇਲ ਦੀ ਅਪੀਲ 'ਤੇ ਸੁਣਵਾਈ ਕਰਦਿਆਂ ਸੀਬੀਆਈ ਨੂੰ ਜਵਾਬ ਦੇਣ ਦਾ ਹੁਕਮ ਪਾਸ ਕੀਤਾ। ਦਿੱਲੀ ਹਾਈ ਕੋਰਟ ਤੋਂ 25 ਸਤੰਬਰ ਨੂੰ ਆਪਣੀ ਜਮਾਨਤ ਦੀ ਅਰਜੀ ਖਾਰਜ ਕੀਤੇ ਜਾਣ ਤੋਂ ਬਾਅਦ ਉਸ ਨੇ ਸੁਪਰੀਮ ਕੋਰਟ ਦਾ ਦਰਵਾਜਾ ਖੜਕਾਇਆ। ਉਸ ਨੇ ਐਡਵੋਕੇਟ ਅਲਜੋ ਕੇ. ਜੋਸੇਫ ਦੇ ਮਾਧਿਅਮ ਨਾਲ ਇਹ ਅਪੀਲ ਦਾਇਰ ਕੀਤੀ। ਇਸ ਤੋਂ ਪਹਿਲੇ ਇਕ ਹੇਠਲੀ (ਦਿੱਲੀ ਦੀ) ਅਦਾਲਤ ਨੇ ਹਿਰਾਸਤ ਤੋਂ ਰਿਹਾਈ ਦੀ ਮੰਗ ਕਰਨ ਵਾਲੀ ਉਸ ਦੀ ਇਸੇ ਤਰ੍ਹਾਂ ਦੀ ਪਟੀਸ਼ਨ ਖਾਰਜ ਕਰ ਦਿੱਤੀ ਸੀ। ਮਿਸ਼ੇਲ ਨੂੰ ਦਸੰਬਰ 2018 'ਚ ਭਾਰਤ ਦੇ ਹਵਾਲੇ ਕੀਤਾ ਗਿਆ ਸੀ ਅਤੇ ਉਦੋਂ ਤੋਂ ਉਹ ਨਿਆਇਕ ਹਿਰਾਸਤ 'ਚ ਹੈ। ਦੱਸਣਯੋਗ ਹੈ ਕਿ ਸੁਪਰੀਮ ਕੋਰਟ ਨੇ ਫਰਵਰੀ 2023 ਅਤੇ ਇਸ ਸਾਲ ਮਾਰਚ 'ਚ ਉਸ ਦੀ ਜਮਾਨਤ ਪਟੀਸ਼ਨ ਖਾਰਜ ਕਰ ਦਿੱਤੀ ਸੀ। ਮਿਸ਼ੇਲ 'ਤੇ ਭਾਰਤ ਸਰਕਾਰ ਵਲੋਂ ਵੀਵੀਆਈਪੀ ਹੈਲੀਕਾਪਟਰਾਂ ਦੀ ਖਰੀਦ ਨਾਲ ਸੰਬੰਧਤ ਬੇਨਿਯਮੀਆਂ ਦੇ ਮਾਮਲੇ 'ਚ ਸ਼ਾਮਲ ਹੋਣ ਦੇ ਦੋਸ਼ ਹਨ। ਉਸ 'ਤੇ ਹੈਲੀਕਾਪਟਰਾਂ ਦੀ ਖਰੀਦਾਰੀ ਤੋਂ ਪ੍ਰਾਪਤ 42.27 ਮਿਲੀਅਨ ਯੂਰੋ ਦੀ ਗੈਰ-ਕਾਨੂੰਨੀ ਕਮਿਸ਼ਨ ਨੂੰ ਜਾਇਜ ਬਣਾਉਣ ਲਈ ਅਗਸਤ ਵੈਸਟਲੈਂਡ ਨਾਲ ਕਈ ਸਮਝੌਤੇ ਕਰਨ ਦਾ ਦੋਸ਼ ਹੈ। ਕੇਂਦਰੀ ਜਾਂਚ ਏਜੰਸੀ ਸੀਬੀਆਈ ਦਾ ਅਨੁਮਾਨ ਹੈ ਕਿ ਰਿਸ਼ਵਤ ਦੀ ਇਹ ਰਾਸ਼ੀ 3.3 ਕਰੋੜ ਅਮਰੀਕੀ ਡਾਲਰ ਸੀ, ਜਿਸ ਨੂੰ ਬ੍ਰਿਟੇਨ ਅਤੇ ਸੰਯੁਕਤ ਅਰਬ ਅਮੀਰਾਤ ਦੇ ਬੈਂਕ ਖਾਤਿਆਂ ਦੇ ਮਾਧਿਅਮ ਨਾਲ ਟਰਾਂਸਫਰ ਕੀਤਾ ਗਿਆ ਸੀ।



DELHI STATE LEGAL SERVICES AUTHORITY
SEWA SAMADHAN SAMARPAN
DELHI POLICE
SHANTI SEWA NYAYA
TRAFFIC POLICE DELHI
न्याय सब के लिए
ACCESS TO JUSTICE FOR ALL

ਦਿੱਲੀ ਰਾਜ ਵਿਧਿਕ ਸੇਵਾਵਾਂ ਪ੍ਰਾਧਿਕਰਨ ਦੇ ਸਹਿਯੋਗ ਤੋਂ ਦਿੱਲੀ ਯਾਤਾਯਾਤ ਪੁਲਿਸ ਵਲੋਂ ਆਯੋਜਿਤ

ਰਾਸ਼ਟਰੀ ਲੋਕ ਅਦਾਲਤ

ਮਿਤੀ 14.12.2024 ਨੂੰ
ਅਸੀਂ ਸੱਤ ਕੋਰਟ ਪਰਿਸਰਾਂ ਵਿੱਚ

ਕੋਰਟ ਪਰਿਸਰ
ਦਵਾਰਕਾ | ਰੋਹਿਣੀ | ਕੜਕੜਡੂਮਾ | ਰਾਊਸ ਐਵਨਿਊ
ਪਟਿਆਲਾ ਹਾਊਸ | ਸਾਕੇਤ | ਤੀਸ ਹਜ਼ਾਰੀ

ਨੋਟਿਸ/ਚਾਲਾਨ ਡਾਊਨਲੋਡ ਕਰਨ ਅਤੇ ਪ੍ਰਿੰਟਆਊਟ ਲੇਣ ਦੇ ਲਈ ਦਿੱਲੀ ਟ੍ਰੈਫਿਕ ਪੁਲਿਸ ਦੀ ਵੇਬਸਾਈਟ 'ਤੇ ਲੌਗ ਇਨ ਕਰੋ:
https://traffic.delhipolice.gov.in/notice/lokadalat
ਜਾਂ ਕਿਊਆਰ ਕੋਡ ਸਕੈਨ ਕਰੋ
ਇਹ ਲਿੰਕ 09.12.2024 ਨੂੰ ਸਵੇਰੇ 10:00 ਵਜੇ ਤੋਂ ਸਕ੍ਰਿਅ ਹੋਵੇਗਾ ਅਤੇ ਚਾਲਾਨ/ਨੋਟਿਸ ਦੀ ਸੀਮਾ ਸਮਾਪਤ ਹੋਣ ਤੱਕ ਉਪਲਬਧ ਰਹੇਗਾ।

ਵਧੇਰੇ ਜਾਣਕਾਰੀ ਦੇ ਲਈ ਸਾਡੇ ਨਾਲ ਜੁੜੋ :- WhatsApp : 8750871493 @dtptraffic @dtptraffic @dtptraffic

DP/9732/2024

# ਅੱਧੀ ਰਾਤ ਨੂੰ ਹੋ ਰਹੀ ਨਾਜਾਇਜ ਮਾਈਨਿੰਗ ਰੋਕਣ ਗਈ ਪੁਲਸ ਪਾਰਟੀ ‘ਤੇ ਰੇਤ ਮਾਫੀਆ ਵਲੋਂ ਹਮਲਾ

ਸਿੱਧਵਾਂ ਬੇਟ 7 ਦਸੰਬਰ। ਸਤਲੁਜ ਦਰਿਆ ਦੇ ਕੰਢੇ ‘ਤੇ ਸਥਿਤ ਪਿੰਡ ਬਾਘੀਆਂ ਖੁਰਦ ਵਿਖੇ ਅੱਧੀ ਰਾਤ ਨੂੰ ਧੜੱਲੇ ਨਾਲ ਹੋ ਰਹੀ ਨਾਜਾਇਜ ਮਾਈਨਿੰਗ ਰੋਕਣ ਗਈ ਪੁਲਸ ਪਾਰਟੀ ‘ਤੇ ਰੇਤ ਮਾਫੀਆ ਦੇ 50 ਦੇ ਕਰੀਬ ਲੋਕਾਂ ਵਲੋਂ ਹਮਲਾ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਸੂਤਰਾਂ ਦੀ ਮੰਨੀਏ ਤਾਂ ਰੇਤ ਮਾਫੀਆ ਦੇ ਲੋਕਾਂ ਕੋਲੋਂ ਜਾਨ ਬਚਾਉਣ ਲਈ ਪੁਲਸ ਨੂੰ ਕਈ ਹਵਾਈ ਫਾਇਰ ਵੀ ਕਰਨੇ ਪਏ। ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਬਾਘੀਆਂ ਖੁਰਦ ਵਿਖੇ ਪਿਛਲੇ ਕਾਫੀ ਸਮੇਂ ਤੋਂ ਰੇਤ ਮਾਫੀਆ ਦੇ ਲੋਕਾਂ ਵਲੋਂ ਸਰੇਆਮ ਨਾਜਾਇਜ ਮਾਈਨਿੰਗ ਦਾ ਗੋਰਖਧੰਦਾ ਕੀਤਾ ਜਾ ਰਿਹਾ ਸੀ। ਇਸ ਸਬੰਧੀ ਸਬੰਧੀ ਕਈ ਵਾਰ ‘ਜਗ ਬਾਣੀ’ ‘ਚ ਖਬਰਾਂ ਵੀ ਪ੍ਰਕਸ?ਤ ਹੋਈਆਂ ਅਤੇ ਬੀਤੇ ਦਿਨ ਵੱਖ-ਵੱਖ ਕਿਸਾਨ ਜੱਥੇਬੰਦੀਆਂ ਇਸ ਨੂੰ ਬੰਦ ਕਰਵਾਉਣ ਲਈ ਥਾਣਾ ਸਿੱਧਵਾਂ ਬੇਟ ਮੂਹਰੇ ਪੱਕੇ ਤੌਰ ‘ਤੇ ਧਰਨਾ ਦੇਣ ਦੀ ਚਿਤਾਵਨੀ ਵੀ ਦੇ ਚੁੱਕੀਆਂ ਹਨ। ਇਸ ਤੋਂ ਬਾਅਦ ਹਰਕਤ ‘ਚ ਆਈ ਪੁਲਸ ਨੇ ਬੀਤੀ ਰਾਤ ਜਦ ਉਕਤ ਖੱਡ ਤੇ ਪੁਲਸ ਚੌਂਕੀ ਗਿੱਦੜਵਿੰਡੀ ਦੇ ਇੰਚਾਰਜ ਰਾਜਵਰਿੰਦਰਪਾਲ ਸਿੰਘ ਦੀ ਅਗਵਾਈ ਹੇਠ ਛਾਪੇਮਾਰੀ ਕੀਤੀ ਤਾਂ ਰੇਤ ਮਾਫੀਆ ਦੇ ਲੋਕਾਂ ਵਲੋਂ ਪੁਲਸ ਪਾਰਟੀ ‘ਤੇ ਹਮਲਾ ਕਰ ਦਿੱਤਾ



ਗਿਆ ਅਤੇ ਆਪਣੇ ਰੇਤ ਨਾਲ ਭਰੇ ਹੋਏ ਤੇ ਖਾਲੀ ਵਾਹਨ ਭਜਾ ਕੇ ਲੈ ਗਏ। ਘਟਨਾ ਬਾਰੇ ਪਤਾ ਲੱਗਣ ‘ਤੇ ਥਾਣਾ ਮੁਖੀ ਜਸਬੀਰ ਸਿੰਘ ਤੂਰ ਅਤੇ ਡੀ. ਐੱਸ. ਪੀ. ਜਸਯਜੋਤ ਸਿੰਘ ਵੀ ਮੌਕੇ ‘ਤੇ ਪਹੁੰਚੇ। ਸੂਤਰਾਂ ਅਨੁਸਾਰ 4 ਮੋਟਰਸਾਈਕਲਾਂ ਤੋਂ ਇਲਾਵਾ ਪੁਲਸ ਨੇ ਕਈ ਵਿਅਕਤੀਆਂ ਨੂੰ ਹਿਰਸਾਤ ‘ਚ ਲਿਆ ਹੈ ਜਿਨ੍ਹਾਂ ਤੋਂ ਗੰਭੀਰਤਾ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ। ਪੁਲਸ ਨੇ ਹਵਾਈ ਫਾਇਰ ਕੀਤੇ ਜਾਣ ਦੀ ਪੁਸਟੀ ਨਹੀਂ ਕੀਤੀ। ਥਾਣਾ ਮੁਖੀ ਨੇ ਸਿਰਫ ਇਨ੍ਹਾਂ ਹੀ ਕਿਹਾ ਹੈ ਕਿ ਰੇਤ ਮਾਫੀਆ ਦੇ ਲੋਕਾਂ ਨੂੰ ਡਰਾਉਣ ਲਈ ਪੁਲਸ ਵਲੋਂ ਖੜਕਾ ਕੀਤਾ ਗਿਆ ਸੀ। ਸਿੱਧਵਾਂ ਬੇਟ ਦੇ ਮੁਖੀ ਇੰਸਪੈਕਟਰ ਜਸਵੀਰ ਸਿੰਘ ਤੂਰ ਨੇ ਦੱਸਿਆ ਕਿ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਰਾਤ ਸਮੇਂ ਇੱਥੇ ਨਾਜਾਇਜ ਮਾਈਨਿੰਗ ਹੋ ਰਹੀ ਹੈ, ਜਿਸ ‘ਤੇ ਪੁਲਸ ਨੇ ਛਾਪੇਮਾਰੀ ਕੀਤੀ ਤਾਂ ਰੇਤ ਮਾਫੀਆ ਦੇ ਲੋਕਾਂ ਨੇ ਪੁਲਸ ਪਾਰਟੀ ਦੀ ਘੇਰਾਬੰਦੀ ਕਰਕੇ ਹੱਥੋਪਾਈ ਕੀਤੀ ਅਤੇ ਮਾਰ ਦੇਣ ਦੀ ਨੀਅਤ ਨਾਲ ਸੋਟੀਆਂ, ਡੰਡੇ, ਬੈਲਚੇ ਤੇ ਬੀਅਰ ਦੀਆਂ ਬੋਤਲਾਂ ਨਾਲ ਹਮਲਾ ਕਰ ਦਿੱਤਾ। ਇਸ ਸਬੰਧ ਵਿਚ ਪੁਲਸ ਨੇ ਥਾਣਾ ਸਿੱਧਵਾਂ ਬੇਟ ਵਿਖੇ ਦਰਸਨ ਸਿੰਘ, ਜਸਪਾਲ ਸਿੰਘ ਜੱਸਾ, ਰੌਬਿਨ, ਬਿੰਦਰ ਸਿੰਘ, ਬੱਲ, ਕਾਲੂ, ਬੱਗੀ, ਰਾਜੂ ਸਮੇਤ 25-30 ਅਣਪਛਾਤੇ ਵਿਅਕਤੀਆਂ ਖ?ਲਾਫ ਪੁਲਸ ਉੱਪਰ ਮਾਰ ਦੇਣ ਦੀ ਨੀਅਤ ਨਾਲ ਹਮਲਾ ਕਰਨ, ਸਰਕਾਰੀ ਡਿਊਟੀ ‘ਚ ਵਿਘਨ ਪਾਉਣ ਅਤੇ ਰੇਤੇ ਦੀ ਚੋਰੀ ਕਰਨ ਸਮੇਤ ਕਈ ਧਰਾਵਾਂ ਅਧੀਨ ਮੁੱਕਦਮਾ ਦਰਜ ਕਰਕੇ ਦੋਸੀਆਂ ਦੀ ਭਾਲ ਸੁਰੂ ਕਰ ਦਿੱਤੀ ਹੈ।

## ਚੋਰਾਂ ਦੀ ਦਿਨ-ਦਿਹਾੜੇ ਵੱਡੀ ਵਾਰਦਾਤ, ਘਰ ਦੀ ਕੰਧ ਟੱਪ ਕੇ 52 ਹਜਾਰ ਨਕਦੀ ਤੇ 4 ਤੋਲੇ ਸੋਨਾ ਚੋਰੀ

ਬਟਾਲਾ/ਅੱਚਲ ਸਾਹਿਬ 7 ਦਸੰਬਰ। ਥਾਣਾ ਰੰਗੜ ਨੰਗਲ ਅਧੀਨ ਪੈਂਦੇ ਪਿੰਡ ਫੁਲਕਿਆਂ ਵਿਖੇ ਅੱਜ ਚੋਰਾਂ ਵੱਲੋਂ ਦਿਨ ਦਿਹਾੜੇ ਘਰ ਦੀ ਕੰਧ ਟੱਪ ਕੇ ਘਰ ਵਿਚੋਂ 52 ਹਜਾਰ ਦੀ ਨਕਦੀ ਅਤੇ ਚਾਰ ਤੋਲੇ ਸੋਨਾ ਚੋਰੀ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ। ਜਾਣਕਾਰੀ ਦਿੰਦੇ ਘਰ ਦੀ ਮਾਲਕਣ ਬਲਜੀਤ ਕੌਰ ਪਤਨੀ ਹਰਜੀਤ ਸਿੰਘ ਨੇ ਦੱਸਿਆ ਕਿ ਮੇਰਾ ਪਤੀ ਵਿਦੇਸ ਵਿਚ ਰਹਿੰਦਾ ਹੈ ਅਤੇ ਅੱਜ ਮੈਂ ਆਪਣੀ ਧੀ ਦੀ ਦਵਾਈ ਲੈਣ ਲਈ ਕਰੀਬ 11 ਵਜੇ ਘਰ ਤੋਂ ਨਿਕਲੀ ਅਤੇ ਜਦ ਮੈਂ 12:30 ਵਜੇ ਘਰ ਆ ਕੇ ਦੇਖਿਆ ਤਾਂ ਚੋਰ ਲੌਬੀ ਦਾ ਦਰਵਾਜਾ ਤੋੜ ਕੇ ਘਰ ਅੰਦਰ ਦਾਖਲ ਹੋ ਕੇ 52 ਹਜਾਰ ਨਕਦੀ, ਦੋ ਤੋਲੇ ਦੇ ਟਾਪਸ, 8 ਗ੍ਰਾਮ ਦੀ ਛਾਪ, ਚਾਰ ਗ੍ਰਾਮ ਦੀਆਂ ਵਾਲੀਆਂ, ਛੇ ਗ੍ਰਾਮ ਦੇ ਏਅਰਿੰਗ, ਲੋਕਟ ਅਤੇ ਦੋ ਟੱਚ ਘੜੀਆਂ



ਚੋਰੀ ਕਰ ਕੇ ਲੈ ਗਏ। ਉਨ੍ਹਾਂ ਕਿਹਾ ਕਿ ਇਸ ਦੀ ਸੂਚਨਾ ਠਾਣਾ ਰੰਘੜ ਨੰਗਲ ਦੀ ਪੁਲਸ ਨੂੰ ਦੇ ਦਿੱਤੀ ਹੈ। ਜਦ ਇਸ ਸਬੰਧੀ ਏ.ਐੱਸ.ਆਈ. ਬਲਦੇਵ ਰਾਜ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਮੌਕਾ ਦੇਖ ਲਿਆ ਹੈ ਅਤੇ ਅਗਲੀ ਕਾਰਵਾਈ ਆਰੰਭ ਦਿੱਤੀ ਹੈ। ਜਲਦੀ ਹੀ ਚੋਰਾਂ ਨੂੰ ਫੜ ਕੇ ਸਲਾਖਾਂ ਪਿੱਛੇ ਕੀਤਾ ਜਾਵੇਗਾ। ਇਸ ਮੌਕੇ ਸਰਪੰਚ ਤਰਸੇਮ ਸਿੰਘ, ਕੁਲਵੰਤ ਸਿੰਘ ਬੱਲ, ਡਾਕਟਰ ਬੱਲਾ ਫੁੱਲਕੇ, ਮਨਜੀਤ ਸਿੰਘ ਆਦਿ ਹਾਜਰ ਸਨ। ਦੱਸਣਯੋਗ ਹੈ ਕਿ ਕੁਝ ਦਿਨ ਪਹਿਲਾਂ ਮਹਿਜ ਥਾਣੇ ਤੋਂ 500 ਮੀਟਰ ਦੀ ਦੂਰੀ ’ਤੇ ਕਰਿਆਨੇ ਦੀ ਦੁਕਾਨ ਤੋਂ ਚੌਥੀ ਵਾਰ ਚੋਰੀ ਹੋਈ ਸੀ, ਜਿਸ ਵਿਚ ਪੁਲਸ ਨੂੰ ਅਜੇ ਤੱਕ ਕੋਈ ਵੀ ਸਫਲਤਾ ਹਾਸਲ ਨਹੀਂ ਹੋਈ।

## ਮੁਸਲਿਮ ਨਾਈ ਹੁਣ ਹਿੰਦੂਆਂ ਦੇ ਵਾਲ ਕੱਟਣ ਤੋਂ ਕਰਨ ਲੱਗੇ ਇਨਕਾਰ

ਗੁਰਦਾਸਪੁਰ/ਇਸਲਾਮਾਬਾਦ 7 ਦਸੰਬਰ। ਉੱਤਰ ਪ੍ਰਦੇਸ ਦੇ ਕਾਂਵੜ ਮਾਰਗ ’ਤੇ ਦੁਕਾਨਦਾਰਾਂ ਦੇ ਨਾਂ ਲਿਖਣ ਦਾ ਮਾਮਲਾ ਇਸ ਸਮੇਂ ਕਾਫੀ ਗਰਮਾਇਆ ਹੋਇਆ ਹੈ। ਵਿਰੋਧੀ ਧਿਰ ਦੇ ਆਗੂਆਂ ਨੇ ਇਸ ਨੂੰ ਘੱਟ ਗਿਣਤੀ ਭਾਈਚਾਰੇ ਵਿਰੁੱਧ ਨਫਰਤ ਫੈਲਾਉਣ ਵਾਲਾ ਦੱਸਿਆ ਹੈ। ਇਸ ਨੂੰ ਖਾਸ ਤੌਰ ’ਤੇ ਮੁਸਲਮਾਨਾਂ ਨਾਲ ਜੋੜ ਕੇ ਦੇਖਿਆ ਜਾ ਰਿਹਾ ਹੈ ਪਰ ਇਸੇ ਦੌਰਾਨ ਪਾਕਿਸਤਾਨ ਤੋਂ ਇਕ ਖਬਰ ਆਈ ਹੈ, ਜਿਥੇ ਹਿੰਦੂਆਂ ਨੂੰ ਇਕ ਵੱਖਰੇ ਨਜਰੀਏ ਨਾਲ ਦੇਖਿਆ ਜਾ ਰਿਹਾ ਹੈ। ਸਰਹੱਦ ਪਾਰ ਸੂਤਰਾਂ ਅਨੁਸਾਰ ਪਾਕਿਸਤਾਨ ਵਿਚ ਹਿੰਦੂਆਂ ਦੇ ਵਾਲ ਮੁਸਲਮਾਨ ਨਾਈ ਵੱਲੋਂ ਨਹੀਂ ਕੱਟੇ ਜਾਂਦੇ, ਇਹ ਸਿਰਫ ਹਿੰਦੂ ਨਾਈ ਹੀ ਜਾਣਦੇ ਹਨ। ਇਸ ਦਾ



ਇਕ ਵੀਡੀਓ ਵੀ ਵਾਇਰਲ ਹੋ ਰਿਹਾ ਹੈ। ਸੂਤਰਾਂ ਮੁਤਾਬਕ ਪ੍ਰੀਤਮ ਦਾਸ ਪਾਕਿਸਤਾਨ ਤੋਂ ਯੂਟਿਊਬਰ ਹੈ। ਉਸ ਨੇ ਬਲਾਗਰ ਦਾਸ ਨਾਂ ਦੇ ਚੈਨਲ ’ਤੇ ਪਾਕਿਸਤਾਨ ’ਚ ਹਿੰਦੂਆਂ ਦੀ ਹਾਲਤ ਬਿਆਨ ਕੀਤੀ ਹੈ। ਵੀਡੀਓ ’ਚ ਉਹ ਦੱਸਦਾ ਹੈ ਕਿ ਜਦੋਂ ਉਹ ਨਾਈ ਦੀ ਦੁਕਾਨ ’ਤੇ ਗਿਆ ਅਤੇ ਆਪਣੀ ਪਛਾਣ ਹਿੰਦੂ ਵਜੋਂ ਦੱਸੀ ਤਾਂ ਉਸ ਦੇ ਵਾਲ ਕੱਟਣ ਤੋਂ ਇਨਕਾਰ ਕਰ ਦਿੱਤਾ ਗਿਆ। ਇਕ ਨਾਈ ਨੇ ਤਾਂ ਇਥੋਂ ਤੱਕ ਕਹਿ ਦਿੱਤਾ ਕਿ ਜੇ ਉਹ ਵਾਲ ਕੱਟੇ ਤਾਂ ਉਸ ਨੂੰ ਆਪਣਾ ਸਾਮਾਨ ਸੁੱਟ ਦੇਣਾ ਪਵੇਗਾ। ਪ੍ਰੀਤਮ ਦਾਸ ਨੇ ਵੀਡੀਓ ’ਚ ਦਾਅਵਾ ਕੀਤਾ ਕਿ ਉਹ ਸਭ ਤੋਂ ਪਹਿਲਾਂ ਪੰਜਾਬ ਸੂਬੇ ਦੇ ਸਾਦਿਕਾਬਾਦ ਇਲਾਕੇ ’ਚ ਕੁਝ ਮੁਸਲਿਮ ਨਾਈਆਂ ਦੀਆਂ ਦੁਕਾਨਾਂ ’ਤੇ ਗਿਆ ਸੀ। ਉਥੇ ਜਦੋਂ ਉਸ ਨੇ ਆਪਣੀ ਪਛਾਣ ਹਿੰਦੂ ਦੱਸ ਕੇ ਆਪਣੇ ਵਾਲ ਕੱਟਣ ਦੀ ਕੋਸ?ਿਸ ਕੀਤੀ ਤਾਂ ਉਨ੍ਹਾਂ ਨੇ ਸਿੱਧਾ ਇਨਕਾਰ ਕਰ ਦਿੱਤਾ।

## 2 ਨਾਬਾਲਗ ਕੁੜੀਆਂ ਨੂੰ ਘੇਰ ਕੇ ਛੇੜਛਾੜ ਕਰਨ ’ਤੇ 2 ਨੌਜਵਾਨਾਂ ਵਿਰੁੱਧ ਮਾਮਲਾ ਦਰਜ

ਨੂਰਪੁਰਬੇਦੀ 29 ਜੁਲਾਈ। ਸਕੂਲ ਜਾਣ ਵਾਲੀਆਂ 2 ਨਾਬਾਲਗ ਕੁੜੀਆਂ ਦਾ ਪਿੱਛਾ ਕਰਨ ਅਤੇ ਉਨ੍ਹਾਂ ਨੂੰ ਘੇਰ ਕੇ ਛੇੜਛਾੜ ਕਰਨ ਵਾਲੇ 2 ਨੌਜਵਾਨਾਂ ਖ?ਲਾਫ ਸਥਾਨਕ ਪੁਲਸ ਨੇ ਪੋਕਸੋ ਐਕਟ ਸਮੇਤ ਹੋਰਨਾਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੇ ਪੀੜਤ ਕੁੜੀਆਂ ਵੱਲੋਂ ਉਕਤ ਘਟਨਾ ਦੀ ਹੈੱਲਪਲਾਈਨ ਨੰਬਰ 100 ’ਤੇ ਫੋਨ ਕਰਕੇ ਕੀਤੀ ਗਈ ਸ਼ਿਕਾਇਤ ਤੋਂ ਬਾਅਦ ਕਾਰਵਾਈ ਅਮਲ ’ਚ ਲਿਆਂਦੀ ਹੈ। ਇਸ ਸਬੰਧ ’ਚ ਪੀੜਤ ਕੁੜੀਆਂ ’ਚੋਂ 17 ਸਾਲਾ ਇਕ ਕੁੜੀ ਨੇ ਪੁਲਸ ਕੋਲ ਦਰਜ ਕਰਵਾਏ ਬਿਆਨਾਂ ’ਚ ਦੱਸਿਆ ਕਿ ਉਹ 10 ਸਾਲਾਂ ਤੋਂ ਆਪਣੀ ਭੂਆ ਕੋਲ ਰਹਿੰਦੀ ਹੈ ਅਤੇ ਇਕ ਸਰਕਾਰੀ ਸਕੂਲ ’ਚ 12ਵੀਂ ਦੀ ਪੜ੍ਹਾਈ ਕਰਦੀ ਹੈ। ਉਸ ਨੇ ਦੱਸਿਆ ਕਿ ਉਹ ਅਤੇ ਉਸ ਦੀ ਇਕ ਸਹੇਲੀ ਇਕੱਠੇ ਹੀ ਪੈਦਲ ਸਕੂਲ ਨੂੰ ਜਾਂਦੀਆਂ ਹਨ। ਇਸ ਦੌਰਾਨ ਜਦੋਂ ਉਹ ਸਕੂਲ ਤੋਂ ਘਰ ਵਾਪਸ ਜਾਂਦੀਆਂ ਸਨ ਤਾਂ ਕਰੀਬ ਇਕ ਹਫਤੇ ਤੋਂ 2 ਮੋਟਰਸਾਈਕਲ ਸਵਾਰ ਲਡਕੇ ਉਨ੍ਹਾਂ ਦਾ ਪਿੱਛਾ ਕਰਦੇ ਸਨ ਪਰ 22 ਜੁਲਾਈ ਨੂੰ ਜਦੋਂ ਉਹ



ਅਤੇ ਉਸ ਦੀ ਸਹੇਲੀ ਸਕੂਲ ਤੋਂ ਵਾਪਸ ਘਰ ਨੂੰ ਜਾ ਰਹੀਆਂ ਸਨ ਤਾਂ ਉਕਤ ਦੋਨੋਂ ਵਿਅਕਤੀਆਂ ਨੇ ਸਾਡੇ ਅੱਗੇ ਲਿਆ ਕੇ ਮੋਟਰਸਾਈਕਲ ਖੜ੍ਹਾ ਕਰ ਦਿੱਤਾ ਅਤੇ ਉਨ੍ਹਾਂ ਤੋਂ ਮੋਬਾਈਲ ਨੰਬਰ ਮੰਗਣ ਲੱਗ ਪਏ। ਇਸ ਦੌਰਾਨ ਅਚਾਨਕ ਉਸ ਦੇ ਫੁੱਫੜ ਜੀ ਉਥੇ ਪਹੁੰਚ ਗਏ ਜਿਨ੍ਹਾਂ ਨੂੰ ਵੇਖ ਕੇ ਉਕਤ ਦੋਵੇਂ ਮੋਟਰਸਾਈਕਲ ਸਵਾਰ ਵਿਅਕਤੀ ਉਥੋਂ ਫਰਾਰ ਹੋ ਗਏ। ਇਸ ਘਟਨਾ ਤੋਂ ਬਾਅਦ ਉਕਤ ਕੁੜੀ ਨੇ ਹੈੱਲਪਲਾਈਨ ਨੰਬਰ 100 ’ਤੇ ਫੋਨ ਕਰ ਕੇ ਸ਼ਿਕਾਇਤ ਕੀਤੀ ਜਿਸ ਤੋਂ ਬਾਅਦ ਘਰ ਪਹੁੰਚੀ ਮਹਿਲਾ ਪੁਲਸ ਨੇ ਨਾਬਾਲਗ ਕੁੜੀ ਦੇ ਬਿਆਨ ਦਰਜ ਕੀਤੇ। ਇਸ ਸਬੰਧ ’ਚ ਐੱਸ. ਐੱਚ. ਓ. ਨੂਰਪੁਰਬੇਦੀ ਹਰਸ਼ ਮੋਹਨ ਗੌਤਮ ਨੇ ਦੱਸਿਆ ਕਿ ਉਕਤ ਨਾਬਾਲਗਾ ਦੀ ਸ਼ਿਕਾਇਤ ’ਤੇ ਦੋਵੇਂ ਮੋਟਰਸਾਈਕਲ ਸਵਾਰ ਨੌਜਵਾਨਾਂ ਜੋ ਖੇਤਰ ਦੇ 2 ਵੱਖ-ਵੱਖ ਪਿੰਡਾਂ ਨਾਲ ਸਬੰਧਤ ਹਨ, ਦੇ ਖ?ਲਾਫ ਕੁੜੀਆਂ ਦਾ ਪਿੱਛਾ ਕਰਨ ਅਤੇ ਘੇਰ ਕੇ ਛੇੜਛਾੜ ਕਰਨ ਦੇ ਦੋਸ਼ ਹੇਠ ਧਾਰਾ 75 (3), 78 (2), 79 ਬੀ. ਐੱਨ. ਐੱਸ. ਅਤੇ 8 ਪੋਕਸੋ ਐਕਟ ਤਹਿਤ ਮਾਮਲਾ ਦਰਜ ਕਰਕੇ ਉਨ੍ਹਾਂ ਦੀ ਭਾਲ ਆਰੰਭ ਕਰ ਦਿੱਤੀ ਗਈ ਹੈ।

## ਪ੍ਰਵਾਸੀ ਮਜ਼ਦੂਰ ਵੱਲੋ ਤੇਜਧਾਰ ਹਥਿਆਰਾਂ ਨਾਲ ਕਿਸਾਨ ਦਾ ਕਤਲ

ਰਾਏਕੋਟ 7 ਦਸੰਬਰ। ਬੀਤੀ ਰਾਤ ਕਰੀਬੀ ਪਿੰਡ ਬਸਰਾਵਾਂ ਵਿਖੇ ਇਕ ਕਿਸਾਨ ਅਤੇ ਉਸਦੇ ਸੀਰੀ ਪ੍ਰਵਾਸੀ ਮਜਦੂਰ ਵੱਲੋਂ ਇਕ ਕਿਸਾਨ ਨੂੰ ਤੇਜਧਾਰ ਹਥਿਆਰਾਂ ਨਾਲ ਕਤਲ ਕਰ ਦਿੱਤੇ ਜਾਣ ਦੀ ਖਬਰ ਹੈ। ਮਿਲੀ ਜਾਣਕਾਰੀ ਅਨੁਸਾਰ ਮ੍ਰਿਤਕ ਕੰਵਲਜੀਤ ਸਿੰਘ ਉਰਫ ਬਿੱਲੂ ਪੁੱਤਰ ਅਜੈਬ ਸਿੰਘ ਵਾਸੀ ਪਿੰਡ ਬਸਰਾਵਾਂ ਬੀਤੀ ਰਾਤ ਸਾਢੇ 8 ਵਜੇ ਦੇ ਕਰੀਬ ਆਪਣੇ ਖੇਤਾਂ ਨੇੜੇ ਸਥਿਤ ਇਕ ਮੋਟਰ ‘ਤੇ ਗਿਆ ਸੀ। ਜਿੱਥੇ ਉਸ ਨੂੰ ਹਰਜੀਤ ਸਿੰਘ ਸੇਖੋਂ ਵੱਲੋਂ ਆਪਣੇ ਸੀਰੀ ਵਿਕਾਸ ਯਾਦਵ ਨਾਲ ਮਿਲ ਕੇ ਤੇਜਧਾਰ



ਹਥਿਆਰਾਂ ਨਾਲ ਕਤਲ ਕਰ ਦਿੱਤਾ ਗਿਆ। ਪੁਲਸ ਨੂੰ ਲਿਖਵਾਏ ਆਪਣੇ ਬਿਆਨਾਂ ਵਿਚ ਮ੍ਰਿਤਕ ਦੇ ਲੜਕੇ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਹਰਜੀਤ ਸਿੰਘ ਸੇਖੋਂ ਸਾਡੀ ਜਮੀਨ ਖਰੀਦਣਾ ਚਾਹੁੰਦਾ ਸੀ ਪਰ ਮੇਰੇ ਪਿਤਾ ਨੇ ਇਹ ਜਮੀਨ ਕਿਸੇ ਹੋਰ ਨੂੰ ਵੇਚ ਦਿੱਤੀ ਸੀ ਜਿਸ ਕਰਕੇ ਉਹ ਸਾਡੇ ਨਾਲ ਰੰਜਿਸ ਰੱਖਦਾ ਸੀ। ਘਟਨਾ ਤੋਂ ਬਾਅਦ ਦੋਵੇਂ ਕਥਿਤ ਦੋਸੀ ਫਰਾਰ ਦੱਸੇ ਜਾ ਰਹੇ ਹਨ। ਥਾਣਾ ਸਦਰ ਦੇ ਇੰਚਾਰਜ ਨਰਿੰਦਰ ਸਿੰਘ ਨੇ ਦੱਸਿਆ ਕਿ ਇਸ ਸੰਬੰਧ ਵਿਚ ਰਾਏਕੋਟ ਥਾਣਾ ਸਦਰ ਪੁਲਸ ਵੱਲੋਂ ਮ੍ਰਿਤਕ ਕੰਵਲਜੀਤ ਸਿੰਘ ਦੇ ਬੇਟੇ ਜਸਪ੍ਰੀਤ ਸਿੰਘ ਦੇ ਬਿਆਨਾਂ ‘ਤੇ ਧਾਰਾ 103 (1), 3 (5) ਤਹਿਤ ਹਰਜੀਤ ਸਿੰਘ ਸੇਖੋਂ ਪੁੱਤਰ ਸੁਰਜੀਤ ਸਿੰਘ ਵਾਸੀ ਫੱਲੇਵਾਲ ਅਤੇ ਵਿਕਾਸ ਲਾਲ ਯਾਦਵ ਪੁੱਤਰ ਜੀਨਸ ਲਾਲ ਵਾਸੀ ਮੁਜੱਫਰਨਗਰ (ਬਿਹਾਰ) ‘ਤੇ ਮੁਕੱਦਮਾ ਦਰਜ ਕਰ ਲਿਆ ਹੈ।

## ਪੰਜਾਬ ਪੁਲਸ ਦੀ ਵੱਡੀ ਸਫਲਤਾ, ਕਰੋੜਾਂ ਦੀ ਡਰੱਗ ਮਨੀ ਸਣੇ ਵਿਦੇਸ਼ੀ ਨਸਾ ਤਸਕਰਾਂ ਦੇ 2 ਸੰਚਾਲਕ ਗ੍ਰਿਫਤਾਰ

ਅੰਮ੍ਰਿਤਸਰ 7 ਦਸੰਬਰ। ਪੰਜਾਬ ਪੁਲਸ ਨੇ ਅੰਤਰਰਾਸਟਰੀ ਡਰੱਗ ਨੈੱਟਵਰਕ ਦਾ ਪਰਦਾਫਾਸ ਕਰਨ ‘ਚ ਵੱਡੀ ਸਫਲਤਾ ਹਾਸਿਲ ਕੀਤੀ ਹੈ। ਪੁਲਸ ਨੇ ਇੱਕ ਖੁਫੀਆ-ਅਧਾਰਤ ਕਾਰਵਾਈ ਵਿੱਚ 1 ਕਰੋੜ ਰੁਪਏ ਤੋਂ ਵੱਧ ਦੀ ਡਰੱਗ ਮਨੀ ਜਬਤ ਕੀਤੀ ਗਈ ਹੈ। ਇਸ ਦੇ ਨਾਲ ਹੀ ਵਿਦੇਸ਼ੀ ਡਰੱਗ ਸਮੱਗਲਰਾਂ ਦੇ 2 ਸੰਚਾਲਕਾਂ ਨੂੰ ਵੀ ਗ੍ਰਿਫਤਾਰ ਕੀਤਾ ਹੈ। ਇਸ ਦੀ ਜਾਣਕਾਰੀ ਡੀਜੀਪੀ ਪੰਜਾਬ ਵੱਲੋਂ ਸਾਂਝੀ ਕੀਤੀ ਗਈ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਪੁਲਸ ਨੇ ਅੰਤਰਰਾਸਟਰੀ ਡਰੱਗ ਨੈਟਵਰਕ ਦਾ ਪਰਦਾਫਾਸ ਕਰਦਿਆਂ ਵਿਦੇਸੀ ਅਧਾਰਤ ਚੋਟੀ ਦੇ ਡਰੱਗ ਸਮੱਗਲਰਾਂ ਗੁਰਜੰਟ ਸਿੰਘ ਭੋਲੂ ਅਤੇ ਕਿੰਦਰਬੀਰ ਸਿੰਘ ਦੇ 2 ਸੰਚਾਲਕਾਂ ਨੂੰ ਗ੍ਰਿਫਤਾਰ ਕੀਤਾ ਹੈ। ਉਨ੍ਹਾਂ ਦੱਸਿਆ ਸਟੇਟ ਸਪੈਸਲ ਆਪ੍ਰੇਸਨ ਸੈੱਲ (), ਅੰਮ੍ਰਿਤਸਰ ਨੇ ਇੱਕ ਸੰਗਠਿਤ ਅਪਰਾਧ ਸਿੰਡੀਕੇਟ ਚਲਾਉਣ ਦੇ ਦੋਸ ਵਿੱਚ ਵਿਦੇਸੀ ਹੈਂਡਲਰਾਂ ਅਤੇ 2 ਆਪਰੇਟਿਵਾਂ ਵਿਰੁੱਧ ਐੱਫ. ਆਈ. ਆਰ. ਦਰਜ ਕੀਤੀ ਹੈ। ਇਸ ਦੌਰਾਨ ਮੁਲਜਮਾਂ ਕੋਲੋ 1.07 ਕਰੋੜ ਡਰੱਗ ਮਨੀ, 1 ਪੈਸੇ ਦੀ ਗਿਣਤੀ ਕਰਨ ਵਾਲੀ ਮਸੀਨ, 1 ਕਾਰ, ਅਤੇ 2 ਮੋਬਾਈਲ ਫੋਨ ਬਰਾਮਦ ਕੀਤੇ ਗਏ ਹਨ।

## ਹੈਰੋਇਨ, ਨਸ਼ੇ ਵਾਲੀਆਂ ਗੋਲੀਆਂ ਅਤੇ ਦੇਸੀ ਪਿਸਤੌਲ ਸਮੇਤ 2 ਕਾਬੂ, 3 ਫਰਾਰ

ਮੋਗਾ 7 ਦਸੰਬਰ। ਮੋਗਾ ਪੁਲਸ ਵੱਲੋਂ ਨਸ਼ੇ ਵਾਲੇ ਪਦਾਰਥਾਂ ਅਤੇ ਮਾੜੇ ਅਨਸਰਾਂ ਖ਼ਿਲਾਫ ਚਲਾਈ ਜਾ ਰਹੀ ਮੁਹਿੰਮ ਤਹਿਤ ਸੀ. ਆਈ.



ਏ. ਸਟਾਫ ਮੋਗਾ ਨੇ ਹੈਰੋਇਨ, ਨਸ਼ੇ ਵਾਲੀਆਂ ਗੋਲੀਆਂ ਅਤੇ 30 ਬੋਰ ਦੇ ਦੇਸੀ ਪਿਸਤੌਲ ਅਤੇ ਕਾਰਤੂਸਾਂ ਸਮੇਤ ਦੋ ਵਿਅਕਤੀਆਂ ਨੂੰ ਕਾਬੂ ਕੀਤਾ ਹੈ, ਜਦਕਿ ਉਨ੍ਹਾਂ ਦੇ 3 ਸਾਥੀ ਪੁਲਸ ਦੇ ਕਾਬੂ ਨਹੀਂ ਆ ਸਕੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੀ. ਆਈ. ਏ. ਸਟਾਫ ਮੋਗਾ ਦੇ ਇੰਚਾਰਜ ਇੰਸਪੈਕਟਰ ਦਲਜੀਤ ਸਿੰਘ ਨੇ ਕਿਹਾ ਕਿ ਜਦੋਂ ਥਾਣੇਦਾਰ ਸਤਨਾਮ ਸਿੰਘ ਪੁਲਸ ਪਾਰਟੀ ਸਮੇਤ ਇਲਾਕੇ ਵਿਚ ਗਸ਼ਤ ਕਰਦੇ ਹੋਏ ਮਹਿਣਾ ਤੋਂ ਕੋਟ ਈਸੇ ਖਾਂ ਇਲਾਕੇ ਵਿਚ ਸ਼ੱਕੀ ਵਿਅਕਤੀਆਂ ਅਤੇ ਨਸ਼ਾ ਸਮੱਗਲਰਾਂ ਦੀ ਤਲਾਸ਼ ਕਰ ਰਹੇ ਸੀ ਤਾਂ ਉਨ੍ਹਾਂ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਕਥਿਤ ਮੁਲਜ਼ਮ ਯੁੱਧਵੀਰ ਸਿੰਘ ਉਰਫ ਯੋਧਾ ਨਿਵਾਸੀ ਪਿੰਡ ਗਲੋਟੀ, ਨਿਸ਼ਾਨ ਸਿੰਘ ਨਿਵਾਸੀ ਪਿੰਡ ਮੌਜਗੜ੍ਹ ਮੱਖੂ, ਇੰਦਰਜੀਤ ਸਿੰਘ ਉਰਫ ਇੰਦਰ ਮਸੀਤਾ ਰੋਡ ਕੋਟ ਈਸੇ ਖਾਂ, ਗੁਰਪ੍ਰੀਤ ਸਿੰਘ ਗੋਪੀ ਪਿੰਡ ਗਲੋਟੀ, ਪਰਮਿੰਦਰ ਸਿੰਘ ਉਰਫ ਪੱਟੂ ਨਿਵਾਸੀ ਪਿੰਡ ਬਘੇਲੇਵਾਲਾ ਨਸ਼ੀਲੇ ਪਦਾਰਥਾਂ ਦਾ ਧੰਦਾ ਕਰਦੇ ਹਨ। ਇਸ ’ਤੇ ਪੁਲਸ ਪਾਰਟੀ ਨੇ ਉਨ੍ਹਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਦੱਸੀ ਗਈ ਜਗ੍ਹਾ ’ਤੇ ਛਾਪੇਮਾਰੀ ਕੀਤੀ ਅਤੇ ਦੋ ਕਥਿਤ ਮੁਲਜ਼ਮਾ ਯੁੱਧਵੀਰ ਸਿੰਘ ਯੋਧਾ ਅਤੇ ਨਿਸ਼ਾਨ ਸਿੰਘ ਨੂੰ ਕਾਬੂ ਕਰ ਕੇ ਉਨ੍ਹਾਂ ਕੋਲੋਂ ਇਕ ਦੇਸੀ ਪਿਸਤੌਲ 30 ਬੋਰ ਅਤੇ 5 ਜਿੰਦਾ ਕਾਰਤੂਸਾਂ ਦੇ ਇਲਾਵਾ 20 ਗ੍ਰਾਮ ਹੈਰੋਇਨ ਅਤੇ 50 ਨਸ਼ੇ ਵਾਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ। ਕਥਿਤ ਮੁਲਜਮਾਂ ਖ਼ਿਲਾਫ਼ ਥਾਣਾ ਕੋਟ ਈਸੇ ਖਾਂ ਵਿਚ ਮਾਮਲਾ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਬਾਕੀ ਕਥਿਤ ਮੁਲਜ਼ਮਾਂ ਨੂੰ ਕਾਬੂ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਕਾਬੂ ਕੀਤੇ ਗਏ ਕਥਿਤ ਮੁਲਜ਼ਮਾਂ ਨੂੰ ਅੱਜ ਮਾਣਯੋਗ ਅਦਾਲਤ ਵਿਚ ਪੇਸ਼ ਕਰਕੇ ਇਕ ਦਿਨ ਦਾ ਪੁਲਸ ਰਿਮਾਂਡ ਹਾਸਲ ਕੀਤਾ ਗਿਆ। ਜਾਂਚ ਅਧਿਕਾਰੀ ਨੇ ਦੱਸਿਆ ਕਿ ਮੁਲਜ਼ਮਾਂ ਨੇ ਪੁੱਛ-ਗਿੱਛ ਦੌਰਾਨ ਦੱਸਿਆ ਕਿ ਕਥਿਤ ਮੁਲਜ਼ਮ ਪਰਮਿੰਦਰ ਸਿੰਘ ਪੱਟੂ ਇਹ ਵਿਦੇਸ਼ ਵਿਚ ਹੈ।

### ਨੌਜਵਾਨ ਨੇ ਜੌਗਰ ਪਾਰਕ ਦੀ ਝੀਲ ’ਚ ਛਾਲ ਮਾਰ ਕੇ ਕੀਤੀ ਖੁਦਕੁਸ਼ੀ

ਬਠਿੰਡਾ 7 ਦਸੰਬਰ। ਜੋਗਰ ਪਾਰਕ ਦੀ ਝੀਲ ਨੰਬਰ -2 ਵਿਚ ਛਾਲ ਲਗਾ ਕੇ ਇਕ ਵਿਅਕਤੀ ਨੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ। ਮ੍ਰਿਤਕ ਦੀ ਲਾਸ਼ ਨੂੰ ਸਹਾਰਾ ਲਾਈਫ਼ ਸੇਵਿੰਗ ਬ੍ਰਿਗੇਡ ਦੇ ਵਰਕਰ ਵਲੋਂ ਹਸਪਤਾਲ ਪਹੁੰਚਾਇਆ। ਜਾਣਕਾਰੀ ਅਨੁਸਾਰ ਸਹਾਰਾ ਨੂੰ ਸੂਚਨਾ ਮਿਲੀ ਸੀ ਕਿ ਇਕ ਨੌਜਵਾਨ ਨੇ ਜੌਗਰ ਪਾਰਕ ਦੀ ਝੀਲ ਵਿਚ ਛਾਲ ਲਗਾ ਦਿੱਤੀ। ਸੂਚਨਾ ਮਿਲਣ ’ਤੇ ਸੰਸਥਾ ਵਰਕਰ ਵਿੱਕੀ ਕੁਮਾਰ ਸੰਦੀਪ ਗੋਇਲ ਜੌਗਰ ਪਾਰਕ ਦੀ ਝੀਲ ਨੰਬਰ 1 ਵਿਖੇ ਪਹੁੰਚੇ ਅਤੇ ਬਚਾਅ ਕਾਰਜ ਸੁਰੂ ਕੀਤੇ ਗਏ। ਝੀਲ ਵਿਚ ਜ?ਿਆਦਾ ਦਲਦਲ ਹੋਣ ਕਾਰਨ ਪ੍ਰਸਾਸਨ ਵੱਲੋਂ ਐੱਨ. ਡੀ. ਆਰ. ਐੱਫ. ਦੀ ਟੀਮ ਨੂੰ ਬੁਲਾਇਆ ਗਿਆ, ਜਿਨ੍ਹਾਂ ਵੱਲੋਂ ਲਗਭਗ 3 ਘੰਟੇ ਬਾਅਦ ਮ੍ਰਿਤਕ ਦੀ ਲਾਸ਼ ਨੂੰ ਬਾਹਰ ਕੱਢਿਆ । ਮ੍ਰਿਤਕ ਦੀ ਪਛਾਣ ਸੰਦੀਪ ਵਾਸੀ ਜੀ. ਵੀ. ਨਗਰ ਵਜੋਂ ਹੋਈ। ਥਾਣਾ ਥਰਮਲ ਪੁਲਸ ਕਾਰਵਾਈ ਤੋਂ ਬਾਅਦ ਸੰਸਥਾ ਵੱਲੋਂ ਮ੍ਰਿਤਕ ਦੀ ਲਾਸ਼ ਨੂੰ ਪੋਸਟਮਾਰਟਮ ਲਈ ਹਸਪਤਾਲ ਪਹੁੰਚਾਇਆ।

## ਪਲਾਸਟਿਕ ਦੇ ਲਿਫਾਫੇ ਵਰਤਣ ਵਾਲੇ ਦੁਕਾਨਦਾਰਾਂ ਖਿਲਾਫ ਕੀਤੀ ਗਈ ਕਾਰਵਾਈ

ਗੁਰਦਾਸਪੁਰ 7 ਦਸੰਬਰ। ਨਗਰ ਕੌਂਸਲ ਗੁਰਦਾਸਪੁਰ ਵੱਲੋਂ ਪਲਾਸਟਿਕ ਦੇ ਲਿਫਾਫੇ ਵਰਤਣ ਵਾਲੇ ਦੁਕਾਨਦਾਰਾਂ ਖ?ਲਾਫ਼ ਸ਼ੁਰੂ ਕੀਤੀ ਕਾਰਵਾਈ ਤਹਿਤ ਨਗਰ ਕੌਂਸਲ ਨੇ ਅੱਜ ਮੁੜ ਐਕਸ਼ਨ ਕੀਤਾ ਹੈ। ਇਸ ਤਹਿਤ ਅੱਜ ਇਕ ਕਾਲੋਨੀ ਵਿਚੋਂ 3 ਕੁਇੰਟਲ ਪਲਾਸਟਿਕ ਦੇ ਲਿਫਾਫੇ ਬਰਾਮਦ ਕੀਤੇ ਗਏ। ਜਾਣਕਾਰੀ ਦਿੰਦਿਆਂ ਨਗਰ ਕੌਂਸਲ ਦੇ ਸੁਪਰੀਡੈਂਟ ਅਸ਼ੋਕ ਕੁਮਾਰ ਨੇ ਦੱਸਿਆ ਕਿ ਕੂੜੇ ਦਾ ਠੀਕ ਤਰ੍ਹਾਂ ਨਾਲ ਪ੍ਰਬੰਧਨ ਨਹੀਂ ਹੋ ਪਾ ਰਿਹਾ ਹੈ, ਜਿਸ ਦਾ ਕਾਰਨ ਪਲਾਸਟਿਕ ਦੇ ਲਿਫਾਫੇ ਹਨ। ਕੌਂਸਲ ਵੱਲੋਂ ਲਗਾਤਾਰ ਸ਼ਹਿਰ ਨਿਵਾਸੀਆਂ ਨੂੰ ਗਿੱਲਾ ਤੇ ਸੁੱਕਾ ਕੂੜਾ ਵੱਖ-ਵੱਖ ਡਸਟਬਿਨਾਂ ਵਿੱਚ ਰੱਖਣ ਦੀ ਅਪੀਲ ਕੀਤੀ ਜਾ ਰਹੀ ਹੈ ਪਰ ਲੋਕ ਗਿੱਲਾ ਕੂੜਾ ਵੀ ਲਿਫਾਫ?ਿਆਂ ਵਿੱਚ ਬੰਦ ਕਰਕੇ ਇੱਕੋ ਡਸਟਬਿਨ ਵਿੱਚ ਪਾ ਦਿੰਦੇ ਹਨ, ਜਿਸ ਕਾਰਨ ਕੂੜਾ ਪ੍ਰਬੰਧਨ ਵਿੱਚ ਮੁਸ਼ਕਲ ਪੇਸ਼ ਆਉਂਦੀ ਹੈ। ਇਸ ਦੇ ਨਾਲ ਹੀ ਲੋਕਾਂ ਵੱਲੋਂ ਇਸਤੇਮਾਲ ਕੀਤੇ ਜਾ



ਰਹੇ ਲਿਫਾਫੇ ਨਾਲਿਆਂ ਤੇ ਸੀਵਰੇਜ ਵਿੱਚ ਜਮ੍ਹਾਂ ਹੋ ਕੇ ਸੀਵਰੇਜ ਨੂੰ ਬਲਾਕ ਕਰਦੇ ਹਨ। ਇਸ ਲਈ ਨਗਰ ਕੌਂਸਲ ਵੱਲੋਂ ਪਲਾਸਟਿਕ ਦੇ ਲਿਫਾਫ?ਿਆਂ ਦੀ ਵਰਤੋਂ ਖਤਮ ਕਰਨ ਲਈ ਲਿਫਾਫੇ ਜਬਤ ਕਰਨ ਦੀ ਕਾਰਵਾਈ ਸ਼ੁਰੂ ਕੀਤੀ ਗਈ ਹੈ ਅਤੇ ਇਹ ਕਾਰਵਾਈ ਲਗਾਤਾਰ ਜਾਰੀ ਰਹੇਗੀ। ਉਨ੍ਹਾਂ ਕਿਹਾ ਕਿ ਬੀਤੇ ਕੱਲ੍ਹ ਸਬਜੀ ਮੰਡੀ ਵਿਚ 5 ਕੁਇੰਟਲ ਅਤੇ ਸ਼ਾਮ ਵੇਲੇ ਬਾਜਾਰ ਵਿਚੋਂ ਕਰੀਬ ਡੇਢ ਕੁਇੰਟਲ ਲਿਫਾਫੇ ਤੇ ਹੋਰ ਸਾਮਾਨ ਜਬਤ ਕੀਤਾ ਗਿਆ ਸੀ ਅਤੇ ਅੱਜ ਬਹਿਰਾਮਪੁਰ ਰੋਡ ‘ਤੇ ਐੱਚ. ਆਰ. ਕਾਲੋਨੀ ਵਿਚੋਂ 3 ਕੁਇੰਟਲ ਲਿਫਾਫੇ ਜਬਤ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਹ ਕਾਰਵਾਈ ਆਉਣ ਵਾਲੇ ਦਿਨਾਂ ਵਿਚ ਵੀ ਲਗਾਤਾਰ ਜਾਰੀ ਰਹੇਗੀ।

## ਲੁੱਟਾਂ-ਖੋਹਾਂ ਦੀਆਂ ਵਾਰਦਾਤਾਂ ਕਰਨ ਵਾਲੇ 3 ਮੁਲਜਮ ਗ੍ਰਿਫਤਾਰ

ਮੋਹਾਲੀ 7 ਦਸੰਬਰ। ਪੁਲਸ ਨੇ ਲੁੱਟਾਂ-ਖੋਹਾਂ ਕਰਨ ਵਾਲੇ ਤਿੰਨ ਮੁਲਜਮਾਂ ਨੂੰ ਗ੍ਰਿਫਤਾਰ ਕਰ ਲਿਆ ਹੈ। ਮੁਲਜਮਾਂ ਦੀ ਪਛਾਣ ਰਮਿੰਦਰ ਸਿੰਘ ਵਾਸੀ ਫੌਜੀ ਕਾਲੋਨੀ ਕਪੂਰਥਲਾ, ਲੱਕੀ ਉਰਫ ਕਾਲਾ ਵਾਸੀ ਅਵਾ ਬਸਤੀ ਫ?ਰੋਜਪੁਰ ਸਿਟੀ ਤੇ ਇੱਕਲਵਿਆ ਲਵ ਵਾਸੀ ਹਾਊਸਿੰਗ ਬੋਰਡ ਕਾਲੋਨੀ ਵਾਸੀ ਅਵਾ ਬਸਤੀ ਸਿਟੀ ਫ?ਿਰੋਜ਼ਪੁਰ ਵਜੋਂ ਹੋਈ ਹੈ। ਡੀ. ਐੱਸ.



ਪੀ. ਸਿਟੀ-2 ਹਰਸਿਮਰਨ ਸਿੰਘ ਬੱਲ ਨੇ ਦੱਸਿਆ ਕਿ ਮੁਲਜਮਾਂ ਨੂੰ ਥਾਣਾ ਆਈ. ਟੀ. ਸਿਟੀ ਦੇ ਮੁੱਖ ਅਫਸਰ ਇੰਸਪੈਕਟਰ ਸਿਮਰਜੀਤ ਸਿੰਘ ਦੀ ਨਿਗਰਾਨੀ ਹੇਠ ਕਾਬੂ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁਲਜਮਾਂ ਨੇ 12 ਮਈ ਨੂੰ ਡਿਜਾਇਰ ਕਾਰ ਦੇ ਡਰਾਈਵਰ ਲਵਪ੍ਰੀਤ ਸਿੰਘ ’ਤੇ ਹਮਲਾ ਕਰ ਕੇ ਲੁੱਟ-ਖੋਹ ਕੀਤੀ ਸੀ ਤੇ ਉਸ ਨੂੰ ਜ਼ਖਮੀ ਕਰ ਕੇ ਫਰਾਰ ਹੋ ਗਏ ਸਨ। ਉਨ੍ਹਾਂ ਦੱਸਿਆ ਕਿ ਪੁਲਸ ਨੇ ਬੀਤੀ 12 ਜੁਲਾਈ ਨੂੰ ਆਈ.ਟੀ. ਸਿਟੀ ’ਚ ਦੋ ਬਦਮਾਸ਼ਾਂ ਧਰਮਿੰਦਰ ਸਿੰਘ ਤੇ ਲੱਕੀ ਨੂੰ ਗ੍ਰਿਫਤਾਰ ਕੀਤਾ ਸੀ, ਜਿਨ੍ਹਾਂ ਨੇ ਪੁੱਛਗਿੱਛ ਦੌਰਾਨ ਦੱਸਿਆ ਕਿ ਵਾਰਦਾਤ ’ਚ ਇੱਕਲਵਿਆ ਲਵ ਵੀ ਸ਼ਾਮਲ ਸੀ। ਪੁਲਸ ਨੇ ਮੁਲਜਮ ਨੂੰ ਫ?ਿਰੋਜ਼ਪੁਰ ਤੋਂ ਕਾਬੂ ਕਰ ਲਿਆ।

## ਪਤੀ ਤੋਂ ਤੰਗ ਪ੍ਰੇਸ਼ਾਨ ਹੋ ਪਤਨੀ ਨੇ ਪੇਕੇ ਘਰ ‘ਚ ਚੁੱਕਿਆ ਖੌਫਨਾਕ ਕਦਮ

ਤਰਨਤਾਰਨ 7 ਦਸੰਬਰ। ਪਤੀ ਨਾਲ ਚੱਲ ਰਹੇ ਝਗੜੇ ਦੌਰਾਨ ਪੇਕੇ ਘਰ ਰਹਿੰਦੀ ਪਤਨੀ ਵੱਲੋਂ ਕੋਈ ਜ਼ਹਿਰੀਲੀ ਦਵਾਈ ਪੀ ਕੇ ਆਪਣੀ ਜੀਵਨ ਲੀਲਾ ਸਮਾਪਤ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਮਾਮਲੇ ਵਿਚ ਥਾਣਾ ਸਰਹਾਲੀ ਦੀ ਪੁਲਸ ਨੇ ਮ੍ਰਿਤਕ ਔਰਤ ਦੇ ਭਰਾ ਵੱਲੋਂ ਦਿੱਤੇ ਬਿਆਨਾਂ ਹੇਠ ਪਤੀ ਖ?ਲਾਫ ਮਾਮਲਾ ਦਰਜ ਕਰ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਅੰਗਰੇਜ਼ ਸਿੰਘ ਸ਼ੇਰ ਦਿਲ ਪੁੱਤਰ ਸਾਧਾ ਸਿੰਘ ਵਾਸੀ ਸਰਹਾਲੀ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਦੱਸਿਆ ਕਿ ਉਸਦੀ ਭੈਣ ਅਮਨਦੀਪ ਕੌਰ (45) ਦਾ ਦੂਸਰਾ ਵਿਆਹ 2 ਮਾਰਚ 2022 ਨੂੰ ਬਲਵਿੰਦਰ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਨਾਰੰਗ ਸਿੰਘ ਵਾਲਾ ਜ਼ਿਲ੍ਹਾ ਫਿਰੋਜ਼ਪੁਰ ਨਾਲ ਹੋਇਆ ਸੀ, ਜਿਸ ਤੋਂ ਬਾਅਦ ਉਸ ਨਾਲ ਪਤੀ ਵੱਲੋਂ ਕੁੱਟਮਾਰ ਕਰਨੀ ਸ਼ੁਰੂ ਕਰ ਦਿੱਤੀ ਗਈ ਅਤੇ ਤਾਨੇ ਮੇਹਣੇ ਦੇਣੇ ਸ਼ੁਰੂ ਕੀਤੇ ਗਏ। ਇਸ ਸਬੰਧੀ ਉਸ ਦੀ ਭੈਣ ਵੱਲੋਂ ਥਾਣਾ ਮੱਲਾਂਵਾਲਾ ਅਤੇ ਉੱਚ ਅਧਿਕਾਰੀਆਂ ਨੂੰ ਦਰਖਾਸਤਾਂ ਦਿੱਤੇ ਹੋਏ ਇਨਸਾਫ ਦੀ ਗੁਹਾਰ ਲਗਾਈ ਗਈ, ਜਿਸ ਸਬੰਧੀ ਪੁਲਸ ਵੱਲੋਂ ਵੱਖ-ਵੱਖ ਮਾਮਲਿਆਂ ਵਿਚ ਜਾਂਚ ਕੀਤੀ ਜਾ ਰਹੀ ਸੀ। ਕਰੀਬ ਤਿੰਨ ਮਹੀਨੇ ਪਹਿਲਾਂ ਉਸਦੀ ਭੈਣ ਦੇ ਪਤੀ ਬਲਵਿੰਦਰ ਸਿੰਘ ਅਤੇ ਉਸਦੀ ਨਨਾਣ ਸ਼ਿੰਦਰ ਕੌਰ ਪਤਨੀ ਗੁਰਮੀਤ ਸਿੰਘ, ਗੁਰਮੀਤ ਸਿੰਘ ਪੁੱਤਰ ਈਸ਼ਰ ਸਿੰਘ ਵਾਸੀਆਨ ਸ਼ਕੂਰ



ਜ਼ਿਲਾ ਫਿਰੋਜ਼ਪੁਰ, ਗਿੰਦੋ ਪਤਨੀ ਮਲੂਕ ਸਿੰਘ, ਮਲੂਕ ਸਿੰਘ ਪੁੱਤਰ ਮਲਕੀਤ ਸਿੰਘ ਵਾਸੀ ਪਿੰਡ ਦੁੱਲੇਵਾਲਾ ਜ਼ਿਲ੍ਹਾ ਫਿਰੋਜ਼ਪੁਰ ਲੜਾਈ ਝਗੜਾ ਕਰਕੇ ਉਸ ਦੀ ਭੈਣ ਨੂੰ ਗੁਰਮੀਤ ਸਿੰਘ ਉਸਦੇ ਘਰ ਸਰਹਾਲੀ ਛੱਡ ਗਿਆ ਅਤੇ ਨਾਲ ਕਹਿ ਕੇ ਗਿਆ ਕਿ ਬਲਵਿੰਦਰ ਸਿੰਘ ਨੇ ਕਿਹਾ ਹੈ ਕਿ ਮੈਂ ਇਸ ਨੂੰ ਆਪਣੇ ਘਰ ਨਹੀਂ ਵਸਾਉਣਾ। ਇਸ ਦੌਰਾਨ ਉਸ ਦੀ ਭੈਣ ਡਿਪਰੈਸ਼ਨ ਪੁੱਤਰ ਸਾਧਾ ਸਿੰਘ ਵਾਸੀ ਸਰਹਾਲੀ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਦੱਸਿਆ ਕਿ ਉਸਦੀ ਭੈਣ ਅਮਨਦੀਪ ਕੌਰ (45) ਦਾ ਦੂਸਰਾ ਵਿਆਹ 2 ਮਾਰਚ 2022 ਨੂੰ ਬਲਵਿੰਦਰ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਨਾਰੰਗ ਸਿੰਘ ਵਾਲਾ ਜ਼ਿਲ੍ਹਾ ਫਿਰੋਜ਼ਪੁਰ ਨਾਲ ਹੋਇਆ ਸੀ, ਜਿਸ ਤੋਂ ਬਾਅਦ ਉਸ ਨਾਲ ਪਤੀ ਵੱਲੋਂ ਕੁੱਟਮਾਰ ਕਰਨੀ ਸ਼ੁਰੂ ਕਰ ਦਿੱਤੀ ਗਈ ਅਤੇ ਤਾਨੇ ਮੇਹਣੇ ਦੇਣੇ ਸ਼ੁਰੂ ਕੀਤੇ ਗਏ। ਇਸ ਸਬੰਧੀ ਉਸ ਦੀ ਭੈਣ ਵੱਲੋਂ ਥਾਣਾ ਮੱਲਾਂਵਾਲਾ ਅਤੇ ਉੱਚ ਅਧਿਕਾਰੀਆਂ ਨੂੰ ਦਰਖਾਸਤਾਂ ਦਿੱਤੇ ਹੋਏ ਇਨਸਾਫ ਦੀ ਗੁਹਾਰ ਲਗਾਈ ਗਈ, ਜਿਸ ਸਬੰਧੀ ਪੁਲਸ ਵਿਚ ਰਹਿਣ ਲੱਗ ਪਈ। ਬੀਤੀ 23 ਜੁਲਾਈ ਨੂੰ ਉਸਦੀ ਭੈਣ ਅਮਨਦੀਪ ਕੌਰ ਵੱਲੋਂ ਕੋਈ ਜ਼ਹਿਰੀਲੀ ਦਵਾਈ ਪੀ ਲਈ ਗਈ, ਜਿਸ ਤੋਂ ਬਾਅਦ ਉਸਦੀ ਹਸਪਤਾਲ ਲਿਜਾਣ ਸਮੇਂ ਮੌਤ ਹੋ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਸਰਹਾਲੀ ਦੇ ਏ.ਐੱਸ.ਆਈ ਗੁਰਸੇਵਕ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਵਿਚ ਪੁਲਸ ਵੱਲੋਂ ਮ੍ਰਿਤਕ ਔਰਤ ਦੇ ਪਤੀ ਬਲਵਿੰਦਰ ਸਿੰਘ ਪੁੱਤਰ ਜੀਤ ਸਿੰਘ ਖਿਲਾਫ ਮਾਮਲਾ ਦਰਜ ਕਰਦੇ ਹੋਏ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਸਾਰੀ ਨਹਿਰਾਂ, ਨਾਲਿਆਂ ਤੇ ਰਜਵਾਹਾਂ ਦੀ ਰਿਮਾਡਲਿੰਗ ਤੇ ਰਿਹੈਬਿਲਿਟੇਸ਼ਨ ਯੋਜਨਾ ਤਿਆਰ ਕੀਤੀ ਜਾਵੇ : ਸ਼ਰੂਤੀ ਚੌਧਰੀ

**ਚੰਡੀਗੜ੍ਹ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੀ ਸਿੰਚਾਈ ਅਤੇ ਜਲ ਸੰਸਾਧਨ ਮੰਤਰੀ ਸ੍ਰੀਮਤੀ ਸ਼ਰੂਤੀ ਚੌਧਰੀ ਨੇ ਕਿਹਾ ਕਿ ਨਹਿਰੀ ਪਾਣੀ ਦੀ ਜਾਇਜ਼ ਵੰਡ ਤੇ ਹਰ ਟੇਲ ਤੱਕ ਪਾਣੀ ਪਹੁੰਚਾਉਣਾ ਉਨ੍ਹਾਂ ਦੀ ਪ੍ਰਾਥਮਿਕਤਾ ਹੈ, ਇਸ ਦੇ ਲਈ ਸੂਬੇ ਦੀ ਸਾਰੀ ਨਹਿਰਾਂ, ਨਾਲਿਆਂ ਤੇ ਰਜਵਾਹਾਂ ਦੀ ਰਿਮਾਡਲਿੰਗ ਤੇ ਰਿਹੈਬਿਲਿਟੇਸ਼ਨ ਦੀ ਯੋਜਨਾ ਤਿਆਰ ਕੀਤੀ ਜਾਵੇ। ਇਸ ਤੋਂ ਇਲਾਵਾ, ਨਹਿਰਾਂ ਵਿਚ ਸਤ੍ਹਾ 'ਤੇ ਗਾਦ ਤੇ ਖਰਪਤਵਾਰ ਸਾਫ ਕਰਨ ਦੀ ਵੀ ਮੁਹਿੰਮ ਚਲਾਈ ਜਾਵੇ, ਜਿਨ੍ਹਾਂ ਮਾਮਲਿਆਂ ਵਿਚ ਕੇਂਦਰੀ ਵਾਤਾਵਰਣ ਅਤੇ ਵਨ ਮੰਤਰਾਲੇ ਦੀ ਮੰਜੂਰੀ ਦੀ ਜਰੂਰਤ ਹੋਵੇਗੀ। ਇਸ ਦੇ ਲਈ ਕੇਂਦਰੀ ਮੰਤਰਾਲੇ ਨੂੰ ਨੀਮ ਸਰਕਾਰੀ ਪੱਤਰ ਲਿਖਣ ਦੇ ਵੀ ਨਿਰਦੇਸ਼ ਦਿੱਤੇ।

ਸ੍ਰੀਮਤੀ ਸ਼ਰੂਤੀ ਚੌਧਰੀ ਅੱਜ ਇੱਥੇ ਆਪਣੇ ਦਫਤਰ ਵਿਚ ਸਿੰਚਾਈ ਅਤੇ ਜਲ੍ਹ ਸੰਸਾਧਨ ਵਿਭਾਗ ਦੇ ਅਧਿਕਾਰੀਆਂ ਦੇ ਨਾਲ ਸੂਬੇ ਦੇ ਨਹਿਰੀ ਸਿਸਟਮ ਦੀ ਰੂਪਰੇਖਾ ਦੀ ਸਮੀਖਿਆ ਕਰਨ ਲਈ ਬੁਲਾਈ ਗਈ ਮੀਟਿੰਗ ਦੀ ਅਗਵਾਈ ਕਰ ਰਹੀ ਸੀ।

ਉਨ੍ਹਾਂ ਨੇ ਕਿਹਾ ਕਿ ਅਗਲੇ ਹਫਤੇ ਤੋਂ ਉਹ ਫੀਲਡ ਵਿਚ ਤੈਨਾਤ ਸਾਰੇ ਸੁਪਰੇਡੈਂਟ ਇੰਜੀਨੀਅਰ ਤੇ ਐਸਡੀਓ ਦੇ ਨਾਲ ਨਿਯਮਤ ਆਧਾਰ 'ਤੇ ਵੀਡੀਓ ਕਾਨਫ੍ਰੈਂਸਿੰਗ ਦੇ ਨਾਲ ਗਲਬਾਤ ਕਰੇਗੀ ਤਾਂ ਜੋ ਧਰਾਤਲ 'ਤੇ ਸਮਸਿਆਵਾਂ ਦੀ ਜਾਣਕਾਰੀ ਤੇ ਫੀਡਬੈਕ ਕੀਤਾ ਜਾ ਸਕੇ।

ਉਨ੍ਹਾਂ ਨੇ ਕਿਹਾ ਕਿ ਵਿਭਾਗ ਦੀ ਵਿਜੀਲੈਂਸ ਵਿੰਗ ਨੂੰ ਹੋਰ ਵੱਧ ਸਰਗਰਮ ਕੀਤਾ ਜਾਵੇ। ਉਨ੍ਹਾਂ ਨੇ ਹਰਿਆਣਾ ਰਾਜ ਏਨਫੋਰਸਮੈਂਟ ਬਿਊਰੋ ਦੇ ਅਧਿਕਾਰੀਆਂ ਦੇ ਨਾਲ ਵੀ ਤਾਲਮੇਲ ਵਧਾਉਣ ਦੇ ਨਿਰਦੇਸ਼ ਦਿੱਤੇ। ਜਿੱਥੇ ਨਹਿਰਾਂ ਦੀ ਰਿਮਾਡਲਿੰਗ ਤੇ ਰਿਹੈਬਿਲਿਟੇਸ਼ਨ ਦਾ ਨਿਰਮਾਣ ਕੰਮ ਚੱਲ ਰਿਹਾ ਹੈ ਉੱਥੇ ਗੁਣਵੱਤਾ ਨਾਲ ਕਿਸੇ ਤਰ੍ਹਾਂ ਦਾ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਵਿਭਾਗ ਦੇ ਮੈਨੂਯਲ ਕੋਡ ਅਨੁਸਾਰ ਨਿਰਮਾਣ ਸਮੱਗਰੀ ਦੀ ਨਿਯਮਤ ਸੈਂਪਲਿੰਗ ਕੀਤੀ ਜਾਵੇ ਅਤੇ ਉਸ ਦੀ ਲੈਬ ਵਿਚ ਜਾਂਚ ਕਰਵਾਈ ਜਾਵੇ।

ਮੀਟਿੰਗ ਵਿਚ ਮੰਤਰੀ ਨੂੰ ਜਾਣਕਾਰੀ ਦਿੱਤੀ ਗਈ ਕਿ ਰਿਮਾਡਲਿੰਗ ਵਿਚ ਪੂਰੀ ਨਹਿਰ ਦਾ ਮੁੜ ਨਿਰਮਾਣ ਹੁੰਦਾ ਹੈ ਜਦੋਂ ਕਿ ਰਿਹੈਬਿਲਿਟੇਸ਼ਨ ਵਿਚ ਵੱਡਾ ਬਦਲਾਅ ਨਹੀਂ ਹੁੰਦਾ, ਸਗੋ ਵਿਸ਼ੇਸ਼ ਮੁਰੰਮਤ ਕੀਤੀ ਜਾਂਦੀ ਹੈ।

ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਰਾਜ ਦੀ ਸਾਰੀ ਨਹਿਰਾਂ ਨੂੰ ਇੰਟਰਲਿੰਕ ਕਰਨ ਲਈ ਇਕ ਠੋਸ ਪ੍ਰਸਤਾਵ ਤਿਆਰ ਕੀਤਾ ਜਾਵੇ, ਜਿਸ ਨਾਲ ਪਾਣੀ ਦੀ ਉਪਲਬਧਤਾ ਵਿਚ ਵਾਧਾ ਤਾਂ ਹੋਵੇਗਾ ਹੀ, ਉੱਥੇ ਭੂਜਲ ਰਿਚਾਰਜ ਵਿਚ ਵੀ ਸੁਧਾਰ ਹੋਵੇਗਾ।

ਮੀਟਿੰਗ ਵਿਚ ਸਿੰਚਾਈ ਅਤੇ ਜਲ ਸੰਸਾਧਨ ਵਿਭਾਗ ਦੇ ਵਧੀਕ ਮੁੱਖ ਸਕੱਤਰ ਅਨੁਰਾਗ ਅਗਰਵਾਲ ਤੋਂ ਇਲਾਵਾ ਹੋਰ ਅਧਿਕਾਰੀ ਮੌਜੂਦ ਸਨ।

# 11 ਦਸੰਬਰ ਨੂੰ ਦੀਪ ਉਤਸਵ ਵਿਚ ਪਿੰਡ ਪੰਚਾਇਤਾਂ ਦੀ ਰਹੇਗੀ ਭਾਗੀਦਾਰੀ

**ਚੰਡੀਗੜ੍ਹ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਾਭਾਰਤ ਧਰਤੀ ਦੇ 48 ਕੋਸ ਦੇ ਤੀਰਥਾਂ 'ਤੇ ਗੀਤਾ ਮਹੋਤਸਵ ਦਾ ਰੰਗ ਜਾਵੇਗਾ। ਕੁਰੂਕਸ਼ੇਤਰ, ਕਰਨਾਲ, ਕੈਥਲ, ਪਾਣੀਪਤ ਤੇ ਜੀਂਦ ਜਿਲ੍ਹੇ ਦੇ ਸਾਰੀ 182 ਤੀਰਥਾਂ 'ਤੇ ਗੀਤਾ ਵਾਣੀ ਦੀ ਗੂੰਜ ਸੁਣਾਈ ਦਵੇਗੀ। ਗੀਤਾ ਪਾਠ ਦੇ ਨਾਲ ਤੀਰਥਾਂ 'ਤੇ ਸਵੱਛਤਾ ਮੁਹਿੰਮ ਚਲਾਈ ਜਾਵੇਗੀ। ਇਸ ਦੇ ਨਾਲ-ਨਾਲ 48 ਕੋਸ ਦੇ ਤੀਰਥਾਂ 'ਤੇ ਸਭਿਆਚਾਰਕ ਪ੍ਰੋਗ੍ਰਾਮ, ਗੀਤਾ ਪਾਠ ਤੇ ਗੀਤਾ ਯੱਗ ਦਾ ਪ੍ਰਬੰਧ ਹੋਵੇਗਾ।

ਤੀਰਥਾਂ 'ਤੇ ਗੀਤਾ ਮਹੋਤਸਵ ਦੇ ਪ੍ਰਬੰਧ ਦਾ ਉਦੇਸ਼ ਗੀਤਾ ਦੀ ਸਰਵਵਿਆਪਕਤਾ ਦੇ ਨਾਲ ਨੌਜੁਆਨਾਂ ਨੂੰ ਜੋੜਨਾ ਹੈ। ਇਸ ਦੇ ਨਾਲ ਹੀ ਬਜੁਰਗਾਂ ਤੇ ਮਹਿਲਾਵਾਂ ਦਾ ਗੀਤਾ ਦੇ ਨਾਲ ਜੁੜਾਵ ਵਧਾਉਣ ਦੇ ਲਈ ਗੀਤਾ ਪਾਠ ਦਾ ਪ੍ਰਬੰਧ ਕੀਤਾ ਜਾਵੇਗਾ। ਹਰਿਆਣਵੀਂ ਸਾਂਗ ਰਾਹੀਂ ਹਰਿਆਣਵੀਂ ਸਭਿਆਚਾਰ ਦੀ ਮੂਲ ਪੇਸ਼ਗੀਆਂ ਹੋਣਗੀਆਂ, ਸਾਂਗ ਦਾ ਥੀਮ ਭਗਵਾਨ ਸ੍ਰੀਕ੍ਰਿਸ਼ਣ ਨਾਲ ਜੁੜੇ ਵਿਸ਼ਿਆਂ 'ਤੇ ਹੋਵੇਗਾ।

48 ਕੋਸ ਦੇ ਸਾਰੇ ਤੀਰਥਾਂ 'ਤੇ 11 ਦਸੰਬਰ ਨੂੰ ਦੀਪ ਉਤਸਵ ਦਾ ਪ੍ਰਬੰਧ ਹੋਵੇਗਾ। ਦੀਪ ਉਤਸਵ ਵਿਚ ਪਿੰਡ ਪੰਚਾਇਤਾਂ ਦੀ ਭਾਗੀਦਾਰੀ ਰਹੇਗੀ ਅਤੇ ਜਨਪ੍ਰਤੀਨਿਧੀ ਮਹਿਮਾਨ ਹੋਣਗੇ। ਇਸ ਵਿਚ ਬਲਾਕ ਸਮਿਤੀ, ਜਿਲ੍ਹਾ ਪਰਿਸ਼ਦ ਤੇ ਨਿਗਮਾਂ ਦੇ ਜਨਪ੍ਰਤੀਨਿਧੀਆਂ ਦੇ ਨਾਲ ਹੋਰ ਬੁੱਧੀਜੀਵੀ ਲੋਕਾਂ ਨੂੰ ਸੱਦਾ ਭੇਜਿਆ ਜਾ ਰਿਹਾ ਹੈ।

# ਹਰ ਅਧਿਕਾਰੀ .ਫੀਲਡ ਵਿਚ ਜਾਵੇ ਅਤੇ ਉਥੇ ਦੀ ਸਮੱਸਿਆਵਾਂ ਨੂੰ ਖੁਦ ਸੁਣੇ : ਸ਼ਰੂਤੀ ਚੌਧਰੀ

**ਚੰਡੀਗੜ੍ਹ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੀ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਸ੍ਰੀਮਤੀ ਸ਼ਰੂਤੀ ਚੌਧਰੀ ਨੇ ਕਿਹਾ ਕਿ ਵਿਭਾਗ ਦਾ ਹਰ ਅਧਿਕਾਰੀ ਫੀਲਡ ਵਿਚ ਜਾਵੇ ਅਤੇ ਉੱਥੇ ਸਮਸਿਆਵਾਂ ਨੂੰ ਖੁਦ ਸੁਣੇ। ਨਾਲ ਹੀ ਉਨ੍ਹਾਂ ਨੇ ਅਧਿਕਾਰੀਆਂ ਦੀ ਡਿਊਟੀ ਚਾਰਟ ਬਨਾਉਣ ਨੂੰ ਕਿਹਾ ਜਿਸ ਵਿਚ ਕਿਸੇ ਅਧਿਕਾਰੀ ਦੀ ਕਿਸ ਦਿਨ ਕਿੱਥੇ ਡਿਊਟੀ ਲਗਾਈ ਗਈ, ਉਨ੍ਹਾਂ ਦੀ ਪੂਰੀ ਜਾਣਕਾਰੀ ਹੋਵੇ।

ਉਨ੍ਹਾਂ ਨੇ ਕਿਹਾ ਕਿ ਜਿਸ ਅਧਿਕਾਰੀ ਦੀ ਡਿਊਟੀ ਫੀਲਡ ਵਿਚ ਲਗਾਈ ਗਈ ਹੈ ਜੇਕਰ ਉਹ ਫੀਲਡ 'ਤੇ ਨਹੀਂ ਜਾਣਗੇ ਤਾਂ ਉਨ੍ਹਾਂ ਦੇ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਉਹ ਖੁਦ ਵੀ ਜਮੀਨੀ ਪੱਧਰ "ਤੇ ਯੋਜਨਾਵਾਂ ਦੇ ਲਾਗੂ ਕਰਨਾ ਦੇਖਣ ਲਈ ਦੌਰੇ ਕਰੇਗੀ।

ਇਹ ਗੱਲ ਸ੍ਰੀਮਤੀ ਸ਼ਰੂਤੀ ਚੌਧਰੀ ਨੇ ਮਹਿਲਾ ਅਤੇ ਬਾਲ ਵਿਕਾਸ ਵਿਭਾਗਾਂ ਦੇ ਅਧਿਕਾਰੀਆਂ ਦੇ ਨਾਲ ਸਮੀਖਿਆ ਮੀਟਿੰਗ ਦੌਰਾਨ ਕਹੀ।

ਸ੍ਰੀਮਤੀ ਸ਼ਰੂਤੀ ਚੌਧਰੀ ਨੇ ਪੋਸ਼ਣ ਯੋਜਨਾ ਤਹਿਤ ਮਹਿਲਾਵਾਂ, ਬੱਚਿਆਂ ਨੂੰ ਦਿੱਤੇ ਜਾਣ ਵਾਲੇ ਭੋਜਨ ਦੀ ਗੁਣਵੱਤਾ ਅਤੇ ਉਸ ਦੇ ਵੰਡ ਅਤੇ ਮਹਿਲਾਵਾਂ ਤੇ ਬੱਚਿਆਂ ਵਿਚ ਵੰਡ ਕੀਤੇ ਜਾਣ ਵਾਲੇ ਫੋਰਟੀਫਾਇਡ ਆਟਾ, ਚਾਵਲ, ਪੰਜੀਰੀ ਤੇ ਦੁੱਧ ਵੰਡ ਦੀ ਜਾਣਕਾਰੀ ਹਾਸਲ ਕੀਤੀ। ਨਾਲ ਹੀ ਉਨ੍ਹਾਂ ਨੇ ਕਿਹਾ ਕਿ ਜਨਮ ਤੋਂ ਦੋ ਸਾਲ ਤਕ ਦੀ ਉਮਰ ਵਿਚ ਬੱਚੇ ਦੀ ਦਿਮਾਗ ਦਾ ਵਿਕਾਸ ਸੱਭ ਤੋਂ ਵੱਧ ਹੁੰਦਾ ਹੈ। ਇਸ ਲਈ ਉਨ੍ਹਾਂ ਨੂੰ ਚੰਗੀ ਡਾਇਟ ਦਿੱਤੀ ਜਾਣੀ ਚਾਹੀਦੀ ਹੈ।

ਉਨ੍ਹਾਂ ਨੇ ਅਧਿਕਾਰੀਆਂ ਨੂੰ ਵੀ ਨਿਰਦੇਸ਼ ਦਿੱਤੇ ਕਿ ਅਧਿਕਾਰੀ ਇਹ ਯਕੀਨੀ ਕਰਨ ਕਿ ਆਂਗਨਵਾੜੀ ਵਿਚ ਪੋਸ਼ਟਿਕ ਭੋਜਨ ਸਮੇਂ 'ਤੇ ਪਹੁੰਚੇ। ਉਨ੍ਹਾਂ ਨੇ ਪਾਰਟੀ ਦੇ ਸੰਕਲਪ ਪੱਤਰ ਵਿਚ ਸ਼ਾਮਿਲ ਮਹਿਲਾ ਚੌਪਾਲ ਬਨਾਉਣ ਤੇ ਨਵੇਂ ਆਂਗਨਵਾੜੀ ਕੇਂਦਰ ਬਨਾਉਣ ਦੇ ਸਬੰਧ ਵਿਚ ਵੀ ਅਧਿਕਾਰੀਆਂ ਨਾਲ ਚਰਚਾ ਕੀਤੀ। ਨਾਲ ਹੀ ਸੂਬੇ ਵਿਚ ਛੇ ਸਾਲ ਤਕ ਦੇ ਬੱਚਿਆਂ ਦੇ ਵਿਕਾਸ ਦੇ ਮਾਨਦੰਡਾਂ ਵਜਨ ਤੇ ਲੰਬਾਈ ਆਦਿ ਦੇ ਮਾਨਕਾਂ ਨੂੰ ਲੈ ਕੇ ਵੀ ਅਧਿਕਾਰੀਆਂ ਨੂੰ ਜਰੂਰੀਹਹ ਨਿਰਦੇਸ਼ ਦਿੱਤੇ।

ਸ੍ਰੀਮਤੀ ਸ਼ਰੂਤੀ ਚੌਧਰੀ ਨੇ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਸਰਕਾਰ ਵੱਲੋਂ ਜਿੰਨ੍ਹੀ ਵੀ ਯੋਜਨਾਵਾਂ ਬੇਟੀਆਂ ਲਈ ਚਲਾਈਆਂ ਜਾ ਰਹੀਆਂ ਹਨ, ਉਨ੍ਹਾਂ ਦੀ ਜਾਣਕਾਰੀ ਜਨਤਾ ਤੱਕ ਪਹੁੰਚਾਈ ਜਾਵੇ ਤਾਂ ਜੋ ਹਰ ਯੋਗ ਉਸ ਦਾ ਲਾਭ ਲੈ ਸਕਣ। ਮੀਟਿੰਗ ਵਿਚ ਅਧਿਕਾਰੀਆਂ ਵੱਲੋਂ ਉਨ੍ਹਾਂ ਨੂੰ ਜਾਣੂੰ ਕਰਵਾਇਆ ਗਿਆ ਕਿ ਵਿਭਾਗ ਵੱਲੋਂ ਇਕ ਟੋਲ ਫਰੀ ਨੰਬਰ ਲੋਕਾਂ ਨੂੰ ਦਿੱਤਾ ਗਿਆ ਹੈ ਜਿਸ ਵਿਚ ਜੇਕਰ ਉਹ ਭਰੂਣ ਹਤਿਆ ਜਾਂ ਭਰੂਣ ਲਿੰਗ ਦੀ ਜਾਂਚ ਦੇ ਬਾਰੇ ਵਿਚ ਕੋਈ ਵੀ ਜਾਣਕਾਰੀ ਦੇਣਗੇ ਤਾਂ ਉਨ੍ਹਾਂ ਨੂੰ ਇਕ ਲੱਖ ਰੁਪਏ ਦਾ ਇਨਾਮ ਦਿੱਤਾ ਜਾਵੇਗਾ।

ਮੀਟਿੰਗ ਵਿਚ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੀ ਵਧੀਕ ਮੁੱਖ ਸਕੱਤਰ ਸ੍ਰੀਮਤੀ ਅਮਨੀਤ ਪੀ ਕੁਮਾਰ, ਵਿਭਾਗ ਦੀ ਡਾਇਰੈਕਟਰ ਸ੍ਰੀਮਤੀ ਮੋਨਿਕਾ ਮਲਿਕ ਸਮੇਤ ਸੀਨੀਅਰ ਅਧਿਕਾਰੀ ਮੌਜੂਦ ਰਹੇ।

# ਸਮਰਪਣ ਸਪੈਸ਼ਲ ਸਕੂਲ ਵਿਖੇ ਬੱਚਿਆਂ ਨਾਲ ਮਨਾਇਆ ਗਿਆ ਅੰਤਰਰਾਸ਼ਟਰੀ ਅਪੰਗਤਾ ਦਿਵਸ




**ਤਰਨ ਤਾਰਨ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਨਯੋਗ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ ਨਗਰ ਮੋਹਾਲੀ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਸ਼੍ਰੀ ਕੰਵਲਜੀਤ ਸਿੰਘ ਬਾਜਵਾ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ, ਤਰਨ ਤਾਰਨ ਅਤੇ ਮਿਸ ਸ਼ਿਲਪਾ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਤਰਨ ਤਾਰਨ ਵੱਲੋਂ ਸਮਰਪਣ ਸਪੈਸ਼ਲ ਸਕੂਲ (Smarapan Society for the Development of Mentally Disabled Registered under RPWD Act B@AF, NitiAayog and National Trust) ਵਿਖੇ ਬੱਚਿਆਂ ਨਾਲ ਅੰਤਰਰਾਸ਼ਟਰੀ ਅਪੰਗਤਾ ਦਿਵਸ ਮਨਾਇਆ। ਇਸ ਸਮੇਂ ਸਮਰਪਣ ਸਪੈਸ਼ਲ ਸਕੂਲ ਤਰਨ ਤਾਰਨ ਵਿਖੇ ਸਮਰਪਣ ਸੁਸਾਇਟੀ ਦੇ ਪ੍ਰਧਾਨ ਸ਼੍ਰੀ ਸੁਖਜੀਤ ਪਾਲ ਸਿੰਘ ਅਤੇ ਸ਼੍ਰੀਮਤੀ ਅਮਨਪ੍ਰੀਤ ਕੌਰ, ਡਾਇਰੈਕਟਰ, ਸਮਰਪਣ ਸਪੈਸ਼ਲ ਸਕੂਲ, ਤਰਨ ਤਾਰਨ ਅਤੇ ਸਕੂਲ ਦਾ ਸਾਰਾ ਸਟਾਫ਼ ਹਾਜ਼ਰ ਰਿਹਾ। ਇਸ ਸਮੇਂ ਬੱਚਿਆਂ ਵੱਲੋਂ ਸਕੂਲ ਵਿੱਚ ਖੇਡਾਂ ਵੀ ਕਰਵਾਈਆਂ ਗਈਆਂ । ਇਸ ਤੋਂ ਬਾਅਦ ਜੇਤੂ ਬੱਚਿਆਂ ਨੂੰ ਇਨਾਮ ਵੀ ਦਿੱਤੇ ਗਏ।ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਸਾਹਿਬ ਵੱਲੋਂ ਸ਼੍ਰੀਮਤੀ ਅਮਨਪ੍ਰੀਤ ਕੌਰ, ਡਾਇਰੈਕਟਰ, ਸਮਰਪਣ ਸਪੈਸ਼ਲ ਸਕੂਲ, ਤਰਨ ਤਾਰਨ ਵੱਲੋਂ ਇਸ ਸਕੂਲ ਸੰਬੰਧੀ ਜਾਣਕਾਰੀ ਲਈ ਗਈ। ਮਾਨਯੋਗ ਜੱਜ ਸਾਹਿਬ ਜੀ ਵੱਲੋਂ ਸਾਰੇ ਬੱਚਿਆ ਨੂੰ ਮਿਲਕੇ ਗੱਲ ਬਾਤ ਕੀਤੀ। ਮਾਨਯੋਗ ਜੱਜ ਸਾਹਿਬ ਜੀ ਨੇ ਦੇਖਿਆ ਕਿ ਬੱਚਿਆਂ ਨੂੰ ਸਕੂਲ ਵਿੱਚ ਜੋ ਬੱਚੇ ਸੁਣ ਨਹੀਂ ਸਕਦੇ ਉਹਨਾਂ ਬੱਚਿਆਂ ਨੂੰ ਇਸ਼ਾਰਿਆਂ ਦੀ ਮਦਦ ਨਾਲ ਬਹੁਤ ਵਧੀਆਂ ਤਰੀਕੇ ਨਾਲ ਸਿੱਖਿਆਂ ਪ੍ਰਦਾਨ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾਂ ਜੋ ਬੱਚੇ ਦਿਮਾਗੀ ਤੌਰ ਤੋਂ ਠੀਕ ਨਹੀ ਹੈ ਉਹਨਾਂ ਸਾਰੇ ਬੱਚਿਆਂ ਨੂੰ ਅਲੱਗ ਅਲੱਗ ਪ੍ਰਕਾਰ ਦੀ ਸਿੱਖਿਆ ਪ੍ਰਦਾਨ ਕੀਤੀ ਜਾ ਰਹੀ ਹੈ। ਸਮਰਪਣ ਸੁਸਾਇਟੀ ਦੇ ਪ੍ਰਧਾਨ ਸ਼੍ਰੀ ਸੁਖਜੀਤ ਪਾਲ ਸਿੰਘ ਅਤੇ ਸ਼੍ਰੀਮਤੀ ਅਮਨਪ੍ਰੀਤ ਕੌਰ, ਡਾਇਰੈਕਟਰ, ਸਮਰਪਣ ਸਪੈਸ਼ਲ ਸਕੂਲ, ਤਰਨ ਤਾਰਨ ਵੱਲੋਂ ਸਕੂਲ ਦੀ ਬਹੁਤ ਵਧੀਆਂ ਤਰੀਕੇ ਨਾਲ ਦੇਖਭਾਲ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾਂ ਬੱਚਿਆਂ ਨੂੰ ਕੰਪਿਊਟਰ ਸੰਬੰਧੀ ਵੀ ਜਾਣਕਾਰੀ ਦਿੱਤੀ ਜਾ ਰਹੀ ਤਾਂ ਜੋ ਬੱਚੇ ਵਧੀਆਂ ਨੌਕਰੀਆਂ ਤੇ ਲੱਗਣ ਅਤੇ ਆਪਣਾ ਵਧੀਆਂ ਜ਼ਿੰਦਗੀ ਜਿਉਣ। ਮਾਨਯੋਗ ਜੱਜ ਸਾਹਿਬ ਜੀ ਵੱਲੋਂ ਸਕੂਲ ਦੇ ਪ੍ਰਬੰਧ ਨੂੰ ਸਲਾਹਿਆ ਗਿਆ। ਜਿਆਦਾ ਜਾਣਕਾਰੀ ਲਈ ਟੋਲ ਫ੍ਰੀ ਨੰਬਰ 1968 ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਤਰਨ ਤਾਰਨ ਦੇ ਨੰਬਰ 01852-223291 ਤੋਂ ਜਾਣਕਾਰੀ ਲਈ ਜਾ ਸਕਦੀ ਹੈ।

# ਜਹਾਜ਼ੀ ਹਵੇਲੀ ਦਾ ਪੁਰਾਤਨ ਸੱਭਿਅਤਾ ਮੁਤਾਬਕ ਕੀਤਾ ਜਾਵੇਗਾ ਨਵੀਨੀਕਰਨ : ਡਿਪਟੀ ਕਮਿਸ਼ਨਰ

**ਫ਼ਤਹਿਗੜ੍ਹ ਸਾਹਿਬ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹੀਦਾਂ ਦੀ ਧਰਤੀ ਫ਼ਤਹਿਗੜ੍ਹ ਸਾਹਿਬ ਵਿਖੇ ਸਥਿਤ ਪੁਰਾਤਨ ਇਮਾਰਤਾਂ ਨੂੰ ਪੁਰਾਤਨ ਦਿੱਖ ਪ੍ਰਦਾਨ ਕਰਨ ਲਈ ਸਰਕਾਰ ਵੱਲੋਂ ਵੱਡੀ ਪੱਧਰ 'ਤੇ ਯਤਨ ਕੀਤੇ ਜਾ ਰਹੇ ਹਨ ਅਤੇ ਛੇਤੀ ਹੀ ਇਨ੍ਹਾਂ ਦਾ ਕੰਮ ਸ਼ੁਰੂ ਹੋ ਜਾਵੇਗਾ।

ਇਹ ਜਾਣਕਾਰੀ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਅਧਿਕਾਰੀਆਂ ਦੀ ਇੱਕ ਟੀਮ ਨਾਲ ਦੀਵਾਨ ਟੋਡਰ ਮੱਲ ਦੀ ਹਵੇਲੀ ਦੀ ਰੈਨੋਵੇਸ਼ਨ ਦੇ ਚੱਲ ਰਹੇ ਕੰਮ ਦਾ ਜਾਇਜ਼ਾ ਲੈਣ ਲਈ ਕੀਤੇ ਦੌਰੇ ਮੌਕੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਵਿੱਚ ਦੀਵਾਨ ਟੋਡਰ ਮੱਲ ਜੀ ਦਾ ਖਾਸ ਸਥਾਨ ਹੈ ਅਤੇ ਇਨ੍ਹਾਂ ਨੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਅਤੇ ਮਾਤਾ ਗੁਜਰੀ ਜੀ ਦੇ ਸਸਕਾਰ ਲਈ ਮੋਹਰਾ ਖੜ੍ਹੀਆਂ ਕਰਕੇ ਜਗ੍ਹਾਂ ਖਰੀਦੀ ਗਈ ਸੀ, ਜਿਸ ਕਾਰਨ ਇਸ ਨੂੰ ਦੁਨੀਆਂ ਦੀ ਸਭ ਤੋਂ ਮਹਿੰਗੀ ਜਗ੍ਹਾਂ ਦਾ ਦਰਜ਼ਾ ਹਾਸਲ ਹੋਇਆ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਦੀਵਾਨ ਟੋਡਰ ਮੱਲ ਦੀ ਜਹਾਜੀ ਹਵੇਲੀ ਦੀ ਰੈਨੋਵੇਸ਼ਨ ਲਈ ਪ੍ਰਵਾਸੀ ਪੰਜਾਬੀ ਵੱਲੋਂ ਬਣਾਈ ਗਈ ਕਮੇਟੀ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਵੀ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਇਸ ਇਮਾਰਤ ਦਾ ਕੰਮ ਪੁਰਾਤੱਤਵ ਵਿਭਾਗ ਵੱਲੋ ਕੀਤਾ ਜਾਵੇਗਾ ਅਤੇ ਇਸ ਦੀ ਨਿਗਰਾਨੀ ਪੰਜਾਬ ਸਰਕਾਰ ਵੱਲੋਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਆਪਣੀ ਨੌਜਵਾਨ ਪੀੜ੍ਹੀ ਨੂੰ ਮਹਾਨ ਵਿਰਸੇ ਨਾਲ ਜੋੜਨ ਵਾਸਤੇ ਅਜਿਹੀਆਂ ਇਮਾਰਤਾਂ ਦਾ ਬਹੁਤ ਵੱਡਾ ਯੋਗਦਾਨ ਹੁੰਦਾ ਹੈ ਕਿਉਂਕਿ ਸਾਡੇ ਨੌਜਵਾਨ ਆਪਣੇ ਵਿਰਸੇ ਨਾਲ ਸਬੰਧਤ ਜਾਣਕਾਰੀ ਇਨ੍ਹਾਂ ਇਮਾਰਤਾਂ ਤੋਂ ਹਾਸਲ ਕਰਦੇ ਹਨ।



ਡਾ. ਸੋਨਾ ਥਿੰਦ ਨੇ ਇਹ ਵੀ ਕਿਹਾ ਕਿ ਦੀਵਾਨ ਟੋਡਰ ਮੱਲ ਦੀ ਹਵੇਲੀ ਤੋਂ ਇਲਾਵਾ ਹੋਰ ਜਿਹੜੀਆਂ ਪੁਰਾਤਨ ਇਮਾਰਤਾਂ ਹਨ ਉਨ੍ਹਾਂ ਦੀ ਰੈਨੋਵੇਸ਼ਨ ਛੇਤੀ ਹੀ ਸ਼ੁਰੂ ਕੀਤੀ ਜਾਵੇਗੀ ਤਾਂ ਜੋ ਫ਼ਤਹਿਗੜ੍ਹ ਸਾਹਿਬ ਨੂੰ ਟੂਰਿਸਟ ਹੱਬ ਵਜੋਂ ਵਿਕਸਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਇਤਿਹਾਸਕ ਧਰਤੀ ਫਤਹਿਗੜ੍ਹ ਸਾਹਿਬ ਵਿਖੇ ਪੁਰਾਤਨ ਇਮਾਰਤਾਂ ਸਥਿਤ ਹਨ ਜਿਨ੍ਹਾਂ ਦੀ ਪੁਰਾਤਨ ਦਿੱਖ ਬਹਾਲ ਕਰਕੇ ਯਾਤਰੀਆਂ ਨੂੰ ਸ਼ਾਨਦਾਰ ਤੋਹਫਾ ਦਿੱਤਾ ਜਾਵੇਗਾ।

# ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਚੰਦਰ ਜਯੋਤੀ ਸਿੰਘ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ




**ਸ੍ਰੀ ਚਮਕੌਰ ਸਾਹਿਬ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਦਫਤਰ ਸ੍ਰੀ ਚਮਕੌਰ ਸਾਹਿਬ ਵਿਖੇ ਨਵੇਂ ਚੁਣੇ ਸਰਪੰਚਾਂ ਤੇ ਪੰਚਾਂ ਨੂੰ ਪੰਚਾਇਤੀ ਰਾਜ ਦੀ ਕਾਰਜ ਪ੍ਰਣਾਲੀ ਬਾਰੇ ਟ੍ਰੇਨਿੰਗ ਅੱਜ ਤੋਂ ਸ਼ੁਰੂ ਹੋ ਗਈ, ਜਿਸ ਵਿੱਚ ਅੱਜ ਪਹਿਲੇ ਦਿਨ ਮੁੱਖ ਮਹਿਮਾਨ ਵਜੋਂ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਰੂਪਨਗਰ ਚੰਦਰਜਯੋਤੀ ਸਿੰਘ ਵੱਲੋਂ ਉਚੇਚੇ ਤੌਰ ਤੇ ਸ਼ਿਰਕਤ ਕੀਤੀ ਗਈ।

ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਨੇ ਦੱਸਿਆ ਕਿ ਪ੍ਰਦੇਸ਼ਿਕ ਦਿਹਾਤੀ ਵਿਕਾਸ ਅਤੇ ਪੰਚਾਇਤੀ ਰਾਜ ਸੰਸਥਾ ਐਸ.ਏ.ਐਸ ਨਗਰ ਵੱਲੋਂ ਨਵੇਂ ਚੁਣੇ ਸਰਪੰਚਾਂ ਅਤੇ ਪੰਚਾਂ ਨੂੰ ਪੰਚਾਇਤੀ ਰਾਜ ਦੀ ਕਾਰਜ ਪ੍ਰਣਾਲੀ ਬਾਰੇ ਟ੍ਰੇਨਿੰਗਾਂ ਅੱਜ ਤੋਂ ਸ਼ੁਰੂ ਹੋ ਗਈਆਂ ਹਨ। ਇਹ ਟ੍ਰੇਨਿੰਗਾਂ ਸ਼ਡਿਊਲ ਅਨੁਸਾਰ 16 ਜਨਵਰੀ 2025 ਤੱਕ 09 ਕੈਂਪਾਂ ਵਿੱਚ ਕਰਵਾਈਆਂ ਜਾ ਰਹੀਆਂ ਹਨ, ਜਿਸਦੇ ਵਿੱਚ ਵੱਖ-ਵੱਖ ਗਰਾਮ ਪੰਚਾਇਤਾਂ ਦੇ ਚੁਣੇ ਹੋਏ ਸਰਪੰਚਾਂ ਅਤੇ ਪੰਚਾਂ ਨੂੰ 03 ਦਿਨਾ ਦੀ ਟ੍ਰੇਨਿੰਗ ਕਰਵਾਈ ਜਾਵੇਗੀ।

ਇਸ ਮੌਕੇ ਉਨ੍ਹਾਂ ਸਰਪੰਚਾਂ ਅਤੇ ਪੰਚਾਂ ਨਾਲ ਗੱਲਬਾਤ ਕਰਦੇ ਸਮੇਂ ਚੁਣੇ ਹੋਏ ਨੁਮਾਇੰਦਿਆਂ ਨੂੰ ਆਪਣੇ ਪੱਧਰ 'ਤੇ ਸਰਪੰਚ ਅਤੇ ਪੰਚ ਚੁਣ ਕੇ ਆਉਣ ਤੇ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਆਪ ਤੇ ਵਿਸ਼ਵਾਸ਼ ਕਰਕੇ ਪਿੰਡ ਵਾਸੀਆਂ ਵੱਲੋਂ ਇਸ ਅਹੁਦੇ ਨਾਲ ਨਿਵਾਜਿਆ ਗਿਆ ਹੈ ਅਤੇ ਹੁਣ ਆਪ ਦਾ ਇਹ ਪਹਿਲਾ ਅਤੇ ਮੁੱਢਲਾ ਫ਼ਰਜ ਬਣਦਾ ਹੈ ਕਿ ਇਨ੍ਹਾਂ ਟ੍ਰੇਨਿੰਗਾਂ ਤੋਂ ਸਿੱਖਿਆ ਪ੍ਰਾਪਤ ਕਰਕੇ ਆਪ ਵੱਲੋਂ ਆਪਣੇ ਪਿੰਡਾਂ ਦਾ ਕਿਸ ਤਰ੍ਹਾਂ ਵਿਕਾਸ ਕਰਨਾ ਹੈ ਅਤੇ ਸਰਕਾਰ ਦੀਆਂ ਸਕੀਮਾਂ (ਨੀਤੀਆਂ) ਨੂੰ ਜ਼ਮੀਨੀ ਪੱਧਰ 'ਤੇ ਪਹੁੰਚਾਉਣ ਦੀ ਜਿੰਮੇਵਾਰੀ ਆਪ ਦੀ ਹੈ।

ਇਸ ਮੌਕੇ ਬੀ.ਡੀ.ਪੀ.ਓ ਸ੍ਰੀ ਚਮਕੌਰ ਸਾਹਿਬ ਅਜੈਬ ਸਿੰਘ ਵੱਲੋਂ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਅਤੇ ਟ੍ਰੇਨਿੰਗ ਪ੍ਰਾਪਤ ਕਰਨ ਆਏ ਸਰਪੰਚਾਂ ਅਤੇ ਪੰਚਾਂ ਨੂੰ ਨਿੱਘਾ ਜੀ ਆਇਆ ਆਖਿਆ ਗਿਆ।

ਇਸ ਟ੍ਰੇਨਿੰਗ ਵਿੱਚ ਐਸ.ਆਈ.ਆਰ.ਡੀ ਤੋਂ ਮਾਸਟਰ ਟ੍ਰੇਨਰ ਮਨਜੀਤ ਸਿੰਘ ਅਤੇ ਸੁਖਰਾਜ ਸਿੰਘ ਵੱਲੋਂ ਵੱਖ-ਵੱਖ ਵਿਸ਼ਿਆਂ ਦੀ ਟ੍ਰੇਨਿੰਗ ਕਰਵਾਈ ਜਾਵੇਗੀ। ਇਸ ਤੋਂ ਇਲਾਵਾ ਪੰਚਾਇਤੀ ਰਾਜ ਸੰਸਥਾਵਾ, ਸਿਹਤ ਸੰਸਥਾ, ਸੀ.ਡੀ.ਪੀ.ਓ ਦਫਤਰ, ਸਿਖਿਆ ਵਿਭਾਗ ਦੇ ਨੁਮਾਇੰਦਿਆਂ ਵੱਲੋਂ ਵੀ ਆਪਣੇ ਵਿਸ਼ੇ ਸਬੰਧੀ ਜਾਣਕਾਰੀ ਉਕਤ ਟ੍ਰੇਨਿੰਗਾਂ ਵਿੱਚ ਸਰਪੰਚਾਂ ਅਤੇ ਪੰਚਾਂ ਨਾਲ ਟ੍ਰੇਨਿੰਗ ਸਾਂਝੀ ਕੀਤੀ ਜਾਵੇਗੀ ਤਾਂ ਜੋ ਇਹਨਾਂ ਟ੍ਰੇਨਿੰਗਾ ਤੋਂ ਸਿਖ ਕੇ ਪਿੰਡਾਂ ਦੇ ਵਿਕਾਸ ਨੂੰ ਸੁਚਾਰੂ ਢੰਗ ਨਾਲ ਕਰਵਾਇਆ ਜਾ ਸਕੇ।

ਇਸ ਮੌਕੇ ਗੁਰਮੁੱਖ ਸਿੰਘ ਸੁਪਰਡੰਟ, ਕਮਲਜੀਤ ਕੌਰ ਲੇਖਾਕਾਰ, ਕੁਲਵਿੰਦਰ ਕੌਰ, ਵਰਿੰਦਰ ਕੌਰ, ਸੁਖਵੀਰ ਸਿੰਘ ਏ.ਪੀ.ਓ ਵੀ ਹਾਜਰ ਸਨ।

# ਪੂੰਜਯ ਗੁਹਾ ਠਾਕੁਰਤਾ ਨੂੰ ਪੱਤਰਕਾਰ ਰਾਮ ਚੰਦਰ ਛਤਰਪਤੀ ਸਨਮਾਨ




**ਸਿਰਸਾ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰੰਜਯ ਗੁਹਾ ਠਾਕੁਰਤਾ ਨੂੰ ਅੱਜ 'ਛਤਰਪਤੀ ਸਨਮਾਨ 2024' ਨਾਲ ਸਨਮਾਨਿਆ ਗਿਆ। ਇਹ ਸਮਾਗਮ ਪੰਚਾਇਤ ਭਵਨ ਸਿਰਸਾ ਵਿੱਚ ਸੰਵਾਦ, ਸਿਰਸਾ ਵੱਲੋਂ ਕਰਵਾਏ 'ਛਤਰਪਤੀ ਯਾਦਗਾਰੀ ਸਮਾਗਮ' ਵਿੱਚ ਹੋਇਆ। ਮਗਰੋਂ 'ਭਾਰਤੀ ਰਾਜਨੀਤੀ, ਆਰਥਿਕਤਾ ਅਤੇ ਸੋਸ਼ਲ ਮੀਡੀਆ' 'ਤੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਠਾਕੁਰਤਾ ਨੇ ਕਿਹਾ ਕਿ ਪੱਤਰਕਾਰਾਂ ਨੂੰ 'ਵਾਚਡੌਗ' ਕਿਹਾ ਜਾਂਦਾ ਹੈ। ਖ਼ਤਰੇ ਦਾ ਅਹਿਸਾਸ ਹੁੰਦੇ ਹੀ ਉਹ ਆਪਣੀ ਕਲਮ ਦੀ ਤਾਕਤ ਨਾਲ ਸਮਾਜ ਨੂੰ ਸੁਚੇਤ ਕਰਦਾ ਹੈ। ਰਾਮ ਚੰਦਰ ਛਤਰਪਤੀ ਦੀ ਸ਼ਹਾਦਤ ਇਸ ਪੱਖੋਂ ਪੱਤਰਕਾਰੀ ਲਈ ਇਕ ਚਮਕਦੀ ਮਿਸਾਲ ਹੈ। ਸੀਨੀਅਰ ਕਵੀ ਤੇ ਕਹਾਣੀਕਾਰ ਹਰਭਗਵਾਨ ਚਾਵਲਾ ਨੇ ਕਿਹਾ ਕਿ ਅਜੋਕੇ ਸਮੇਂ ਵਿੱਚ ਪ੍ਰਗਟਾਵੇ ਦੀ ਆਜ਼ਾਦੀ ਦੀ ਥਾਂ ਘਟਦੀ ਜਾ ਰਹੀ ਹੈ। ਸੰਸਥਾ ਵੱਲੋਂ ਸੁਰਜੀਤ ਸਿਰੜੀ ਨੇ ਸਭ ਦਾ ਸਵਾਗਤ ਕੀਤਾ। ਅੰਸ਼ੁਲ ਛਤਰਪਤੀ ਦੀ ਪਤਨੀ ਨਵਨੀਤ ਛਤਰਪਤੀ ਦਾ ਵੀ ਸਨਮਾਨ ਕੀਤਾ ਗਿਆ। ਇਸ ਮੌਕੇ ਲਖਵਿੰਦਰ ਬਾਜਵਾ ਦੀ ਪੁਸਤਕ 'ਗਮਲੇ ਦਾ ਬੂਟਾ', ਸੁਰਜੀਤ ਸਿਰੜੀ ਦੇ ਕਾਵਿ ਸੰਗ੍ਰਹਿ 'ਮਿੱਟੀ ਕਰੇ ਸਾਂਵਲ' ਅਤੇ ਹਰਭਗਵਾਨ ਚਾਵਲਾ ਦੇ ਕਾਵਿ ਸੰਗ੍ਰਹਿ 'ਕੁੰਭ ਮੈਂ ਛੁੱਟੀ ਔਰਤਾਂ' ਅਤੇ ਹਰਭਗਵਾਨ ਚਾਵਲਾ ਦੇ ਕਹਾਣੀ ਸੰਗ੍ਰਹਿ 'ਬੰਸੁਰੀ ਆਦਿਕ' ਦਾ ਲੋਕ ਅਰਪਣ ਕੀਤਾ ਗਿਆ।

# ਪੁਲਿਸ ਮੁਕਾਬਲੇ 'ਚ ਯੂਪੀ ਦਾ ਗੈਂਗਸਟਰ ਢੇਰ, 2 ਜ਼ਖਮੀ



**ਰੋਹਤਕ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੰਗਲਵਾਰ ਦੇਰ ਰਾਤ ਇੱਥੇ ਇੰਡਸਟਰੀਅਲ ਮਾਡਰਨ ਟਾਊਨਸ਼ਿਪ (ਆਈਐਮਟੀ) ਨੇੜੇ ਪੁਲੀਸ ਮੁਕਾਬਲੇ ਵਿੱਚ ਉੱਤਰ ਪ੍ਰਦੇਸ਼ ਦੇ ਬਾਗਪਤ ਦਾ ਇੱਕ ਗੈਂਗਸਟਰ ਮਾਰਿਆ ਗਿਆ ਅਤੇ ਦੋ ਹੋਰ ਜ਼ਖਮੀ ਹੋ ਗਏ।ਜਾਣਕਾਰੀ ਅਨੁਸਾਰ ਮੁਕਾਬਲੇ ਤੋਂ ਬਾਅਦ ਤਿੰਨਾਂ ਨੂੰ ਇਲਾਜ ਲਈ ਰੋਹਤਕ ਦੇ ਪੋਸਟ ਗ੍ਰੈਜੂਏਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ (ਪੀ.ਜੀ.ਆਈ.ਐਮ.ਐਸ.) ਲਿਜਾਇਆ ਗਿਆ ਸੀ, ਜਿੱਥੇ ਦੀਪਕ ਨੇ ਦਮ ਤੋੜ ਦਿੱਤਾ। ਜਦਕਿ ਦੋ ਹੋਰਾਂ ਦੀ ਹਾਲਤ ਗੰਭੀਰ ਬਣੀ ਹੋਈ ਹੈ, ਜਿਨ੍ਹਾਂ ਦੀ ਪਛਾਣ ਖਿਡਵਾਲੀ ਪਿੰਡ ਦੇ ਰਹਿਣ ਵਾਲੇ ਰਾਹੁਲ ਉਰਫ਼ ਬਾਬਾ ਅਤੇ ਆਯੂਸ਼ ਵਜੋਂ ਹੋਈ ਹੈ। ਰੋਹਤਕ ਵਾਸੀ ਛੋਟਾ ਉਰਫ਼ ਛੋਟਾ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾ ਰਹੀ ਹੈ। ਸੂਤਰਾਂ ਨੇ ਦੱਸਿਆ ਕਿ ਕਥਿਤ ਤੌਰ 'ਤੇ ਉਨ੍ਹਾਂ ਦੀਆਂ ਲੱਤਾਂ ਵਿਚ ਗੋਲੀਆਂ ਲੱਗੀਆਂ ਹਨ।

ਰਾਹੁਲ ਇੱਕ ਤੀਹਰੇ ਕਤਲ ਕਾਂਡ ਵਿਚ ਪੁਲੀਸ ਨੂੰ ਲੋੜੀਂਦਾ ਸੀ।

# ਰਾਜੌਰੀ ਗਾਰਡਨ ਵਿਖੇ ਸਜਾਇਆ ਨਗਰ ਕੀਰਤਨ

**ਨਵੀਂ ਦਿੱਲੀ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੱਛਮੀ ਦਿੱਲੀ ਦੇ ਰਾਜੌਰੀ ਗਾਰਡਨ ਨਗਰ ਕੀਰਤਨ ਕੱਢਿਆ ਗਿਆ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਲੀ ਦੇ ਇਤਿਹਾਸਕ ਗੁਰਦੁਆਰਾ ਸਾਹਿਬ ਤੋਂ ਕੱਢੇ ਗਏ ਨਗਰ ਕੀਰਤਨ ਦਾ ਸੰਗਤ ਵੱਲੋਂ ਥਾਂ ਥਾਂ ਨਿੱਘਾ ਸਵਾਗਤ ਕੀਤਾ ਗਿਆ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਹਰਮਨਜੀਤ ਸਿੰਘ, ਜਨਰਲ ਸਕੱਤਰ ਮਨਜੀਤ ਸਿੰਘ ਖੰਨਾ ਸਮੇਤ ਸਮੁੱਚੀ ਕਮੇਟੀ ਵੱਲੋਂ ਪਿਛਲੇ ਕਈ ਦਿਨਾਂ ਤੋਂ ਨਗਰ ਕੀਰਤਨ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਸਨ।



ਹਰਮਨਜੀਤ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਦੇ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦਿਆਂ ਗੁਰਦੁਆਰਾ ਸਾਹਿਬ ਵਿਖੇ ਲਗਾਤਾਰ ਇੱਕ ਹਫ਼ਤੇ ਤੋਂ ਕੀਰਤਨ ਸਮਾਗਮ ਕਰਵਾਏ ਜਾ ਰਹੇ ਸਨ। ਇਸ ਵਿਚ ਪ੍ਰਸਿੱਧ ਕੀਰਤਨੀ ਜਥਿਆਂ ਵੱਲੋਂ ਸੰਗਤਾਂ ਨੂੰ ਕੀਰਤਨ ਸਰਵਣ ਕਰਵਾਇਆ ਗਿਆ। ਗੁਰੂ ਨਾਨਕ ਪਬਲਿਕ ਸਕੂਲ ਦੇ ਬੱਚਿਆਂ ਨੂੰ ਵਿਸ਼ੇਸ਼ ਜ਼ਿੰਮੇਵਾਰੀ ਸੌਂਪੀ ਗਈ ਜਿਸ ਕਾਰਨ ਬੱਚੇ ਸ਼ਬਦ ਕੀਰਤਨ ਗਾਇਨ ਕਰਨ ਦੇ ਨਾਲ-ਨਾਲ ਗਤਕਾ ਖੇਡਦੇ ਵੀ ਨਜ਼ਰ ਆਏ। ਸਿੱਖ ਯੂਥ ਫਾਊਂਡੇਸ਼ਨ ਦੀ ਸਮੁੱਚੀ ਟੀਮ ਨਗਰ ਕੀਰਤਨ ਵਿੱਚ ਸਫ਼ਾਈ ਮੁਹਿੰਮ ਚਲਾਉਣ ਦੇ ਨਾਲ-ਨਾਲ ਖਿੱਲਰੇ ਕੂੜੇ ਨੂੰ ਇਕੱਠਾ ਕਰਕੇ ਗਲੀਆਂ ਦੀ ਸਫ਼ਾਈ ਕਰਦੀ ਨਜ਼ਰ ਆਈ। ਪੰਜ ਪਿਆਰਿਆਂ ਵਜੋਂ ਸਜੇ ਸਕੂਲੀ ਬੱਚੇ ਖਿੱਚ ਦਾ ਕੇਂਦਰ ਰਹੇ। ਹਰਬੰਸ ਸਿੰਘ ਭਾਟੀਆ, ਪ੍ਰੀਤ ਪ੍ਰਤਾਪ ਸਿੰਘ, ਹਰਜੀਤ ਸਿੰਘ ਰਾਜਾ ਬਖ਼ਸ਼ੀ, ਸੁੰਦਰ ਸਿੰਘ ਨਾਰੰਗ, ਦਲੀਪ ਸਿੰਘ ਸੇਠੀ, ਅਜੀਤ ਸਿੰਘ ਮੋਂਗਾ, ਪਰਵਿੰਦਰ ਕੌਰ ਚੰਢੋਕ, ਹਰਨੇਕ ਸਿੰਘ ਸਮੇਤ ਸਥਾਨਕ ਕਾਰੋਬਾਰੀ ਸਿੱਖ ਅਤੇ ਸੰਗਤਾਂ ਨੇ ਹਾਜ਼ਰੀ ਭਰੀ। ਥਾਂ ਥਾਂ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ।ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਸਤੀ ਦਾਸ, ਭਾਈ ਮਤੀ ਦਾਸ ਤੇ ਭਾਈ ਦਿਆਲਾ ਜੀ ਦੇ 350ਵੇਂ ਸਾਲਾ ਲਾਸਾਨੀ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਵਿਚ ਕਰਵਾਇਆ ਗਿਆ। ਇਸ ਵਿਚ ਸਿੱਖ ਪੰਥ ਦੇ ਵਿਦਵਾਨ ਗਿਆਨੀ ਅਮਰੀਕ ਸਿੰਘ ਜੀ ਚੰਡੀਗੜ੍ਹ ਵਾਲਿਆਂ ਨੇ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ। ਇਸ ਤੋਂ ਪਹਿਲਾਂ ਗਿਆਨੀ ਸ਼ੁਬੇਗ ਸਿੰਘ ਨੇ ਸ੍ਰੀ ਰਹਿਰਾਸ ਜੀ ਦੇ ਭੋਗ ਪਾਏ। ਗੁਰਦੁਆਰਾ ਦੇ ਹਜ਼ੂਰੀ ਰਾਗੀ ਭਾਈ ਪਵਨ ਦੀਪ ਸਿੰਘ ਤੇ ਭਾਈ ਗੁਰਜੋਤ ਸਿੰਘ ਜੀ ਦੇ ਜਥੇ ਨੇ ਕੀਰਤਨ ਕਰ ਕੇ ਸੰਗਤ ਨੂੰ ਨਿਹਾਲ ਕੀਤਾ। ਇਸ ਗੁਰਮਤਿ ਸਮਾਗਮ ਵਿਚ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀਆਂ ਭਰ ਕੇ ਆਪਣੀ ਸ਼ਰਧਾ ਅਰਪਨ ਕੀਤੀ। ਗਿਆਨੀ ਅਮਰੀਕ ਸਿੰਘ ਜੀ ਨੇ ਬੜੇ ਹੀ ਭਾਵੁਕ ਹੁੰਦੇ ਹੋਏ ਗੁਰੂ ਜੀ ਨਾਲ ਸ਼ਹੀਦ ਹੋਏ ਭਾਈ ਮਤੀਦਾਸ, ਭਾਈ ਸਤੀ ਦਾਸ ਤੇ ਭਾਈ ਦਿਆਲਾ ਜੀ ਦੀ ਸ਼ਹਾਦਤ ਬਾਰੇ ਚਾਨਣਾ ਪਾਇਆ। ਇਸ ਉਪਰੰਤ ਸ੍ਰੀ ਕੀਰਤਨ ਸੋਹਿਲਾ ਦਾ ਪਾਠ ਕੀਤਾ ਗਿਆ ਤੇ ਗਿਆਨੀ ਸ਼ੁਬੇਗ ਸਿੰਘ ਜੀ ਨੇ ਸਮਾਗਮ ਤੋਂ ਬਾਅਦ ਸਰਬਤ ਦੇ ਭਲੇ ਲਈ ਅਰਦਾਸ ਕੀਤੀ।

# ਆਈਪੀਆਰਯੂ ਐਜ, ਆਈ.ਸੀ.ਆਈ.ਸੀ.ਆਈ ਪ੍ਰੂਡੈਂਸ਼ੀਅਲ ਲਾਈਫ ਦੇ ਮੋਬਾਈਲ ਐਪ ਦੀ ਵਰਤੋਂ ਕਰਨ ਵਾਲੇ 98.1% ਸਲਾਹਕਾਰਾਂ ਨੇ ਉਸੇ ਦਿਨ ਕਮਿਸ਼ਨ ਦਾ ਭੁਗਤਾਨ ਕੀਤਾ

**ਪਟਿਆਲਾ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਆਈ.ਸੀ.ਆਈ.ਸੀ.ਆਈ. ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਦੁਆਰਾ ਆਪਣੇ ਸਲਾਹਕਾਰਾਂ ਲਈ ਵਿਸ਼ੇਸ਼ ਤੌਰ 'ਤੇ ਲਾਂਚ ਕੀਤੀ ਗਈ ਆਈਪੀਆਰਯੂਈਜ਼ ਨੇ ਆਪਣੀ ਉਤਪਾਦਕਤਾ ਵਿੱਚ 37% ਵਾਧਾ ਕੀਤਾ ਹੈ, ਜਿਸ ਦੇ ਨਤੀਜੇ ਵਜੋਂ ਉਨ੍ਹਾਂ ਦੀ ਆਮਦਨ ਵਿੱਚ ਵੀ ਵਾਧਾ ਹੋਇਆ ਹੈ। ਮਹੱਤਵਪੂਰਨ ਤੌਰ 'ਤੇ, IPRU Edge ਦੀ ਵਰਤੋਂ ਕਰਨ ਵਾਲੇ 98.1% ਏਜੰਟਾਂ ਨੂੰ ਉਸੇ ਦਿਨ ਕਮਿਸ਼ਨਾਂ ਦਾ ਭੁਗਤਾਨ ਕੀਤਾ ਗਿਆ ਸੀ। ਆਈ.ਸੀ. ਆਈ.ਸੀ.ਆਈ. ਪ੍ਰੂਡੈਂਸ਼ੀਅਲ ਲਾਈਫ ਪਹਿਲੀ ਜੀਵਨ ਬੀਮਾ ਕੰਪਨੀ ਹੈ ਜਿਸ ਨੇ ਚੋਣਵੇਂ ਵਿਤਰਕਾਂ ਨੂੰ ਉਸੇ ਦਿਨ ਕਮਿਸ਼ਨ ਦਾ ਭੁਗਤਾਨ ਕੀਤਾ ਹੈ। ਕੰਪਨੀ ਕੋਲ 2 ਲੱਖ ਤੋਂ ਵੱਧ ਸਲਾਹਕਾਰਾਂ ਦਾ ਇੱਕ ਨੈਟਵਰਕ ਹੈ ਅਤੇ ਕੰਪਨੀ ਦੇ ਲਗਭਗ 61 ਪ੍ਰਤੀਸ਼ਤ ਪ੍ਰਮੁੱਖ ਸਲਾਹਕਾਰ ਹੁਣ ਐਪ ਦੀ ਸਰਗਰਮੀ ਨਾਲ ਵਰਤੋਂ ਕਰ ਰਹੇ ਹਨ, ਜੋ ਉਹਨਾਂ ਦੇ ਕਾਰੋਬਾਰ ਨੂੰ ਵਧਾਉਣ ਵਿੱਚ ਮਦਦ ਕਰ ਰਿਹਾ ਹੈ। ਮੋਬਾਈਲ ਐਪ ਏਜੰਟਾਂ ਲਈ ਚਲਦੇ-ਚਲਦੇ ਦਫ਼ਤਰ ਵਜੋਂ ਕੰਮ ਕਰਦੀ ਹੈ, ਜਿਸ ਨਾਲ ਉਹ ਪ੍ਰਬੰਧਕੀ ਗਤੀਵਿਧੀਆਂ ਦੀ ਬਜਾਏ ਨਵੇਂ ਕਾਰੋਬਾਰੀ ਵਿਕਾਸ 'ਤੇ ਧਿਆਨ ਕੇਂਦਰਤ ਕਰ ਸਕਦੇ ਹਨ। IPRue ਰੀਅਲ-ਟਾਈਮ ਕੇਵਾਈਸੀ ਪ੍ਰਮਾਣੀਕਰਨ ਦੀ ਸਹੂਲਤ ਦਿੰਦਾ ਹੈ, ਅਤੇ OCR ਤਕਨਾਲੋਜੀ ਗਾਹਕਾਂ ਨੂੰ ਕਾਗਜ਼ ਰਹਿਤ ਖਰੀਦਦਾਰੀ ਅਨੁਭਵ ਪ੍ਰਦਾਨ ਕਰਦੀ ਹੈ। ਇਹ ਉਨ੍ਹਾਂ ਏਜੰਟਾਂ ਲਈ ਬਹੁਤ ਲਾਭਦਾਇਕ ਹੈ ਜੋ ਛੋਟੇ ਕਸਬਿਆਂ ਅਤੇ ਪਿੰਡਾਂ ਵਿੱਚ ਰਹਿੰਦੇ ਹਨ।



HA-FY 2025 ਵਿੱਚ, ਕੰਪਨੀ ਨੇ ਆਪਣੇ ਏਜੰਸੀ ਚੈਨਲ ਤੋਂ ਪ੍ਰਾਪਤ ਰਿਟੇਲ ਵੇਟਿਡ ਪ੍ਰੀਮੀਅਮਾਂ ਵਿੱਚ 49 ਪ੍ਰਤੀਸ਼ਤ ਸਾਲ-ਦਰ-ਸਾਲ ਵਾਧਾ ਦਰਜ ਕੀਤਾ, ਜੋ ਐਪ ਦੁਆਰਾ ਪੇਸ਼ ਕੀਤੀ ਗਈ ਸਹੂਲਤ ਨੂੰ ਦਰਸਾਉਂਦਾ ਹੈ। ਸ਼੍ਰੀ ਅਨਿਲ ਸਿੰਘ, ਸੇਲਜ਼ ਚੀਫ, ਪ੍ਰੋਪਰਾਈਟਰੀ ਚੈਨਲ, ਆਈ.ਸੀ. ਆਈ.ਸੀ.ਆਈ ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਨੇ ਕਿਹਾ, ਸਾਡੀ ਮੋਬਾਈਲ ਐਪ, iPRUEzz, ਨੇ ਸਾਡੇ ਏਜੰਟਾਂ ਨੂੰ ਆਪਣਾ ਕਾਰੋਬਾਰ ਵਧਾਉਣ ਦੇ ਯੋਗ ਬਣਾਇਆ ਹੈ। ਇਹ HA-FY 2025 ਵਿੱਚ ਉਨ੍ਹਾਂ ਦੀ ਉਤਪਾਦਕਤਾ ਵਿੱਚ 37 ਪ੍ਰਤੀਸ਼ਤ ਵਾਧੇ ਤੋਂ ਸਪੱਸ਼ਟ ਹੈ। ਇਸ ਤੋਂ ਇਲਾਵਾ, ਮੋਬਾਈਲ ਐਪ ਦੀ ਵਰਤੋਂ ਕਰਨ ਵਾਲੇ 98.1 ਪ੍ਰਤੀਸ਼ਤ ਸਲਾਹਕਾਰਾਂ ਨੂੰ ਉਸੇ ਦਿਨ ਕਮਿਸ਼ਨਾਂ ਦਾ ਭੁਗਤਾਨ ਕੀਤਾ ਗਿਆ ਸੀ। ਇਹਨਾਂ ਪਹਿਲਕਦਮੀਆਂ ਨੇ ਸਾਨੂੰ ਦੇਸ਼ ਵਿੱਚ ਸਭ ਤੋਂ ਵੱਧ ਸਲਾਹਕਾਰ-ਅਨੁਕੂਲ ਜੀਵਨ ਬੀਮਾਕਰਤਾ ਬਣਨ ਦੇ ਯੋਗ ਬਣਾਇਆ ਹੈ। ਅਸੀਂ ਟੈਕਨਾਲੋਜੀ ਹੱਲ ਵੀ ਲਾਗੂ ਕੀਤੇ ਹਨ, ਜਿਸ ਨੇ ਸਾਨੂੰ HA-FY 2025 ਵਿੱਚ ਉਸੇ ਦਿਨ ਬਚਤ ਕਾਰੋਬਾਰ ਦੇ ਹਿੱਸੇ ਲਈ ਲਗਭਗ 50 ਪ੍ਰਤੀਸ਼ਤ ਨੀਤੀਆਂ ਜਾਰੀ ਕਰਨ ਦੇ ਯੋਗ ਬਣਾਇਆ ਹੈ। IPReduce ਸਲਾਹਕਾਰਾਂ ਨੂੰ ਪ੍ਰਬੰਧਕੀ ਗਤੀਵਿਧੀਆਂ ਦੀ ਬਜਾਏ ਨਵੇਂ ਕਾਰੋਬਾਰੀ ਵਿਕਾਸ 'ਤੇ ਧਿਆਨ ਕੇਂਦਰਿਤ ਕਰਨ ਦੀ ਇਜਾਜ਼ਤ ਦਿੰਦਾ ਹੈ। ਸਲਾਹਕਾਰ ਐਪ ਦੀ ਵਰਤੋਂ ਕਰਕੇ ਆਸਾਨੀ ਨਾਲ ਨਵੇਂ ਕਾਰੋਬਾਰ ਵਿੱਚ ਲੌਗਇਨ ਕਰ ਸਕਦੇ ਹਨ। ਅਸੀਂ ਆਪਣੇ ਸਲਾਹਕਾਰਾਂ ਨੂੰ ਕਾਰੋਬਾਰ ਦੇ ਨਵੇਂ ਮੌਕੇ, ਮੰਗ ਪੈਦਾ ਕਰਦੇ ਹਾਂ। ਇਹ ਸਲਾਹਕਾਰਾਂ ਨੂੰ ਆਪਣੇ ਗਾਹਕਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸੇਵਾ ਕਰਨ ਦੇ ਯੋਗ ਬਣਾਉਂਦਾ ਹੈ। ਮੋਬਾਈਲ ਐਪ ਸਾਡੇ ਏਜੰਟਾਂ ਲਈ ਆਪਣੇ ਕਾਰੋਬਾਰ ਨੂੰ ਲਾਭਦਾਇਕ ਢੰਗ ਨਾਲ ਵਧਾਉਣ ਦਾ ਹੱਲ ਹੈ।

# ਕੋਟਕ ਮਿਊਚੁਅਲ ਫੰਡ ਨੇ ਸਾਲ 2025 ਲਈ ਮਾਰਕੀਟ ਆਊਟਲੁੱਕ ਜਾਰੀ ਕੀਤਾ

**ਲੁਧਿਆਣਾ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੋਟਕ ਮਹਿੰਦਰਾ ਐਸੇਟ ਮੈਨੇਜਮੈਂਟ ਕੰਪਨੀ ਲਿਮਿਟੇਡ (™$1$3/ਕੋਟਕ ਮਿਊਚੁਅਲ ਫੰਡ) ਨੇ ਸਾਲ 2025 ਲਈ ਆਪਣੀ ਮਾਰਕੀਟ ਆਊਟਲੁੱਕ ਰਿਪੋਰਟ ਜਾਰੀ ਕੀਤੀ ਹੈ। ਇਸ ਰਿਪੋਰਟ ਵਿੱਚ, ਕੋਟਕ ਮਿਊਚੁਅਲ ਫੰਡ ਨੇ ਅਗਲੇ ਸਾਲ ਲਈ ਭਾਰਤੀ ਅਰਥਵਿਵਸਥਾ ਅਤੇ ਪੂੰਜੀ ਬਾਜ਼ਾਰਾਂ ਦੀ ਦਿਸ਼ਾ 'ਤੇ ਮੈਕਰੋ-ਆਰਥਿਕ ਅਨੁਮਾਨ ਸਾਂਝੇ ਕੀਤੇ ਹਨ ਅਤੇ ਵੱਖ-ਵੱਖ ਨਿਵੇਸ਼ ਥੀਮਾਂ ਦੀ ਵਿਆਖਿਆ ਕੀਤੀ ਹੈ ਜਿਨ੍ਹਾਂ 'ਤੇ ਨਿਵੇਸ਼ਕ ਨਜ਼ਰ ਰੱਖ ਸਕਦੇ ਹਨ।

ਮੌਜੂਦਾ ਬਾਜ਼ਾਰ ਦੀਆਂ ਸਥਿਤੀਆਂ ਦੇ ਮੱਦੇਨਜ਼ਰ, ਸਥਿਰ ਆਮਦਨੀ ਨਿਵੇਸ਼ ਦੀ ਖਿੱਚ ਤੇਜ਼ੀ ਨਾਲ ਵਧ ਰਹੀ ਹੈ। ਪੋਰਟਫੋਲੀਓ ਦੇ ਇੱਕ ਹਿੱਸੇ ਨੂੰ ਨਿਸ਼ਚਿਤ ਆਮਦਨ ਵਿਕਲਪਾਂ ਵਿੱਚ ਨਿਵੇਸ਼ ਕਰਨਾ ਜੋਖਮ ਨੂੰ ਘਟਾਉਣ ਦੇ ਨਾਲ-ਨਾਲ ਪੋਰਟਫੋਲੀਓ ਨੂੰ ਸਥਿਰਤਾ ਪ੍ਰਦਾਨ ਕਰਨ ਵਿੱਚ ਮਦਦ ਕਰ ਸਕਦਾ ਹੈ। ਵਿਆਜ ਦਰਾਂ ਵਿੱਚ ਢਾਂਚਾਗਤ ਗਿਰਾਵਟ ਦੇ ਨਾਲ ਪਰ ਅਨੁਮਾਨਤ ਅਸਥਿਰਤਾ ਦੇ ਨਾਲ, ਨਿਵੇਸ਼ਕਾਂ ਨੂੰ ਲੰਬੇ ਸਮੇਂ ਦੇ ਨਿਵੇਸ਼ ਵਿਕਲਪਾਂ 'ਤੇ ਧਿਆਨ ਕੇਂਦਰਿਤ ਕਰਨਾ ਚਾਹੀਦਾ ਹੈ (ਆਦਰਸ਼ ਤੌਰ 'ਤੇ 12 ਤੋਂ 18 ਮਹੀਨਿਆਂ ਦੇ ਨਿਵੇਸ਼ ਦੀ ਦੂਰੀ ਦੇ ਨਾਲ)। ਇਸ ਨਾਲ ਨਿਵੇਸ਼ਕਾਂ ਨੂੰ ਭਵਿੱਖ ਵਿੱਚ ਵਿਆਜ ਦਰਾਂ ਵਿੱਚ ਸੰਭਾਵਿਤ ਕਟੌਤੀ ਦਾ ਲਾਭ ਮਿਲੇਗਾ। ਰਿਪੋਰਟ ਦੇ ਅਨੁਸਾਰ, ਆਰਬੀਆਈ ਹੁਣ ਅਤੇ ਦਸੰਬਰ 2025 ਦਰਮਿਆਨ ਦਰਾਂ ਵਿੱਚ 50-75 bps ਦੀ ਕਟੌਤੀ ਕਰ ਸਕਦਾ ਹੈ। FY2026 ਲਈ ਕੇਂਦਰ ਅਤੇ ਰਾਜਾਂ ਦਾ ਸੰਯੁਕਤ ਘਾਟਾ 7 ਪ੍ਰਤੀਸ਼ਤ ਦੇ ਨੇੜੇ ਰਹਿਣ ਦੀ ਉਮੀਦ ਹੈ, ਜਿਸ ਨਾਲ FY2026 ਵਿੱਚ ਭਾਰਤ ਦੀ ਰੇਟਿੰਗ ਵਿੱਚ ਸੁਧਾਰ ਹੋ ਸਕਦਾ ਹੈ। ਅਨੁਕੂਲ ਮੈਕਰੋ-ਆਰਥਿਕ ਸਥਿਤੀਆਂ, ਸੰਭਾਵਿਤ ਰੇਟਿੰਗ ਅੱਪਗਰੇਡ, ਸੰਤੁਲਿਤ ਮੰਗ-ਸਪਲਾਈ ਅਤੇ ਵਿਆਜ ਦਰਾਂ ਵਿੱਚ ਕਟੌਤੀ 10-ਸਾਲ ਦੀਆਂ ਸਰਕਾਰੀ ਪ੍ਰਤੀਭੂਤੀਆਂ 'ਤੇ ਉਪਜ ਨੂੰ ਘਟਾ ਸਕਦੀ ਹੈ, ਜੋ ਇਸ ਸਮੇਂ 6.25% ਤੋਂ 6.50% ਦੇ ਬੈਂਡ ਵਿੱਚ ਵਪਾਰ ਕਰ ਰਹੀ ਹੈ। ਇਹ ਸਥਿਰ ਆਮਦਨੀ ਨਿਵੇਸ਼ਾਂ ਨੂੰ ਮੌਜੂਦਾ ਮਾਰਕੀਟ ਮਾਹੌਲ ਵਿੱਚ ਟਿਕਾਊ ਰਿਟਰਨ ਦੀ ਮੰਗ ਕਰਨ ਵਾਲਿਆਂ ਲਈ ਇੱਕ ਆਕਰਸ਼ਕ ਵਿਕਲਪ ਬਣਾਉਂਦਾ ਹੈ। ਕੋਟਕ ਮਹਿੰਦਰਾ ਏਐਮਸੀ ਦੇ ਮੈਨੇਜਿੰਗ ਡਾਇਰੈਕਟਰ ਨੀਲੇਸ਼ ਸ਼ਾਹ ਦਾ ਕਹਿਣਾ ਹੈ ਕਿ ਬਾਜ਼ਾਰ ਦੀ ਗਿਰਾਵਟ ਵਾਜਬ ਮੁੱਲਾਂ 'ਤੇ ਬੁਨਿਆਦੀ ਤੌਰ 'ਤੇ ਮਜ਼ਬੂਤ ਕੰਪਨੀਆਂ ਵਿੱਚ ਨਿਵੇਸ਼ ਕਰਨ ਦਾ ਇੱਕ ਮੌਕਾ ਹੈ। ਮਾਰਕੀਟ ਨੂੰ ਚਲਾਉਣ ਲਈ ਕਮਾਈ ਦੇ ਵਾਧੇ ਅਤੇ P/5 ਵਿਸਤਾਰ ਦੇ ਸੀਮਤ ਮੌਕਿਆਂ ਦੇ ਨਾਲ, ਕਿਸੇ ਨੂੰ ਬਹੁਤ ਜ਼ਿਆਦਾ ਰਿਟਰਨ ਦੀ ਉਮੀਦ ਨਹੀਂ ਕਰਨੀ ਚਾਹੀਦੀ ਅਤੇ ਟਿਕਾਊ ਅਤੇ ਲੰਬੇ ਸਮੇਂ ਦੇ ਵਿਕਾਸ 'ਤੇ ਧਿਆਨ ਦੇਣਾ ਚਾਹੀਦਾ ਹੈ।

# ਗੁਰਦੁਆਰਾ ਸ੍ਰੀ ਟੋਕਾ ਸਾਹਿਬ 'ਚ ਹੋਇਆ ਸ.ਫਰ-ਏ-ਦਸ਼ਮੇਸ਼ ਸਮਾਗਮ




**ਨਰਾਇਣਗੜ੍ਹ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਸੰਗਤ ਦੇ ਸਹਿਯੋਗ ਨਾਲ ਇਤਿਹਾਸਕ ਗੁਰਦੁਆਰਾ ਸ੍ਰੀ ਨਾਡਾ ਸਾਹਿਬ ਪੰਜਕਲਾਂ ਦੇ ਹੈੱਡ ਗ੍ਰੰਥੀ ਦੀ ਦੇਖ-ਰੇਖ ਹੇਠ ਇਤਿਹਾਸਕ ਗੁਰਦੁਆਰਾ ਸ੍ਰੀ ਟੋਕਾ ਸਾਹਿਬ ਵਿੱਚ ਸਫ਼ਰ-ਏ-ਦਸ਼ਮੇਸ਼ ਸਮਾਗਮ ਕਰਵਾਇਆ ਗਿਆ।

ਇਸ ਵਿੱਚ ਗੁਰਦੁਆਰਾ ਸ੍ਰੀ ਟੋਕਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਪੂਰਨ ਸਹਿਯੋਗ ਦਿੱਤਾ ਗਿਆ। ਸਮਾਗਮ ਵਿਚ ਭਾਈ ਕਰਨੈਲ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅਤੇ ਭਾਈ ਸ਼ੌਕੀਨ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅਤੇ ਭਾਈ ਜਗਜੀਤ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸ੍ਰੀ ਨਾਡਾ ਸਾਹਿਬ ਅਤੇ ਚਰਨਜੀਤ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਅੰਬ ਸਾਹਿਬ ਨੇ ਸੰਗਤਾਂ ਨੂੰ ਕਥਾ, ਕੀਰਤਨ ਅਤੇ ਗੁਰੂ ਇਤਿਹਾਸ ਸੁਣਾ ਕੇ ਨਿਹਾਲ ਕੀਤਾ।

ਗੁਰਦੁਆਰਾ ਸ੍ਰੀ ਨਾਡਾ ਸਾਹਿਬ ਦੇ ਹੈੱਡ ਗ੍ਰੰਥੀ ਜਗਜੀਤ ਸਿੰਘ ਨੇ ਦਸਵੇਂ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਤੋਂ ਗੁਰਦੁਆਰਾ ਸ੍ਰੀ ਨਾਡਾ ਸਾਹਿਬ ਤੱਕ ਦੀ ਯਾਤਰਾ ਬਾਰੇ ਵਿਸਥਾਰਪੂਰਵਕ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਨਾਹਨ ਦੇ ਰਾਜਾ ਮੇਦਨੀ ਪ੍ਰਕਾਸ਼ ਦੇ ਕਹਿਣ 'ਤੇ ਦਸਮ ਪਿਤਾ ਜੀ ਆਨੰਦਪੁਰ ਸਾਹਿਬ ਦੀ ਧਰਤੀ ਤੋਂ ਨਾਡਾ ਸਾਹਿਬ, ਟੋਕਾ ਸਾਹਿਬ, ਕਪਾਲ ਮੋਚਨ ਅਤੇ ਹੋਰ ਸਥਾਨਾਂ ਤੋਂ ਹੁੰਦੇ ਹੋਏ ਨਾਹਨ ਪਹੁੰਚੇ ਸਨ ਅਤੇ ਮੇਦਨੀ ਪ੍ਰਕਾਸ਼ ਦੇ ਕਹਿਣ 'ਤੇ ਪਾਉਂਟਾ ਸਾਹਿਬ ਨਗਰ ਵਸਾਇਆ ਸੀ।

ਸਮਾਗਮ ਵਿੱਚ ਗੁਰਦੁਆਰਾ ਸ੍ਰੀ ਨਾਡਾ ਸਾਹਿਬ ਦੇ ਹੈੱਡ ਗ੍ਰੰਥੀ ਜਗਜੀਤ ਸਿੰਘ ਨੇ ਗੁਰਦੁਆਰਾ ਸ੍ਰੀ ਟੋਕਾ ਸਾਹਿਬ ਦੇ ਪ੍ਰਧਾਨ ਮਹਿੰਦਰ ਸਿੰਘ, ਸਾਬਕਾ ਚੇਅਰਮੈਨ ਗੁਰਪਾਲ ਸਿੰਘ, ਦਲਬੀਰ ਸਿੰਘ ਬਿੱਟੂ, ਹਰਿਆਣਾ ਸਿੱਖ ਪ੍ਰਬੰਧਕ ਕਮੇਟੀ ਦੇ ਮੈਂਬਰ ਸਰਵਣ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸਰਬਜੀਤ ਸਿੰਘ ਜੰਮੂ, ਗੁਰਦੁਆਰਾ ਨਾਡਾ ਸਾਹਿਬ ਦੇ ਮੀਤ ਮੈਨੇਜਰ ਸ਼ਿਵਚਰਨ ਸਿੰਘ, ਗੁਰਮੁਖ ਸਿੰਘ, ਗੁਰਦੁਆਰਾ ਸ੍ਰੀ ਟੋਕਾ ਸਾਹਿਬ ਦੇ ਕੀਰਤਨੀ ਜਥੇ ਸਮੇਤ ਹੋਰਨਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

## ਸੰਪਾਦਕੀ

# ਲੁਧਿਆਣਾ ਵਿਖੇ ਬੁੱਢੇ ਦਰਿਆ ਦਾ ਵੱਧਦਾ ਪ੍ਰਦੂਸ਼ਣ

ਬੁੱਢੇ ਦਰਿਆ ਦੇ ਪਾਣੀਆਂ ਦੇ ਪ੍ਰਦੂਸ਼ਣ ਨੂੰ ਲੈ ਕੇ ਪੈਦਾ ਹੋ ਰਹੀ ਸਥਿਤੀ ਜਿੱਥੇ ਗੰਭੀਰ ਚਿੰਤਨ ਦੀ ਲੋੜ ਨੂੰ ਉਜਾਗਰ ਕਰ ਰਹੀ ਹੈ ਉੱਥੇ ਸਮੱਸਿਆ ਦੇ ਹੱਲ ਲਈ ਸੰਜੀਦਾ ਅਤੇ ਠੋਸ ਕਦਮਾਂ ਦੀ ਵੀ ਮੰਗ ਕਰਦੀ ਹੈ। ਇਸ ਮਸਲੇ ਨੂੰ ਲੈ ਕੇ ਤਿੰਨ ਕੁ ਮਹੀਨੇ ਪਹਿਲਾਂ ਵੀ ਲੁਧਿਆਣਾ ਸ਼ਹਿਰ ਵਿੱਚ 'ਕਾਲੇ ਪਾਣੀਆਂ ਦਾ ਮੋਰਚਾ' ਦੇ ਬੈਨਰ ਹੇਠ ਲੋਕਾਂ ਦਾ ਵੱਡਾ ਇਕੱਠ ਹੋਇਆ ਸੀ ਜਿਸ ਵਿੱਚ ਸਰਕਾਰ ਨੂੰ ਅਪੀਲ ਕੀਤੀ ਗਈ ਸੀ ਕਿ ਬੁੱਢੇ ਦਰਿਆ ਦੇ ਪਾਣੀਆਂ ਨੂੰ ਪ੍ਰਦੂਸ਼ਣ ਤੋਂ ਬਚਾਉਣ ਲਈ ਠੋਸ ਕਦਮ ਪੁੱਟੇ ਜਾਣ। ਮੰਗਲਵਾਰ ਨੂੰ ਬੁੱਢੇ ਦਰਿਆ ਦੇ ਆਸ-ਪਾਸ ਖੇਤਰਾਂ ਵਿੱਚ ਲੱਗੇ ਕਾਮਨ ਐਫਲੂਐਂਟ ਟ੍ਰੀਟਮੈਂਟ ਪਲਾਂਟ ਦਾ ਪਾਣੀ ਬੁੱਢੇ ਦਰਿਆ ਵਿੱਚ ਪੈਣ ਤੋਂ ਰੋਕਣ ਲਈ ਕਾਫ਼ੀ ਵੱਡੀ ਗਿਣਤੀ ਵਿੱਚ ਲੋਕ ਲੁਧਿਆਣਾ ਪੁੱਜੇ ਸਨ ਪਰ ਪੁਲੀਸ ਨੇ ਵਿਆਪਕ ਬੰਦੋਬਸਤ ਕਰ ਕੇ ਉਨ੍ਹਾਂ ਨੂੰ ਪਲਾਂਟ ਵਾਲੀ ਥਾਂ 'ਤੇ ਜਾਣ ਤੋਂ ਰੋਕ ਦਿੱਤਾ ਅਤੇ ਕੁਝ ਵਿਅਕਤੀਆਂ ਨੂੰ ਹਿਰਾਸਤ ਵਿੱਚ ਲੈ ਲਿਆ। ਇਸੇ ਦੌਰਾਨ ਲੁਧਿਆਣਾ ਦੀ ਰੰਗਾਈ ਸਨਅਤ ਦੇ ਮਾਲਕਾਂ ਤੇ ਪ੍ਰਬੰਧਕਾਂ ਵੱਲੋਂ ਵੀ ਮਜ਼ਦੂਰਾਂ ਦਾ ਵੱਡਾ ਇਕੱਠ ਕਰ ਕੇ ਆਪਣਾ ਸ਼ਕਤੀ ਪ੍ਰਦਰਸ਼ਨ ਕੀਤਾ ਗਿਆ। ਇਸ ਲਿਹਾਜ਼ ਤੋਂ ਇਹ ਪੰਜਾਬ ਦੇ ਸਮਾਜਿਕ ਤੇ ਭਾਈਚਾਰਕ ਸਬੰਧਾਂ ਅਤੇ ਇਸ ਦੇ ਆਰਥਿਕ ਤੇ ਕਾਰੋਬਾਰੀ ਮਾਹੌਲ ਲਈ ਕੋਈ ਸਾਜ਼ਗਾਰ ਸੰਕੇਤ ਨਹੀਂ ਹੈ।

ਵਾਤਾਵਰਨ ਦਾ ਮਸਲਾ ਅੱਜ ਪੂਰੀ ਦੁਨੀਆ ਵਿੱਚ ਸਿਰ ਚੁੱਕ ਰਿਹਾ ਹੈ ਅਤੇ ਸਮੁੱਚੇ ਜੈਵ ਜੀਵਨ ਲਈ ਜ਼ਿੰਦਗੀ ਤੇ ਮੌਤ ਦਾ ਸਵਾਲ ਬਣ ਰਿਹਾ ਹੈ। ਅਜੇ ਕੁਝ ਦਿਨ ਪਹਿਲਾਂ ਹੀ ਨਾ ਕੇਵਲ ਕੌਮੀ ਰਾਜਧਾਨੀ ਦਿੱਲੀ ਸਗੋਂ ਲਾਹੌਰ ਵਿੱਚ ਹਵਾ ਦਾ ਪ੍ਰਦੂਸ਼ਣ ਬੇਤਹਾਸ਼ਾ ਵਧਣ ਕਰ ਕੇ ਸਾਹ ਲੈਣਾ ਵੀ ਔਖਾ ਹੋ ਗਿਆ ਸੀ। ਦਿੱਲੀ ਵਿੱਚ ਤਾਂ ਹਾਲੇ ਵੀ ਹਵਾ ਦੇ ਪ੍ਰਦੂਸ਼ਣ ਦੀ ਰੋਕਥਾਮ ਲਈ ਲਾਈਆਂ ਰੋਕਾਂ (ਗਰੈਪ-4) ਜਾਰੀ ਹਨ। ਪੰਜਾਬ ਵਿੱਚ ਜ਼ਮੀਨ ਹੇਠਲੇ ਪਾਣੀ ਅਤੇ ਦਰਿਆਈ ਪਾਣੀਆਂ ਦੀ ਪਲੀਤੀ ਦਾ ਸੰਕਟ ਗਹਿਰਾ ਹੋ ਗਿਆ ਹੈ। ਅਫ਼ਸੋਸ ਦੀ ਗੱਲ ਇਹ ਹੈ ਕਿ ਇਸ ਮੁਤੱਲਕ ਪਿਛਲੇ ਕਈ ਸਾਲਾਂ ਤੋਂ ਅੱਖਾਂ ਮੀਟੀਆਂ ਹੋਈਆਂ ਸਨ ਪਰ ਹੁਣ ਜਦੋਂ ਪਾਣੀ ਨੱਕ ਤੱਕ ਅੱਪੜ ਗਿਆ ਹੈ ਤਾਂ ਹੁਣ ਇਸ ਛੋਟੇ ਮੋਟੇ ਨੁਸਖ਼ਿਆਂ ਨਾਲ ਇਸ ਸਮੱਸਿਆ ਨੂੰ ਸਿੱਝਣਾ ਮੁਸ਼ਕਿਲ ਹੋ ਗਿਆ ਹੈ।

ਪੰਜਾਬ ਦੀ ਹੋਂਦ ਹਸਤੀ ਪਾਣੀਆਂ ਖ਼ਾਸਕਰ ਦਰਿਆਈ ਪਾਣੀਆਂ ਨਾਲ ਜੁੜੀ ਹੋਈ ਹੈ। ਬੁੱਢਾ ਦਰਿਆ ਸਤਲੁਜ ਦਰਿਆ ਦੇ ਪ੍ਰਾਚੀਨ ਮੁਹਾਣ ਦਾ ਪ੍ਰਮਾਣ ਹੈ ਪਰ ਵਿਕਾਸ ਪ੍ਰਤੀ ਸਾਡੀ ਵਿਗੜੀ ਹੋਈ ਧਾਰਨਾ ਨੇ ਪਵਿੱਤਰ ਦਰਿਆਵਾਂ ਨੂੰ ਐਨਾ ਪਲੀਤ ਕਰ ਦਿੱਤਾ ਕਿ ਅਸੀਂ ਬੁੱਢੇ ਦਰਿਆ ਨੂੰ ਬੁੱਢਾ ਨਾਲਾ ਜਾਂ ਗੰਦਾ ਨਾਲਾ ਕਹਿਣਾ ਸ਼ੁਰੂ ਕਰ ਦਿੱਤਾ ਹੈ ਜਿਸ ਤੋਂ ਪਤਾ ਲੱਗਦਾ ਹੈ ਕਿ ਸਾਫ਼ ਸੁਥਰੇ ਪੌਣ ਪਾਣੀਆਂ ਪ੍ਰਤੀ ਸਾਡੀ ਜਨਤਕ ਸਮਝ ਕਿੰਨੀ ਨਿੱਘਰ ਚੁੱਕੀ ਹੈ। ਪਾਣੀ ਦਾ ਮਸਲਾ ਹੋਵੇ ਜਾਂ ਹਵਾ ਨੂੰ ਸ਼ੁੱਧ ਕਰਨ ਜਾਂ ਖੁਰਦੀ ਜਾ ਰਹੇ ਜੈਵ ਜੀਵਨ ਨੂੰ ਬਚਾਉਣ ਦਾ ਸਵਾਲ, ਵਾਤਾਵਰਨ ਦੇ ਸੰਕਟ ਨਾਲ ਸਿੱਝਣ ਅਤੇ ਇਸ ਨੂੰ ਸਵੱਛ ਰੂਪ ਵਿੱਚ ਬਹਾਲ ਕਰਨ ਲਈ ਸਾਨੂੰ ਇਸ ਪ੍ਰਤੀ ਸੰਵੇਦਨਸ਼ੀਲ ਅਤੇ ਪੁਖਤਾ ਸੋਚ ਅਤੇ ਜੀਵਨ ਜਾਂਚ ਪੈਦਾ ਕਰਨੀ ਪਵੇਗੀ ਜਿਸ ਵਿੱਚੋਂ ਅਜਿਹੇ ਸੰਕਟਾਂ ਨਾਲ ਸਿੱਝਣ ਲਈ ਜਾਗ੍ਰਿਤ, ਸੁਹਿਰਦ ਅਤੇ ਜ਼ਿੰਮੇਵਾਰ ਅਗਵਾਈ ਸਾਹਮਣੇ ਆਵੇਗੀ। ਲੁਧਿਆਣਾ ਵਿੱਚ ਬੁੱਢੇ ਦਰਿਆ ਦੇ ਮੁੱਦੇ ਨੂੰ ਜਿਵੇਂ ਕੁਝ ਲੋਕਾਂ ਵਲੋਂ 'ਮੁਕਾਮੀ ਬਨਾਮ ਪਰਵਾਸੀ' ਬਣਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਉਸ ਦੀ ਸਖ਼ਤ ਨਿਖੇਧੀ ਕੀਤੀ ਜਾਣੀ ਚਾਹੀਦੀ ਹੈ ਕਿਉਂਕਿ ਵਾਤਾਵਰਨ ਦਾ ਸਵਾਲ ਸਭ ਲੋਕਾਂ ਦਾ ਸਾਂਝਾ ਸਰੋਕਾਰ ਹੈ ਅਤੇ ਇਸ ਦਾ ਹੰਢਣਸਾਰ ਹੱਲ ਕੱਢਣ ਲਈ ਸਾਰੀਆਂ ਧਿਰਾਂ ਨੂੰ ਆਪਸੀ ਸੰਵਾਦ ਤੇ ਸਾਂਝੇ ਯਤਨਾਂ ਦਾ ਰਾਹ ਅਪਣਾਉਣ ਦੀ ਲੋੜ ਹੈ ਅਤੇ ਮਾਅਰਕੇਬਾਜ਼ੀ ਤੇ ਟਕਰਾਅ ਦੀ ਪਹੁੰਚ ਤੋਂ ਬਚਣਾ ਚਾਹੀਦਾ ਹੈ।

# ਵਿਧਾਇਕ ਦੇਵ ਮਾਨ ਨਾਲ ਫਿਰੋਜ਼ਪੁਰ ਦਿਹਾਤੀ ਦੇ ਐਮ ਐਲ ਏ ਰਜਨੀਸ਼ ਦਹਿਆ ਨੇ ਕੀਤਾ ਦੁੱਖ ਸਾਂਝਾ



ਨਾਭਾ, 7 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪਿਛਲੇ ਦਿਨੀ ਗੁਰਦੇਵ ਸਿੰਘ ਦੇਵ ਮਾਨ ਐਮ ਐਲ ਏ ਨਾਭਾ ਦੇ ਪਿਤਾ ਲਾਲ ਸਿੰਘ ਅਕਾਲ ਚਲਾਣਾ ਕਰ ਗਏ ਸਨ ਅੱਜ ਉਨਾਂ ਦੇ ਦਫ਼ਤਰ ਨਾਭਾ ਵਿਖੇ ਵੱਖ ਵੱਖ ਰਾਜਨੀਤਿਕ ਅਤੇ ਧਾਰਮਿਕ ਸੰਸਥਾਵਾਂ ਦੇ ਆਗੂਆਂ ਵੱਲੋਂ ਦੁੱਖ ਸਾਂਝਾ ਕੀਤਾ ਗਿਆ ਅੱਜ ਦੁੱਖ ਸਾਂਝਾ ਕਰਨ ਵਾਲਿਆਂ ਵਿੱਚ ਰਜਨੀਸ਼ ਦਹਿਆ ਐਮ ਐਲ ਏ ਫਿਰੋਜ਼ਪੁਰ ਦਿਹਾਤੀ , ਅਮਨ ਗੁਪਤਾ ਪ੍ਰਧਾਨ ਗਊਸ਼ਾਲਾ ਕਮੇਟੀ ਨਾਭਾ, ਟੋਨੀ ਵਿਨੋਦ ਫਰਨੀਚਰ, ਮਨਪ੍ਰੀਤ ਸਿੰਘ ਕਰਤਾਰ ਕੰਬਾਈਨ ਭਾਦਸੋਂ, ਹਰੀ ਸਿੰਘ ਪ੍ਰੀਤ ਕੰਬਾਈਨ, ਚਰਨ ਸਿੰਘ ਮਲਕੀਤ ਕੰਬਾਈਨ, ਨਗਰ ਕੌਂਸਲ ਦੇ ਪ੍ਰਧਾਨ ਸੁਜਾਤਾ ਚਾਵਲਾ, ਨੀਰੂ ਸ਼ਰਮਾ ਕੋਸਲਰ, ਕਰਮਜੀਤ ਕੌਰ ਕੋਸਲਰ ,ਰੋਜੀ ਨਾਗਪਾਲ ਕੋਸਲਰ , ਅਮਰਜੀਤ ਕੌਰ ਸਾਹਨੀ ਕੋਸਲਰ , ਸੋਨੀਆ ਪਹੂਜਾ ਮੀਤ ਪ੍ਰਧਾਨ , ਪ੍ਰਭੂ ਸਿੰਘ ਸਰਪੰਚ ਨਿਰਮਾਣਾ ਅਤੇ ਵੱਡੀ ਗਿਣਤੀ ਵਿੱਚ ਸਮਾਜ ਸੇਵੀ ਸੰਸਥਾਵਾਂ ਦੇ ਆਗੂ ਮੌਜੂਦ ਸਨ ।

# ਸੈਨਿਕ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨੋਲੋਜੀ ਵਿਖੇ ਬੇਸਿਕ ਕੰਪਿਊਟਰ ਕੋਰਸ ਦੇ ਰਜਿਸਟ੍ਰੇਸ਼ਨ ਦੀ ਆਖਰੀ ਮਿਤੀ 20 ਦਸੰਬਰ

ਰੂਪ ਨਗਰ, 7 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਜਿਲ੍ਹਾ ਰੱਖਿਆ ਭਲਾਈ ਅਫ਼ਸਰ ਰੂਪਨਗਰ (ਰਿਟਾ) ਵਿੰਗ ਕਮਾਂਡਰ ਗੁਰਪ੍ਰੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੈਨਿਕ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨੋਲੋਜੀ, ਰੂਪਨਗਰ ਵਲੋਂ ਇਲਾਕੇ ਦੇ ਬੱਚਿਆਂ ਲਈ 03 ਮਹੀਨੇ ਦਾ (ਆਈ.ਐਸ.ਓ ਸਰਟੀਫਾਈਡ) ਬੇਸਿਕ ਕੰਪਿਊਟਰ ਕੋਰਸ ਸ਼ੁਰੂ ਕੀਤਾ ਜਾ ਰਿਹਾ ਹੈ ਜਿਸ ਦੇ ਰਜਿਸਟ੍ਰੇਸ਼ਨ ਦੀ ਆਖਰੀ ਮਿਤੀ 20 ਦਸੰਬਰ 2024 ਹੈ।ਉਨ੍ਹਾਂ ਦੱਸਿਆ ਕਿ ਕੋਰਸ ਵਿੱਚ ਐਮ.ਐਸ ਆਫਿਸ, ਐਮਐਸ ਐਕਸਲ, ਪਾਵਰ ਪੁਆਇੰਟ, ਪ੍ਰਿੰਟਿੰਗ, ਸਕੈਨਿੰਗ, ਅਤੇ ਈ- ਮੇਲਿੰਗ ਆਦਿ ਦੀ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਸੰਸਥਾ ਦੀ ਕੰਪਿਊਟਰ ਲੈਬ ਆਧੁਨਿਕ ਉਪਕਰਨਾਂ ਨਾਲ ਲੈਸ ਹੈ। ਇੱਥੇ ਸਾਰੇ ਵਿਦਿਆਰਥੀਆਂ ਲਈ ਲਿਖਤੀ ਪੜਾਈ ਦੇ ਨਾਲ- ਨਾਲ ਪ੍ਰੈਕਟੀਕਲ ਕਲਾਸਾਂ ਤੇ ਖਾਸ ਧਿਆਨ ਦਿੱਤਾ ਜਾਂਦਾ ਹੈ। ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਕੋਰਸ ਲਈ ਸੇਵਾ ਕਰ ਰਹੇ ਸੈਨਿਕਾਂ/ਸਾਬਕਾ ਸੈਨਿਕਾਂ ਤੇ ਉਹਨਾਂ ਦੇ ਆਸ਼ਰਿਤਾਂ /ਐਸ ਸੀ ਦੇ ਨਾਲ ਨਾਲ ਹੋਰਨਾਂ ਕਮਜ਼ੋਰ ਵਰਗਾਂ ਦੇ ਬੱਚਿਆਂ ਨੂੰ ਵੀ ਵਿਚਾਰਿਆ ਜਾਵੇਗਾ।

# ਦਿਵਿਆਂਗਣਾ ਦਿਵਸ ਦੇ ਮੌਕੇ 'ਤੇ ਦਿਵਿਆਂਗ ਵਿਅਕਤੀਆਂ ਵੱਲੋਂ ਕੱਢਿਆ ਗਿਆ ਰੋਸ ਮਾਰਚ



ਧੂਰੀ, 7 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਦਿਆਂਗਾ ਦਿਵਸ ਦੇ ਮੌਕੇ ਤੇ ਧੂਰੀ ਵਿਖੇ ਇਕ ਵਿਸ਼ਾਲ ਰੋਸ਼ ਮਾਰਚ ਕੱਢਿਆ ਗਿਆ, ਜਿਸ ਵਿਚ ਭਾਰੀ ਗਿਣਤੀ ਦੇ ਵਿਚ ਦਿਵਿਆਂਗ ਵਿਅਕਤੀਆਂ ਵੱਲੋਂ ਭਾਗ ਲਿਆ ਗਿਆ ਅਤੇ ਓਹਨਾ ਨੇ ਇਹ ਰੋਸ਼ ਪ੍ਰਦਰਸ਼ਨ ਧੂਰੀ ਦੇ ਰਾਮ ਬਾਗ਼ ਤੋਂ ਸ਼ੁਰੂ ਕਰ ਕੇ ਧੂਰੀ ਦੇ ਅਲੱਗ ਅਲੱਗ ਬਾਜ਼ਾਰਾਂ ਵਿੱਚੋਂ ਕੱਢਦੇ ਹੋਏ ਲੋਕਾਂ ਨੂੰ ਆਪਣੇ ਹੱਕਾਂ ਬਾਰੇ ਜਾਣੂ ਕਰਵਾਇਆ , ਇਸ ਮੌਕੇ ਤੇ ਦਿਵਿਆਂਗ ਅੰਗਹੀਨ ਏਕਤਾ ਯੂਨੀਅਨ ਦੇ ਪ੍ਰਧਾਨ ਲਾਭ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਕਿਹਾ ਕਿ ਪਹਿਲਾਂ ਦੀਆਂ ਸਰਕਾਰਾਂ ਵੇਲੇ ਉਨਾਂ ਨੂੰ 1500 ਰੁਪਏ ਮਹੀਨਾਂ ਪੈਨਸ਼ਨ ਦਿੱਤੀ ਜਾਂਦੀ ਸੀ ਪਰ ਚੋਣ ਪ੍ਰਚਾਰ ਸਮੇਂ ਆਪ ਦੀ ਸਰਕਾਰ ਨੇ ਸਾਡੇ ਨਾਲ ਵਾਅਦਾ ਕੀਤਾ ਸੀ ਕਿ ਸਾਡੀ ਸਰਕਾਰ ਆਉਣ ਤੇ ਤੁਹਾਡੀ ਪੈਨਸ਼ਨ ਦੁਗਣੀ ਕਰ ਦਿੱਤੀ ਜਾਵੇਗੀ । ਪਰ ਸਾਡੀ ਪੈਨਸ਼ਨ ਵਿਚ ਹਜੇ ਤੱਕ ਕੋਈ ਵਾਧਾ ਨਹੀਂ ਕੀਤਾ ਗਿਆ ਜਦਕਿ 3 ਸਾਲ ਦੇ ਕਰੀਬ ਹੋ ਚੱਲੇ ਹਨ ਸਰਕਾਰ ਬਣੀ ਨੂੰ ਅਸੀਂ ਇਹ ਚਾਹੁੰਨੇ ਹਨ ਕੇ ਸਾਨੂੰ ਕੋਈ ਨੌਕਰੀ ਹੀ ਦੇ ਦਿੱਤੀ ਜਾਵੇ ਤਾਂ ਕੇ ਅਸੀਂ ਆਪਣੇ ਅਤੇ ਆਪਣੇ ਪਰਿਵਾਰ ਦਾ ਢਿੱਡ ਭਰ ਸਕੀਏ ਪਰ ਸਾਡੀ ਕਿਸੇ ਵੀ ਸਰਕਾਰ ਨੇ ਨਹੀਂ ਸੁਣੀ ਇਸ ਸਰਕਾਰ ਤੇ ਸਾਨੂੰ ਵਿਸ਼ਵਾਸ ਸੀ ਪਰ ਇਹਨਾ ਨੇ ਵੀ ਸਾਡੀ ਕੋਈ ਸਾਰ ਨਹੀਂ ਲਈ।

ਦਿਵਿਆਂਕ ਯੂਨੀਅਨ ਵੱਲੋਂ ਇੱਕ ਮੰਗ ਪੱਤਰ ਮੁੱਖ ਮੰਤਰੀ ਪੰਜਾਬ ਦੇ ਨਾਮ ਤੇ ਸੀਐਮ ਦਫਤਰ ਇੰਚਾਰਜ ਅਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੂੰ ਸੌਂਪਿਆ ਇਸ ਮੌਕੇ ਤੇ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਸਰਕਾਰ ਵੱਲੋਂ ਕਾਨੂੰਨੀ ਸਿਸਟਮ ਨਾਲ ਜੋ ਵੀ ਇਹਨਾਂ ਦੇ ਹੱਕ ਹੋਣਗੇ ਉਹ ਇਹਨਾਂ ਨੂੰ ਦਿੱਤੇ ਜਾਣਗੇ ਔਰ ਇਹ ਮੈਂ ਵਿਸ਼ਵਾਸ ਦਿਵਾਨਾ ਹਾਂ ਕਿ ਜਲਦੀ ਹੀ ਇਹਨਾਂ ਦੀਆਂ ਸਮੱਸਿਆ ਦਾ ਹੱਲ ਵੀ ਹੋ ਜਾਵੇਗਾ। ਇਸ ਮੌਕੇ ਤੇ ਦਿਵਿਆਂਗ ਯੂਨੀਅਨ ਵਿਅਕਤੀ ਮੌਜੂਦ ਰਹੇ।

# ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ 'ਚ ਯੂਥ ਨੂੰ ਭਾਈਵਾਲ ਬਣਾਉਣ 'ਤੇ ਦਿੱਤਾ ਜ਼ੋਰ



ਲੁਧਿਆਣਾ, 7 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ, ਪੂੰਜੀ ਨਿਵੇਸ਼ ਪ੍ਰੋਤਸਾਹਨ, ਕਿਰਤ, ਪ੍ਰਾਹੁਣਚਾਰੀ, ਉਦਯੋਗ ਤੇ ਕਾਮਰਸ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਪੰਜਾਬ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਮੰਗਲਵਾਰ ਨੂੰ ਓਪਨ ਏਅਰ ਥੀਏਟਰ, ਪੀ.ਏ.ਯੂ, ਲੁਧਿਆਣਾ ਵਿਖੇ ਤਿੰਨ ਰੋਜ਼ਾ 13ਵਾ ਇੰਟਰ ਕਾਲਜ ਯੂਥ ਫੈਸਟੀਵਲ ਦਾ ਉਦਘਾਟਨ ਸ਼ਮਾਂ ਰੌਸ਼ਨ ਕਰਕੇ ਕੀਤਾ। ਇਸ ਫੈਸਟੀਵਲ ਦਾ ਆਯੋਜਨ ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਿਜ਼ ਯੂਨੀਵਰਸਿਟੀ (ਗਡਵਾਸੂ), ਲੁਧਿਆਣਾ ਵੱਲੋਂ ਕੀਤਾ ਗਿਆ। ਇਸ ਮੌਕੇ ਤੇ ਉਨ੍ਹਾਂ ਨਾਲ ਗਡਵਾਸੂ ਦੇ ਵਾਈਸ ਚਾਂਸਲਰ ਡਾ. ਜਤਿੰਦਰ ਪਾਲ ਸਿੰਘ ਗਿੱਲ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਨੌਜਵਾਨਾਂ ਦੀ ਅਸੀਮ ਊਰਜ਼ਾ ਨੂੰ ਇੱਕ ਸਕਾਰਾਤਮਕ ਦਿਸ਼ਾ ਵਿੱਚ ਲਿਆਉਣ ਦੀ ਲੋੜ 'ਤੇ ਜ਼ੋਰ ਦਿੱਤਾ, ਤਾਂ ਜੋ ਉਨ੍ਹਾਂ ਨੂੰ ਦੇਸ਼ ਅਤੇ ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਭਾਈਵਾਲ ਬਣਾਇਆ ਜਾ ਸਕੇ। ਉਹਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਦੋਂ ਨੌਜਵਾਨ ਪੀੜ੍ਹੀ ਆਪਣੀ ਪੜ੍ਹਾਈ ਪੂਰੀ ਕਰਨ ਉਪਰੰਤ ਕੋਈ ਆਪਣਾ ਬਿਜਨੈਸ ਸ਼ੁਰੂ ਕਰਨਾ ਚਾਹੁੰਦੀ ਹੈ ਤਾਂ ਪੰਜਾਬ ਸਰਕਾਰ ਉਹਨਾਂ ਨੂੰ 5 ਲੱਖ ਰੁਪਏ ਦੀ ਮੱਦਦ ਦਿੰਦੀ ਹੈ। ਇਸ ਕਰਕੇ ਕਿਸੇ ਨੌਜਵਾਨ ਨੇ ਆਪਣਾ ਕੰਮ ਸ਼ੁਰੂ ਕਰਨਾ ਹੋਵੇ ਤਾਂ ਮਾਨ ਸਰਕਾਰ ਉਹਨਾਂ ਪਿੱਛੇ ਚਟਾਨ ਬਣਕੇ ਖੜ੍ਹੀ ਹੈ। ਉਹਨਾਂ ਕਿਹਾ ਕਿ ਇਸ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਸਕੀਮਾਂ ਹਨ ਜਿਵੇਂ ਕਿ ਸੂਖਮ, ਲਘੂ ਅਤੇ ਦਰਮਿਆਨੇ ਉਦਯੋਗ (ਐਮ.ਐਸ.ਐਮ.ਈ) ਦੀ ਗੱਲ ਕਰਦਿਆਂ ਮਾਨ ਮਹਿਸੂਸ ਹੋ ਰਿਹਾ ਹੈ ਕਿ ਭਾਰਤ ਦੇ 28 ਰਾਜਾ ਅਤੇ 8 ਕੇਂਦਰ ਪ੍ਰਸ਼ਾਸ਼ਤ ਰਾਜਾਂ ਵਿੱਚੋਂ ਸਾਡੇ ਪੰਜਾਬ ਦੇ ਇਨਵੈਸਟਮੈਂਟ ਪੋਰਟਲ ਨੇ ਸਾਰੇ ਰਾਜਾਂ ਵਿੱਚੋਂ ਪਹਿਲਾ ਦਰਜਾ ਪ੍ਰਾਪਤ ਕੀਤਾ ਹੈ। ਇਸ ਤੋਂ ਇਲਾਵਾ ਪੰਜਾਬ ਦੇ 55 ਹਜ਼ਾਰ ਨਵੇਂ ਐਮ.ਐਸ.ਐਮ.ਈ ਨੇ ਰਜਿਸਟ੍ਰੇਸ਼ਨ ਕਰਵਾਈ ਹੈ ਕਿ ਅਸੀਂ ਆਪਣਾ ਕਾਰੋਬਾਰ ਕਰਨਾ ਚਾਹੁੰਦੇ ਹਾਂ ਜੋ ਕਿ ਪੂਰੇ ਭਾਰਤ ਵਿੱਚੋਂ ਕਿਸੇ ਰਾਜ ਦਾ ਸਭ ਤੋਂ ਵੱਧ ਅੰਕੜਾ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਕੋਲ ਜਮੀਨੀ ਪੱਧਰ ਉੱਤੇ ਵੱਡੀ ਪੱਧਰ ਤੇ ਨਿਵੇਸ਼ ਹੋਏ ਹਨ ਜਿਸ ਵਿੱਚੋਂ ਬਹੁਤ ਕੀਮਤੀ ਵੱਡੀਆ ਕੰਪਨੀਆਂ ਨੇ ਆ ਕੇ ਨਿਵੇਸ਼ ਕੀਤਾ ਹੈ।

ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਪੰਜਾਬੀ ਨੌਜਵਾਨ ਲੰਮੇ ਸਮੇਂ ਤੋਂ ਆਪਣੀ ਮਿਹਨਤ, ਇਮਾਨਦਾਰੀ ਤੇ ਦ੍ਰਿੜ ਸੰਕਲਪ ਲਈ ਵਿਸ਼ਵ ਭਰ ਵਿੱਚ ਪ੍ਰਸਿੱਧ ਹਨ।

ਉਨ੍ਹਾਂ ਕਿਹਾ ਕਿ ਇਹੀ ਕਾਰਨ ਹੈ ਕਿ ਪੰਜਾਬੀ ਨੌਜਵਾਨਾਂ ਨੇ ਨਾ ਸਿਰਫ ਆਪਣੇ ਸੂਬੇ, ਦੇਸ਼ ਵਿੱਚ ਬਲਕਿ ਵਿਸ਼ਵ ਪੱਧਰ 'ਤੇ ਸਮਾਜਿਕ-ਆਰਥਿਕ ਵਿਕਾਸ ਵਿੱਚ ਬਹੁਤ ਵੱਡਾ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਬਿਹਤਰੀ ਲਈ ਨੌਜਵਾਨਾਂ ਦੀ ਭਰਪੂਰ ਊਰਜ਼ਾ ਦੀ ਵਰਤੋਂ ਕਰਨ ਦੀ ਲੋੜ ਹੈ ਜਿਸ ਲਈ ਅਜਿਹੇ ਯੂਥ ਫੈਸਟੀਵਲਾਂ ਦੀ ਅਹਿਮ ਭੂਮਿਕਾ ਹੁੰਦੀ ਹੈ ਕੈਬਨਿਟ ਮੰਤਰੀ ਨੇ ਕਿਹਾ ਕਿ ਯੂਥ ਫੈਸਟੀਵਲ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਸੰਗੀਤ, ਡਾਂਸ, ਥੀਏਟਰ ਅਤੇ ਹੋਰਾਂ ਦੇ ਖੇਤਰ ਵਿੱਚ ਵੱਖ-ਵੱਖ ਗਤੀਵਿਧੀਆਂ ਲਈ ਨੌਜਵਾਨਾਂ ਨੂੰ ਤਿਆਰ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਹਨ। ਉਹਨਾਂ ਕਿਹਾ ਕਿ ਕਲਾ ਅਤੇ ਸੱਭਿਆਚਾਰ ਦੀ ਵਿਅਕਤੀਗਤ ਸ਼ਖਸੀਅਤ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਹੁੰਦੀ ਹੈ ਅਤੇ ਇਸ ਤਰ੍ਹਾਂ ਅਜਿਹੇ ਫੈਸਟੀਵਲ ਸਾਡੇ ਨੌਜਵਾਨਾਂ ਨੂੰ ਆਪਣੀ ਅਨੋਖੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਲਈ ਇੱਕ ਸਿਹਤਮੰਦ ਮੰਚ ਪ੍ਰਦਾਨ ਕਰ ਸਕਦੇ ਹਨ।ਉਨ੍ਹਾਂ ਯੂਨੀਵਰਸਿਟੀ ਨੂੰ ਅਪੀਲ ਕੀਤੀ ਕਿ ਉਹ ਨੌਜਵਾਨਾਂ ਦੀ ਅਸੀਮ ਊਰਜ਼ਾ ਨੂੰ ਉਸਾਰੂ ਢੰਗ ਨਾਲ ਚਲਾਉਣ ਦੀ ਕੋਸ਼ਿਸ਼ ਜਾਰੀ ਰੱਖਣ ਜਿਸ ਨਾਲ ਸਹੀ ਤਰੀਕੇ ਨਾਲ ਦੇਸ਼ ਦੀ ਸੇਵਾ ਕੀਤੀ ਜਾ ਸਕੇ।

# ਭਗਵੰਤ ਮਾਨ ਸਰਕਾਰ ਦੀ ਵਾਅਦਾ ਖਿਲਾਫੀ ਦੇ ਖਿਲਾਫ 22 ਦਸੰਬਰ ਤੋਂ ਸ਼ੁਰੂ ਹੋਵੇਗਾ ਮਰਨ ਵਰਤ



ਲੁਧਿਆਣਾ, 7 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਕੰਪਿਊਟਰ ਅਧਿਆਪਕਾਂ ਨੇ ਆਪਣੇ ਅਧਿਕਾਰਾਂ ਦੀ ਲੜਾਈ ਨੂੰ ਹੋਰ ਤੇਜ਼ ਕਰਦਿਆਂ 22 ਦਸੰਬਰ ਤੋਂ ਮਰਣ ਵਰਤ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ। ਲੁਧਿਆਣਾ ਦੇ ਪੰਜਾਬੀ ਭਵਨ ਵਿੱਚ ਹੋਈ ਭੁੱਖ ਹੜਤਾਲ ਸੰਘਰਸ਼ ਕਮੇਟੀ, ਪੰਜਾਬ ਦੀ ਮੀਟਿੰਗ ਵਿੱਚ ਇਸ ਫੈਸਲੇ ਦੀ ਜਾਣਕਾਰੀ ਦਿੰਦਿਆਂ ਗਗਨਦੀਪ ਸਿੰਘ, ਕਰਮਜੀਤ ਪੁਰੀ, ਮਨਦੀਪ ਮੰਗੋਤਰਾ, ਮਨਦੀਪ ਸਿੰਘ ਤੂਰ, ਸਤੀਸ਼ ਕੁਮਾਰ ਅਤੇ ਵਰਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਸ਼ਾਮਲ ਹੋਏ।

ਮੀਟਿੰਗ ਦੌਰਾਨ ਕੰਪਿਊਟਰ ਅਧਿਆਪਕਾਂ ਨੇ ਕਿਹਾ ਕਿ 2011 ਵਿੱਚ ਤਤਕਾਲੀਨ ਸਰਕਾਰ ਨੇ ਉਨ੍ਹਾਂ ਨੂੰ 'ਪਿਕਟਸ ਸੁਸਾਇਟੀ' ਦੇ ਤਹਿਤ ਰੈਗੂਲਰ ਕੀਤਾ ਸੀ, ਪਰ ਉਨ੍ਹਾਂ ਨੂੰ ਰੈਗੂਲਰ ਕਰਮਚਾਰੀਆਂ ਵਾਂਗ ਲਾਭ ਨਹੀਂ ਮਿਲੇ। ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵੀ ਅਧਿਆਪਕਾਂ ਨੂੰ ਉਨ੍ਹਾਂ ਦੇ ਅਧਿਕਾਰ ਦੇਣ ਦੀ ਬਜਾਏ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਅਣਦੇਖਾ ਕੀਤਾ ਹੈ। ਮੁੱਖ ਮੰਤਰੀ ਭਗਵੰਤ ਮਾਨ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਚੋਣਾਂ ਤੋਂ ਪਹਿਲਾਂ ਅਧਿਆਪਕਾਂ ਨੂੰ ਸਾਰੇ ਲਾਭ ਬਹਾਲ ਕਰਨ ਦਾ ਵਾਅਦਾ ਕੀਤਾ ਸੀ। ਪਰ ਤਿੰਨ ਸਾਲ ਬਾਅਦ ਵੀ ਇਹ ਵਾਅਦਾ ਸਿਰਫ ਜੁਮਲਾ ਬਣਕਰ ਰਹਿ ਗਿਆ ਹੈ।

### 92 ਦਿਨ ਦੀ ਭੁੱਖ ਹੜਤਾਲ ਦੇ ਬਾਅਦ ਮਰਨ ਵਰਤ ਦਾ ਫੈਸਲਾ

ਸੰਗਰੂਰ ਵਿੱਚ ਚੱਲ ਰਹੀ ਭੁੱਖ ਹੜਤਾਲ ਦੇ 92 ਦਿਨ ਪੂਰੇ ਹੋ ਚੁੱਕੇ ਹਨ, ਪਰ ਸਰਕਾਰ ਦੇ ਕਿਸੇ ਵੀ ਨੁਮਾਇੰਦੇ ਨੇ ਹੁਣ ਤੱਕ ਅਧਿਆਪਕਾਂ ਨਾਲ ਸੰਪਰਕ ਨਹੀਂ ਕੀਤਾ। ਸਰਕਾਰ ਵੱਲੋਂ ਲਗਾਤਾਰ ਕੀਤੀ ਜਾ ਰਹੀ ਕੰਪਿਊਟਰ ਅਧਿਆਪਕਾਂ ਦੀ ਅਣਦੇਖੀ ਤੋਂ ਤੰਗ ਹੋ ਕੇ ਕੰਪਿਊਟਰ ਅਧਿਆਪਕਾਂ ਨੇ 22 ਦਸੰਬਰ ਤੋਂ ਮਰਣ ਵਰਤ ਸ਼ੁਰੂ ਕਰਨ ਦਾ ਫੈਸਲਾ ਲਿਆ ਹੈ। ਪਹਿਲੇ ਗੇੜ ਵਿੱਚ ਜੋਨੀ ਸਿੰਗਲਾ (ਬਠਿੰਡਾ), ਰਣਜੀਤ ਸਿੰਘ (ਪਟਿਆਲਾ), ਉਧਮ ਸਿੰਘ ਡੋਗਰਾ (ਹੁਸ਼ਿਆਰਪੁਰ), ਰਵਿੰਦਰ ਕੌਰ (ਫਤਿਹਗੜ੍ਹ ਸਾਹਿਬ) ਅਤੇ ਸੀਮਾ ਰਾਣੀ (ਪਟਿਆਲਾ) ਮਰਣ ਵਰਤ 'ਤੇ ਬੈਠਣਗੇ। ਇਸ ਤੋਂ ਬਾਅਦ ਰੋਜਾਨਾ ਵੱਡੀ ਗਿਣਤੀ ਵਿਚ ਅਧਿਆਪਕ ਅਨਸ਼ਨ ਵਿੱਚ ਸ਼ਾਮਲ ਹੋਣਗੇ। ਕੰਪਿਊਟਰ ਅਧਿਆਪਕਾਂ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਦੀਆਂ ਮੰਗਾਂ ਕੋਈ ਨਵੀਆਂ ਨਹੀਂ ਹਨ। ਉਹ ਚਾਹੁੰਦੇ ਹਨ ਕਿ ਉਨ੍ਹਾਂ ਦੇ ਰੈਗੂਲਰ ਆਰਡਰਾਂ ਵਿੱਚ ਦਰਜ ਸਾਰੇ ਲਾਭ, ਛੇਵੇਂ ਪੇ ਕਮਿਸ਼ਨ ਦੇ ਲਾਭਾਂ ਸਮੇਤ, ਉਨ੍ਹਾਂ ਨੂੰ ਬਿਨਾਂ ਸ਼ਰਤ ਅਤੇ ਬਿਨਾਂ ਦੇਰੀ ਦੇ ਸਿੱਖਿਆ ਵਿਭਾਗ ਵਿੱਚ ਸ਼ਾਮਲ ਕੀਤੇ ਜਾਣ।

### 14 ਦੀ ਰੈਲੀ ਵਿੱਚ ਵੱਡੇ ਕਿਸਾਨ ਸੰਗਠਨ ਸ਼ਾਮਲ ਹੋਣਗੇ

ਅਧਿਆਪਕਾਂ ਨੇ ਦੱਸਿਆ ਕਿ 14 ਦਸੰਬਰ ਨੂੰ ਸੰਗਰੂਰ ਵਿੱਚ ਇੱਕ ਵਿਸ਼ਾਲ ਸੂਬਾ ਪੱਧਰੀ ਰੈਲੀ ਦਾ ਆਯੋਜਨ ਕੀਤਾ ਜਾਵੇਗਾ। ਇਸ ਰੈਲੀ ਵਿੱਚ ਕੰਪਿਊਟਰ ਅਧਿਆਪਕ ਆਪਣੇ ਪਰਿਵਾਰਾਂ ਦੇ ਨਾਲ ਸ਼ਿਰਕਤ ਕਰਨਗੇ। ਇਸ ਤੋਂ ਇਲਾਵਾ ਵੱਡੀਆਂ ਕਿਸਾਨ ਜਥੇਬੰਦੀਆਂ ਅਤੇ ਹੋਰਨਾਂ ਅਧਿਆਪਕ ਜਥੇਬੰਦੀਆਂ ਦੀ ਭਰਵੀਂ ਸ਼ਮੂਲੀਅਤ ਵੀ ਇਸ ਰੈਲੀ ਵਿਚ ਹੋਵੇਗੀ।

ਅਧਿਆਪਕਾਂ ਨੇ ਦੱਸਿਆ ਕਿ ਉਨ੍ਹਾਂ ਦੇ ਇਸ ਸੰਘਰਸ਼ ਨੂੰ ਕਿਸਾਨ ਸੰਗਠਨਾਂ ਅਤੇ ਹੋਰ ਸਮਾਜਿਕ ਸੰਗਠਨਾਂ ਦਾ ਪੂਰਾ ਸਮਰਥਨ ਮਿਲਿਆ ਹੈ। ਕਿਸਾਨ ਸੰਗਠਨ, ਜੋ ਸੂਬੇ ਵਿੱਚ ਆਪਣੇ ਅੰਦੋਲਨ ਲਈ ਜਾਣੇ ਜਾਂਦੇ ਹਨ, ਅਧਿਆਪਕਾਂ ਦੇ ਇਸ ਸੰਘਰਸ਼ ਵਿੱਚ ਉਨ੍ਹਾਂ ਦੇ ਨਾਲ ਖੜ੍ਹੇ ਹਨ। ਕਿਸਾਨ ਯੂਨੀਅਨ ਦੇ ਪ੍ਰਤੀਨਿਧੀਆਂ ਨੇ ਸੰਗਰੂਰ ਵਿੱਚ 14 ਦਸੰਬਰ ਨੂੰ ਹੋਣ ਵਾਲੀ ਸੂਬਾ ਪੱਧਰੀ ਰੈਲੀ ਵਿੱਚ ਆਪਣੀ ਭਾਗੀਦਾਰੀ ਦੀ ਪੁਸ਼ਟੀ ਕੀਤੀ ਹੈ। ਇਹ ਰੈਲੀ ਅਧਿਆਪਕਾਂ ਦੇ ਸੰਘਰਸ਼ ਨੂੰ ਵਿਆਪਕ ਸਮਰਥਨ ਦਿਲਾਉਣ ਦਾ ਸਾਧਨ ਬਣੇਗੀ। ਸੰਘਰਸ਼ ਕਮੇਟੀ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਜਦ ਤੱਕ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਹੀਂ ਹੁੰਦੀਆਂ, ਤਦ ਤੱਕ ਇਹ ਅੰਦੋਲਨ ਜਾਰੀ ਰਹੇਗਾ।

ਅਧਿਆਪਕਾਂ ਨੇ ਕਿਹਾ ਕਿ ਉਹ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਆਪਣੀ ਜਾਨ ਦੀ ਬਾਜ਼ੀ ਲਗਾਉਣ ਤੋਂ ਵੀ ਪਿੱਛੇ ਨਹੀਂ ਹਟਣਗੇ।

# ਫੈਕਟਰੀ 'ਚ ਕੰਮ ਕਰਦੇ ਮਜ਼ਦੂਰ ਨੇ ਕੀਤੀ ਖੁਦਕੁਸ਼ੀ

ਮਾਛੀਵਾੜਾ ਸਾਹਿਬ, 7 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਕੁਹਾੜਾ ਰੋਡ 'ਤੇ ਸਥਿਤ ਇੱਕ ਧਾਗਾ ਫੈਕਟਰੀ ਅੰਦਰ ਬਣੇ ਕੁਆਰਟਰਾਂ 'ਚ ਮਿੱਲ ਦੇ ਕਾਮੇ ਅੰਕੁਸ਼ ਵਰਮਾ (20) ਵਾਸੀ ਯੂ. ਪੀ. ਨੇ ਖ਼ੁਦਕੁਸ਼ੀ ਕਰ ਲਈ। ਪ੍ਰਾਪਤ ਜਾਣਕਾਰੀ ਅਨੁਸਾਰ ਅੰਕੁਸ਼ ਵਰਮਾ ਕਰੀਬ ਇਕ ਸਾਲ ਪਹਿਲਾਂ ਹੀ ਫੈਕਟਰੀ 'ਚ ਕੰਮ ਕਰਨ ਲੱਗਾ ਸੀ, ਜੋ ਕਿ ਮਿੱਲ ਅੰਦਰ ਬਣੇ ਕੁਆਰਟਰ 'ਚ ਆਪਣੇ ਸਾਥੀ ਨਮਨ ਕੁਮਾਰ ਨਾਲ ਰਹਿ ਰਿਹਾ ਸੀ। ਉਸ ਦਾ ਸਾਥੀ ਰਾਤ ਸਮੇਂ ਡਿਊਟੀ ਕਰਨ ਗਿਆ ਸੀ ਅਤੇ ਜਦੋਂ ਉਹ ਸਵੇਰੇ ਕਮਰੇ 'ਚ ਆਇਆ ਤਾਂ ਉਸ ਨੇ ਦੇਖਿਆ ਕਿ ਅੰਕੁਸ਼ ਵਰਮਾ ਨੇ ਫ਼ਾਹਾ ਲਾ ਕੇ ਖ਼ੁਦਕੁਸ਼ੀ ਕੀਤੀ ਹੋਈ ਸੀ। ਨਮਨ ਕੁਮਾਰ ਨੇ ਇਸ ਘਟਨਾ ਸਬੰਧੀ ਤੁਰੰਤ ਮਿੱਲ ਪ੍ਰਬੰਧਕਾਂ ਨੂੰ ਸੂਚਿਤ ਕੀਤਾ।

ਮਿੱਲ ਵਲੋਂ ਪੁਲਸ ਨੂੰ ਜਾਣਕਾਰੀ ਦਿੱਤੀ ਗਈ, ਜਿਸ 'ਤੇ ਥਾਣਾ ਮੁਖੀ ਪਵਿੱਤਰ ਸਿੰਘ ਪੁਲਸ ਪਾਰਟੀ ਸਮੇਤ ਮੌਕੇ 'ਤੇ ਪੁੱਜ ਗਏ। ਪੁਲਸ ਵਲੋਂ ਕਮਰੇ ਦੀ ਚੰਗੀ ਤਰ੍ਹਾਂ ਤਲਾਸ਼ੀ ਲਈ ਗਈ ਪਰ ਉਨ੍ਹਾਂ ਨੂੰ ਕੋਈ ਖ਼ੁਦਕੁਸ਼ੀ ਨੋਟ ਨਹੀਂ ਮਿਲਿਆ, ਜਿਸ ਤੋਂ ਪਤਾ ਲੱਗ ਸਕੇ ਕਿ ਉਸ ਨੇ ਖ਼ੁਦਕੁਸ਼ੀ ਕਿਉਂ ਕੀਤੀ। ਸਾਥੀ ਨਮਨ ਕੁਮਾਰ ਨੇ ਦੱਸਿਆ ਕਿ ਉਸਦਾ ਕੋਈ ਵੀ ਲੜਾਈ-ਝਗੜਾ ਨਹੀਂ ਸੀ। ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਦਾ ਮੋਬਾਇਲ ਫੋਨ ਕਬਜ਼ੇ ਵਿਚ ਲੈ ਲਿਆ ਗਿਆ ਹੈ, ਜਿਸ ਤੋਂ ਪਤਾ ਲੱਗ ਸਕੇ ਕਿ ਉਸ ਨੇ ਖ਼ੁਦਕੁਸ਼ੀ ਕਿਉਂ ਕੀਤੀ।

ਉਨ੍ਹਾਂ ਦੱਸਿਆ ਕਿ ਮ੍ਰਿਤਕ ਦੇ ਵਾਰਿਸਾ ਨੂੰ ਸੂਚਿਤ ਕਰ ਦਿੱਤਾ ਗਿਆ ਅਤੇ ਲਾਸ਼ ਨੂੰ ਕਬਜ਼ੇ 'ਚ ਕਰ ਪੋਸਟ ਮਾਰਟਮ ਲਈ ਭੇਜ ਦਿੱਤਾ ਹੈ।

# ਭਾਵਾਧਸ ਪੰਜਾਬ ਪ੍ਰਧਾਨ ਸਵਰਨ ਕੁਮਾਰ ਸੋਨੀ ਹੋਏ ਆਪ ਪਾਰਟੀ 'ਚ ਹੋਏ ਸ਼ਾਮਲ



ਸਾਹਨੇਵਾਲ, 7 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਲਕਾ ਸਾਹਨੇਵਾਲ ਦੀ ਰਾਜਨੀਤੀ ਵਿੱਚ ਬਹੁਤ ਵੱਡੀ ਹੋਈ ਹਲਚਲ ਨੂੰ ਦੇਖਦਿਆਂ ਹੋਇਆਂ ਭਾਵਾਧਸ ਦੇ ਰਾਸ਼ਟਰੀ ਪ੍ਰਧਾਨ ਵਿਜੇ ਦਾਨਵ ਦੀ ਹਾਜ਼ਰੀ 'ਚ ਭਾਵਾਧਸ ਦੇ ਪੰਜਾਬ ਪ੍ਰਧਾਨ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਰਹਿ ਚੁੱਕੇ ਤਿੰਨ ਵਾਰ ਦੇ ਸਾਬਕਾ ਕੌਂਸਲਰ ਸਵਰਨ ਕੁਮਾਰ ਸੋਨੀ ਆਪਣੇ ਸੈਂਕੜੇ ਸਾਥੀਆਂ ਸਮੇਤ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਦੀ ਅਗਵਾਈ ਹੇਠ ਆਪ ਪਾਰਟੀ ਵਿੱਚ ਸ਼ਾਮਲ ਹੋਏ ਅਤੇ ਕੈਬਨਿਟ ਮੰਤਰੀ ਮੁੰਡੀਆਂ ਵੱਲੋਂ ਸਵਰਨ ਕੁਮਾਰ ਸੋਨੀ ਦੇ ਸ਼ਾਮਿਲ ਹੋਣ ਦੀ ਖੁਸ਼ੀ ਵਿੱਚ ਨਗਰ ਕੌਂਸਲ ਸਾਹਨੇਵਾਲ ਦੇ ਵਾਰਡ ਨੰਬਰ -2 ਦੇ ਵਿਕਾਸ ਕਾਰਜਾਂ ਦੇ ਕੰਮਾਂ ਲਈ 80 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ।

ਇਸ ਮੌਕੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਸਵਰਨ ਕੁਮਾਰ ਸੋਨੀ ਦਾ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਮਠਿਆਈ ਨਾਲ ਮੂੰਹ ਮਿੱਠਾ ਅਤੇ ਸਿਰਪਾਓ ਭੇਟ ਕਰਕੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

ਇਸ ਮੌਕੇ ਸ਼ਾਮਿਲ ਹੋਏ ਸਵਰਨ ਕੁਮਾਰ ਸੋਨੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੈਂ ਭਾਵਾਧਸ ਦੇ ਰਾਸ਼ਟਰੀ ਪ੍ਰਧਾਨ ਵਿਜੇ ਦਾਨਵ ਅਤੇ ਨਰੇਸ਼ ਧੀਂਗਾਨ ਤੋਂ ਇਲਾਵਾ ਆਪ ਪਾਰਟੀ ਦੇ ਸਮੁੱਚੀ ਸੀਨੀਅਰ ਲੀਡਰਸ਼ਿਪ ਅਤੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਦਾ ਧੰਨਵਾਦ ਕਰਦਾ ਹਾਂ ਅਤੇ ਇਨ੍ਹਾਂ ਨੂੰ ਪੂਰਾ ਵਿਸ਼ਵਾਸ ਦਿਵਾਉਂਦਾ ਹਾਂ ਕਿ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਪਾਰਟੀ ਲਈ ਦਿਨ-ਰਾਤ ਕੰਮ ਕਰਾਂਗਾ ਅਤੇ ਹਰ ਇੱਕ ਲੋੜਵੰਦ ਵਿਅਕਤੀ ਲਈ ਮੋਢੇ ਨਾਲ ਮੋਢਾ ਲਾ ਕੇ ਚੱਲਾਂਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਵੀਰ ਸਿੰਘ, ਐਡਵੋਕੇਟ ਅਰਜੁਨ ਧੀਂਗਾਨ, ਮਨਪ੍ਰੀਤ ਸਿੰਘ,ਪੂਰਨ ਚੰਦ ਬੱਗਾ, ਪੱਪੂ, ਵਿਸ਼ਾਲ, ਲਵਕੇਸ਼, ਈਸ਼ੂ, ਹਿਮਾਂਸ਼ੂ, ਕਿੰਪੀ, ਰਿੰਪੀ, ਸੰਦੀਪ, ਸ਼ੰਮੀ ਕੁਮਾਰ, ਰੋਮੀ, ਹੇਮਰਾਜ ਰਾਜੀ ਸਾਹਨੇਵਾਲ, ਮਨਦੀਪ ਸਿੰਘ ਮਿੱਕੀ, ਰਾਜਦੀਪ ਭਾਟੀਆ, ਗੌਰਵ ਬਗੇੜਾ,ਗੁਰਮੀਤ ਸਿੰਘ ਪੱਪੂ ਤਲਵਾੜਾ, ਸਤਵਿੰਦਰ ਹੈਪੀ, ਕੁਲਦੀਪ ਐਰੀ, ਗੋਇਲ, ਹਰਪ੍ਰੀਤ ਸੈਬੀ, ਲਾਲੀ ਹਰਾ, ਬਲਵੰਤ ਸਿੰਘ ਨੰਦਪੁਰ ਓਮ ਪ੍ਰਕਾਸ਼ ਗੋਇਲ, ਅਮਨ ਪਨੇਸਰ, ਹਰਵਿੰਦਰ ਕੁਮਾਰ ਪੱਪੀ, ਕੁਲਵਿੰਦਰ ਸ਼ਾਰਦੇ, ਕੁਲਦੀਪ ਐਰੀ, ਮਨਜਿੰਦਰ ਭੋਲਾ, ਬੱਬੂ ਮੁੰਡੀਆਂ ਅਤੇ ਵੱਡੀ ਗਿਣਤੀ ਵਿੱਚ ਸਮਰਥਕ ਮੌਜੂਦ ਸਨ।

ਕਸਬਾ ਸਾਹਨੇਵਾਲ ਅੰਦਰ ਸਵਰਨ ਕੁਮਾਰ ਸੋਨੀ ਦੇ ਆਪ ਪਾਰਟੀ 'ਚ ਸ਼ਾਮਲ ਹੋਣ ਨਾਲ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ ਕੀ ਆਉਣ ਵਾਲੀਆਂ ਨਗਰ ਕੌਂਸਲ ਦੀਆਂ ਚੋਣਾਂ ਦੌਰਾਨ ਸਾਹਨੇਵਾਲ ਨਗਰ ਕੌਂਸਲ ਦੇ ਪ੍ਰਧਾਨ ਬਣ ਦੇ ਕਈਆਂ ਦੇ ਸੁਪਨੇ ਚੂਰੋ ਚੂਰ ਹੋ ਗਏ।

# 68ਵੀਆਂ ਰਾਸ਼ਟਰੀ ਸਕੂਲ ਖੇਡਾਂ 11 ਤੋਂ 17 ਦਸੰਬਰ ਤੱਕ ਲੁਧਿਆਣਾ ਵਿਖੇ ਹੋਣਗੀਆਂ : ਜਤਿੰਦਰ ਜੋਰਵਾਲ



ਲੁਧਿਆਣਾ, 7 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਮਹਾਂਨਗਰ ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਉਹ 11 ਤੋਂ 17 ਦਸੰਬਰ ਤੱਕ ਲੁਧਿਆਣਾ ਵਿਖੇ ਹੋਣ ਵਾਲੀਆਂ 68ਵੀਆਂ ਨੈਸ਼ਨਲ ਸਕੂਲ ਖੇਡਾਂ ਲਈ ਪੁਖ਼ਤਾ ਪ੍ਰਬੰਧ ਯਕੀਨੀ ਬਣਾਉਣ।

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਈ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਖੇਡਾਂ ਵਿਚ ਭਾਗ ਲੈਣ ਵਾਲਿਆਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਤੋਂ ਬਚਣ ਲਈ ਰਿਹਾਇਸ਼, ਭੋਜਨ, ਸੁਰੱਖਿਆ, ਮੈਡੀਕਲ ਸੇਵਾਵਾਂ ਅਤੇ ਆਵਾਜਾਈ ਦੇ ਢੁਕਵੇਂ ਪ੍ਰਬੰਧ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

ਸ੍ਰੀ ਜਤਿੰਦਰ ਜੋਰਵਾਲ ਨੇ ਦੱਸਿਆ ਕਿ ਕੇਂਦਰੀ ਵਿਦਿਆਲਿਆ, ਨਵੋਦਿਆ ਵਿਦਿਆਲਿਆ ਅਤੇ ਵਿਦਿਆ ਭਾਰਤੀ ਸਕੂਲਾਂ ਸਮੇਤ ਸਾਰੇ ਰਾਜਾਂ, ਕੇਂਦਰ ਸ਼ਾਸਤ ਪ੍ਰਦੇਸ਼ਾਂ ਅਤੇ ਹੋਰ ਸਿੱਖਿਆ ਸੰਸਥਾਵਾਂ ਦੇ 3,500 ਤੋਂ ਵੱਧ ਖਿਡਾਰੀ ਚਾਰ ਖੇਡਾਂ ਵਿੱਚ ਹਿੱਸਾ ਲੈਣਗੇ। ਨੈੱਟਬਾਲ (ਅੰਡਰ-17 ਲੜਕੇ ਅਤੇ ਲੜਕੀਆਂ), ਹੈਂਡਬਾਲ (ਅੰਡਰ-19 ਲੜਕੇ ਅਤੇ ਲੜਕੀਆਂ), ਜੂਡੋ (ਅੰਡਰ-19 ਲੜਕੇ ਅਤੇ ਲੜਕੀਆਂ) ਅਤੇ ਕਰਾਟੇ (ਅੰਡਰ-14 ਲੜਕੇ ਅਤੇ ਕੁੜੀਆਂ)। ਇਹ ਮੈਚ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਪੀ.ਏ.ਯੂ), ਗੁਰੂ ਨਾਨਕ ਸਟੇਡੀਅਮ ਵਿਖੇ ਮਲਟੀਪਰਪਜ਼ ਹਾਲ ਅਤੇ ਬੀ.ਵੀ.ਐਮ ਸਕੂਲ ਸਮੇਤ ਵੱਖ-ਵੱਖ ਥਾਵਾਂ 'ਤੇ ਕਰਵਾਏ ਜਾਣਗੇ। ਉਨ੍ਹਾਂ ਅਧਿਕਾਰੀਆਂ ਨੂੰ ਸੁਰੱਖਿਆ ਲਈ ਪੁਲਿਸ ਕੰਟਰੋਲ ਰੂਮ (ਪੀ.ਸੀ.ਆਰ) ਟੀਮਾਂ ਤਾਇਨਾਤ ਕਰਨ ਦੇ ਨਾਲ-ਨਾਲ ਇਨ੍ਹਾਂ ਥਾਵਾਂ 'ਤੇ ਸੀ.ਸੀ.ਟੀ.ਵੀ ਕੈਮਰੇ ਲਗਾਉਣ ਦੇ ਵੀ ਨਿਰਦੇਸ਼ ਦਿੱਤੇ।

ਇਨ੍ਹਾਂ ਖੇਡਾਂ ਦਾ ਉਦਘਾਟਨ ਸਕੂਲ ਸਿੱਖਿਆ ਮੰਤਰੀ ਪੰਜਾਬ ਸ੍ਰੀ ਹਰਜੋਤ ਸਿੰਘ ਬੈਂਸ 11 ਦਸੰਬਰ ਨੂੰ ਗੁਰੂ ਨਾਨਕ ਸਟੇਡੀਅਮ, ਲੁਧਿਆਣਾ ਵਿਖੇ ਕਰਨਗੇ।

ਡਿਪਟੀ ਕਮਿਸ਼ਨਰ ਨੇ ਜ਼ੋਰ ਦੇ ਕੇ ਕਿਹਾ ਕਿ ਇਸ ਸਮਾਗਮ ਦੀ ਸਫ਼ਲਤਾ ਲਈ ਸਾਰੇ ਪ੍ਰਬੰਧ ਸੁਚੱਜੇ ਢੰਗ ਨਾਲ ਕੀਤੇ ਜਾਣੇ ਚਾਹੀਦੇ ਹਨ। ਉਹਨਾਂ ਕਿਹਾ ਕਿ ਖੇਡਾਂ ਉਭਰਦੇ ਐਥਲੀਟਾਂ ਲਈ ਆਪਣੇ ਹੁਨਰ ਦਾ ਪ੍ਰਦਰਸ਼ਨ ਕਰਨ ਲਈ ਇੱਕ ਮਹੱਤਵਪੂਰਨ ਮੌਕਾ ਉਪਲਬੱਧ ਕਰਵਾਉਂਦੀਆਂ ਹਨ।

ਸੁਚਾਰੂ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਸ੍ਰੀ ਜਤਿੰਦਰ ਜੋਰਵਾਲ ਨੇ ਸਿੱਖਿਆ ਅਤੇ ਖੇਡ ਵਿਭਾਗਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸਹਿਯੋਗ ਕਰਨ ਲਈ ਵੀ ਕਿਹਾ ਅਤੇ ਉਨ੍ਹਾਂ ਦੇ ਸੀਨੀਅਰ ਅਧਿਕਾਰੀ ਖਿਡਾਰੀਆਂ ਲਈ ਰਿਹਾਇਸ਼ ਅਤੇ ਯਾਤਰਾ ਸੰਬੰਧੀ ਪ੍ਰਬੰਧਾਂ ਲਈ ਨਿੱਜੀ ਤੌਰ 'ਤੇ ਨਿਗਰਾਨੀ ਕਰਨ। ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਅਮਰਜੀਤ ਬੈਂਸ, ਜ਼ਿਲ੍ਹਾ ਸਿੱਖਿਆ ਅਫ਼ਸਰ ਮੈਡਮ ਡਿੰਪਲ ਮਦਾਨ, ਡੀ.ਐਸ.ਓ ਸ੍ਰੀ ਕੁਲਦੀਪ ਚੁੱਘ ਅਤੇ ਹੋਰ ਵੀ ਹਾਜ਼ਰ ਸਨ।

# ਹੁਸ਼ਿਆਰਪੁਰ ਦੇ ਵਿਕਾਸ ਲਈ ਸਥਾਨਕ ਸਰਕਾਰਾਂ ਵਿਭਾਗ ਵਲੋਂ ਨਹੀਂ ਛੱਡੀ ਜਾਵੇਗੀ ਕੋਈ ਕਮੀ : ਡਾ.ਰਵਜੋਤ ਸਿੰਘ



ਹੁਸ਼ਿਆਰਪੁਰ, 7 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਸਥਾਨਕ ਸਰਕਾਰਾਂ ਅਤੇ ਸੰਸਦੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਨਗਰ ਨਿਗਮ ਹੁਸ਼ਿਆਰਪੁਰ ਵਿਖੇ 1.76 ਕਰੋੜ ਰੁਪਏ ਦੀ ਲਾਗਤ ਵਾਲੀ ਸੁਪਰ ਸਕਰ ਮਸ਼ੀਨ ਨਗਰ ਨਿਗਮ ਨੂੰ ਸਮਰਪਿਤ ਕਰਦੇ ਹੋਏ ਉਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਦੇ ਸਰਬਪੱਖੀ ਵਿਕਾਸ ਲਈ ਸਥਾਨਿਕ ਸਰਕਾਰਾਂ ਵਿਭਾਗ ਵਲੋਂ ਕੋਈ ਕਮੀ ਨਹੀਂ ਛੱਡੀ ਜਾਵੇਗੀ।ਨਗਰ ਨਿਗਮ ਹੁਸ਼ਿਆਰਪੁਰ ਦੇ ਗਰਾਊਂਡ ਵਿਖੇ ਆਯੋਜਿਤ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਨੇ ਸੁਪਰ ਸਕਰ ਮਸ਼ੀਨ ਨੂੰ ਹਰੀ ਝੰਡੀ ਦਿਖਾਉਣ ਦੌਰਾਨ ਦੱਸਿਆ ਕਿ ਇਹ ਮਸ਼ੀਨ ਹੁਸ਼ਿਆਰਪੁਰ, ਨਵਾਂਸ਼ਹਿਰ ਅਤੇ ਕਪੂਰਥਲਾ ਸ਼ਹਿਰ ਲਈ ਪ੍ਰਦਾਨ ਕੀਤੀ ਗਈ ਹੈ, ਜਿਥੇ ਵੀ ਇਸ ਮਸ਼ੀਨ ਦੀ ਜ਼ਰੂਰਤ ਪਵੇਗੀ, ਉਥੇ ਇਸ ਨੂੰ ਭੇਜਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਮਸ਼ੀਨ ਨਾਲ 2 ਟੈਂਕ ਨਾਲ 9 ਕੁਸ਼ਲ ਕਰਮਚਾਰੀ ਵੀ ਸ਼ਾਮਲ ਹਨ ਜੋ ਕਿ ਇਸ ਮਸ਼ੀਨ ਦਾ ਸੰਚਾਲਨ ਕਰਨਗੇ। ਉਨ੍ਹਾਂ ਕਿਹਾ ਕਿ ਸਥਾਨਕ ਸਰਕਾਰਾਂ ਵਿਭਾਗ ਵਲੋਂ ਹਰ ਸੰਭਵ ਯਤਨ ਕੀਤੇ ਜਾਣਗੇ ਕਿ ਲੋਕਾਂ ਨੂੰ ਵਿਭਾਗ ਨਾਲ ਸਬੰਧਤ ਕਿਸੇ ਵੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਕੈਬਨਿਟ ਮੰਤਰੀ ਨੇ ਇਸ ਦੌਰਾਨ ਕਰਮਚਾਰੀ ਸੰਗਠਨਾਂ ਦੀ ਮੰਗ 'ਤੇ ਸੰਬੋਧਨ ਕਰਦੇ ਹੋਏ ਕਿਹਾ ਕਿ ਵਿਭਾਗ ਵਿਚ ਤਾਇਨਾਤ ਕੱਚੇ ਕਰਮਚਾਰੀਆਂ ਜਿਵੇਂ ਕਿ ਸਫ਼ਾਈ ਸੇਵਕ, ਫਾਇਰਮੈਨ ਅਤੇ ਹੋਰ ਕਰਮਚਾਰੀਆਂ ਨੂੰ ਰੈਗੂਲਰ ਕਰਨ ਦੀ ਮੰਗ 'ਤੇ ਗੰਭੀਰਤਾ ਨਾਲ ਵਿਚਾਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਉਹ ਇਸ ਵਿਸ਼ੇ 'ਤੇ ਨਿਜੀ ਤੌਰ 'ਤੇ ਗੱਲ ਕਰਨਗੇ ਅਤੇ ਇਸ ਦਾ ਸਾਰਥਕ ਹੱਲ ਕੱਢਿਆ ਜਾਵੇਗਾ। ਇਸ ਤੋਂ ਇਲਾਵਾ ਹੋਰ ਮੁੱਦਿਆਂ 'ਤੇ ਵੀ ਜਲਦ ਹੀ ਫੈਸਲਾ ਲਿਆ ਜਾਵੇਗਾ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀਆਂ ਆਸਾਂ 'ਤੇ ਖਰੀ ਉਤਰੇਗੀ। ਉਨ੍ਹਾਂ ਇਸ ਦੌਰਾਨ ਸ਼ਹਿਰ ਵਾਸੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਸ਼ਹਿਰ ਨੂੰ ਸਾਫ਼-ਸੁਥਰਾ ਬਣਾਉਣਾ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ ਅਤੇ ਵਿਭਾਗ ਲੋਕਾਂ ਦੇ ਸਹਿਯੋਗ ਨਾਲ ਹੀ ਇਸ ਦਿਸ਼ਾ ਵਿਚ ਅੱਗੇ ਵੱਧ ਸਕਦਾ ਹੈ। ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਉਨ੍ਹਾਂ ਨੂੰ ਆਸ ਹੈ ਕਿ ਸਥਾਨਕ ਸਰਕਾਰਾਂ ਵਿਭਾਗ ਵਿਚ ਕੰਮ ਕਰ ਰਹੇ ਕੱਚੇ ਕਰਮਚਾਰੀਆਂ ਨੂੰ ਜਲਦ ਹੀ ਸਥਾਈ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਹੁਣ ਤੱਕ 50 ਹਜ਼ਾਰ ਨੌਜਵਾਨਾਂ ਨੂੰ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ ਅਤੇ ਆਉਣ ਵਾਲੇ ਸਮੇਂ ਵਿਚ ਹੋਰ ਨੌਕਰੀਆਂ ਵੀ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਫ਼ਾਈ ਸੇਵਕ ਦਿਨ ਰਾਤ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਲਈ ਕੰਮ ਕਰ ਰਹੇ ਹਨ ਅਤੇ ਇਨ੍ਹਾਂ ਦੀਆਂ ਸਾਰੀਆਂ ਮੰਗਾਂ ਨੂੰ ਪਹਿਲ ਦੇਆਧਾਰ 'ਤੇ ਹੱਲ ਕੀਤਾ ਜਾਵੇਗਾ।ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਹੁਸ਼ਿਆਰਪੁਰ ਸ਼ਹਿਰ ਨੂੰ ਡੰਪ ਫਰੀ ਕਰਨ ਦੀ ਦਿਸ਼ਾ ਵਿਚ ਹੋਰ ਸਕਰਾਤਮਕ ਕਦਮ ਉਠਾਉਣ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਵੀ ਸਥਾਨਕ ਸਰਕਾਰਾਂ ਮੰਤਰੀ ਨਾਲ ਸੀਵਰਮੈਨ, ਫਾਇਰਮੈਨ ਕਰਮਚਾਰੀਆਂ ਨੂੰ ਸਥਾਈ ਕਰਨ ਦੀ ਮੰਗ 'ਤੇ ਜਲਦ ਕਾਰਵਾਈ ਕਰਨ ਲਈ ਕਿਹਾ। ਵਿਧਾਇਕ ਨੇ ਕਿਹਾ ਕਿ ਉਨ੍ਹਾਂ ਨੂੰ ਆਸ ਹੈ ਕਿ ਆਉਣ ਵਾਲੇ ਦਿਨਾਂ ਵਿਚ ਨਗਰ ਨਿਗਮ ਹੁਸ਼ਿਆਰਪੁਰ ਨੂੰ ਹੋਰ ਮਜ਼ਬੂਤ ਕਰਨ ਲਈ ਜ਼ਰੂਰੀ ਕਦਮ ਉਠਾਏ ਜਾਣਗੇ ਤਾਂ ਜੋ ਹੁਸ਼ਿਆਰਪੁਰ ਸ਼ਹਿਰ ਇਕ ਬਿਹਤਰੀਨ ਸ਼ਹਿਰ ਵਜੋਂ ਉਭਰ ਸਕੇ।ਮੇਅਰ ਸੁਰਿੰਦਰ ਕੁਮਾਰ ਨੇ ਸਥਾਨਕ ਸਰਕਾਰਾਂ ਮੰਤਰੀ ਨੂੰ ਨਗਰ ਨਿਗਮ ਹੁਸ਼ਿਆਰਪੁਰ ਬਾਰੇ ਜਾਣੂ ਕਰਵਾਉਂਦੇ ਹੋਏ ਨਗਰ ਨਿਗਮ ਲਈ ਕਰੀਬ 40 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਦੀ ਮੰਗ ਰੱਖੀ, ਜਿਸ ਨੂੰ ਸਥਾਨਕ ਸਰਕਾਰ ਮੰਤਰੀ ਨੇ ਸਵੀਕਾਰ ਕਰਦੇ ਹੋਏ ਜਲਦ ਜ਼ਰੂਰੀ ਕਦਮ ਉਠਾਉਣ ਨੂੰ ਕਿਹਾ ਹੈ।

# ਕਿਸਾਨਾਂ ਦੇ ਦਿੱਲੀ ਮਾਰਚ ਦੌਰਾਨ ਹਰਿਆਣਾ ਪੁਲਿਸ ਵੱਲੋਂ ਅੱਥਰੂ ਗੈਸ ਦੇ ਗੋਲੇ ਦਾਗਣ ਤੋਂ ਬਾਅਦ ਕਈ ਕਿਸਾਨ ਜ਼ਖ਼ਮੀ; ਦੋ ਦੀ ਹਾਲਤ ਗੰਭੀਰ





ਸ਼ੰਭੂ, 7 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਇੱਥੋਂ ਕਿਸਾਨਾਂ ਨੇ ਅੱਜ ਦੁਪਹਿਰ ਇਕ ਵਜੇ ਦਿੱਲੀ ਚੱਲੋ ਮਾਰਚ ਸ਼ੁਰੂ ਕੀਤਾ ਪਰ ਹਰਿਆਣਾ ਪੁਲੀਸ ਵੱਲੋਂ ਅੱਥਰੂ ਗੈਸ ਦੇ ਗੋਲੇ ਦਾਗਣ ਤੋਂ ਬਾਅਦ ਕਈ ਕਿਸਾਨ ਜ਼ਖ਼ਮੀ ਹੋ ਗਏ ਜਿਨ੍ਹਾਂ ਵਿਚ ਇਕ ਮੁੱਖ ਕਿਸਾਨ ਆਗੂ ਵੀ ਸ਼ਾਮਲ ਹੈ। ਇਸ ਤੋਂ ਬਾਅਦ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਨੇ ਅੱਜ ਲਈ ਆਪਣਾ ਪੈਦਲ ਮਾਰਚ ਮੁਲਤਵੀ ਕਰ ਦਿੱਤਾ ਹੈ। ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਕਿਹਾ ਕਿ ਕੁਝ ਕਿਸਾਨਾਂ ਦੇ ਜ਼ਖ਼ਮੀ ਹੋਣ ਦੇ ਮੱਦੇਨਜ਼ਰ ਉਨ੍ਹਾਂ ਅੱਜ ਲਈ ਆਪਣਾ 'ਜਥਾ' ਵਾਪਸ ਬੁਲਾ ਲਿਆ ਹੈ। ਕਿਸਾਨ ਆਗੂ ਨੇ ਦਾਅਵਾ ਕੀਤਾ ਕਿ ਹਰਿਆਣਾ ਦੇ ਸੁਰੱਖਿਆ ਮੁਲਾਜ਼ਮਾਂ ਵੱਲੋਂ ਅੱਥਰੂ ਗੈਸ ਦੇ ਗੋਲੇ ਦਾਗੇ ਜਾਣ ਕਾਰਨ ਕਈ ਕਿਸਾਨ ਜ਼ਖ਼ਮੀ ਹੋ ਗਏ ਹਨ।ਉਨ੍ਹਾਂ ਕਿਹਾ ਕਿ ਕਿਸਾਨ ਜਥੇਬੰਦੀਆਂ ਦੇ ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਅਤੇ ਕਿਸਾਨ ਮਜ਼ਦੂਰ ਮੋਰਚਾ ਨਾਲ ਮੀਟਿੰਗ ਤੋਂ ਬਾਅਦ ਅਗਲੀ ਰਣਨੀਤੀ ਉਲੀਕੀ ਜਾਵੇਗੀ। ਕਿਸਾਨ ਆਗੂਆਂ ਨੇ ਕਿਹਾ ਕਿ ਜ਼ਖ਼ਮੀ ਕਿਸਾਨਾਂ ਨੂੰ ਹਸਪਤਾਲ ਲਿਜਾਇਆ ਗਿਆ ਹੈ।

ਇਸ ਤੋਂ ਪਹਿਲਾਂ ਦੁਪਹਿਰ ਵੇਲੇ ਕਿਸਾਨਾਂ ਨੇ ਸਰਹੱਦ 'ਤੇ ਬੈਰੀਕੇਡ ਹੇਠਾਂ ਸੁੱਟ ਦਿੱਤੇ ਤੇ ਤਾਰਾਂ ਪੱਟ ਦਿੱਤੀਆਂ ਹਨ ਪਰ ਉਨ੍ਹਾਂ ਨੂੰ ਹਰਿਆਣਾ ਪੁਲੀਸ ਤੇ ਸੁਰੱਖਿਆ ਬਲਾਂ ਨੇ ਰੋਕ ਲਿਆ ਹੈ। ਇਸ ਮੌਕੇ ਹਰਿਆਣਾ ਪੁਲੀਸ ਨੇ ਕਿਸਾਨਾਂ ਨੂੰ ਅੱਗੇ ਨਾ ਵਧਣ ਲਈ ਕਿਹਾ ਜਿਸ ਤੋਂ ਬਾਅਦ ਹਰਿਆਣਾ ਪੁਲੀਸ ਵੱਲੋਂ ਕਿਸਾਨ ਆਗੂਆਂ ਨਾਲ ਗੱਲਬਾਤ ਕੀਤੀ ਗਈ ਪਰ ਕਿਸਾਨ ਦਿੱਲੀ ਜਾਣ ਲਈ ਅੜੇ ਰਹੇ ਤੇ ਕਿਸਾਨਾਂ ਨੂੰ ਰੋਕਣ ਲਈ ਪੁਲੀਸ ਨੇ ਅੱਥਰੂ ਗੈਸ ਦੇ ਗੋਲੇ ਦਾਗੇ ਤੇ ਕਿਸਾਨਾਂ ਨੂੰ ਅੱਗੇ ਵਧਣ ਨਹੀਂ ਦਿੱਤਾ ਗਿਆ।

ਇਸ ਮੌਕੇ ਸ਼ੰਭੂ ਬਾਰਡਰ 'ਤੇ ਹਰਿਆਣਾ ਪੁਲੀਸ ਵੱਲੋਂ ਅੱਥਰੂ ਗੈਸ ਦੇ ਗੋਲੇ ਸੁੱਟੇ ਗਏ ਜਿਸ ਕਾਰਨ ਅੱਧੀ ਦਰਜਨ ਕਿਸਾਨ ਜ਼ਖ਼ਮੀ ਹੋ ਗਏ ਜਿਨ੍ਹਾਂ ਵਿੱਚੋਂ ਦੋ ਦੀ ਹਾਲਤ ਗੰਭੀਰ ਬਣੀ ਹੋਈ ਹੈ। ਜ਼ਖ਼ਮੀਆਂ ਵਿੱਚ ਕਿਸਾਨ ਆਗੂ ਸੁਰਜੀਤ ਸਿੰਘ ਫੂਲ ਵੀ ਸ਼ਾਮਲ ਹਨ ।ਹਰਿਆਣਾ ਪੁਲੀਸ ਵੱਲੋਂ ਇਸ ਮੌਕੇ ਕਵਰੇਜ ਕਰ ਰਹੇ ਮੀਡੀਆ ਕਰਮੀਆਂ 'ਤੇ ਵੀ ਅੱਥਰੂ ਗੈਸ ਦੇ ਗੋਲੇ ਸੁੱਟੇ ਗਏ। ਇਸ ਮੌਕੇ ਕਿਸਾਨਾਂ ਨੇ ਰੋਸ ਪ੍ਰਗਟਾਉਂਦਿਆਂ ਕਿਹਾ ਕਿ ਉਹ ਤਾਂ ਸ਼ਾਂਤੀਪੂਰਵਕ ਅੱਗੇ ਜਾਣਾ ਚਾਹੁੰਦੇ ਹਨ ਪਰ ਕਿਸਾਨਾਂ ਨਾਲ ਪੁਲੀਸ ਧੱਕਾ ਕਰ ਰਹੀ ਹੈ। ਦੂਜੇ ਪਾਸੇ ਹਰਿਆਣਾ ਸਰਕਾਰ ਨੇ ਪੁਲੀਸ ਨੂੰ ਹਦਾਇਤਾਂ ਦਿੱਤੀਆਂ ਹਨ ਕਿ ਕਿਸਾਨ ਕਿਸੇ ਵੀ ਸੂਰਤ ਵਿਚ ਅੱਗੇ ਨਹੀਂ ਵਧਣੇ ਚਾਹੀਦੇ।

ਇਸ ਤੋਂ ਪਹਿਲਾਂ ਇਕ ਕਿਸਾਨ ਪੁਲੀਸ ਵੱਲੋਂ ਬਣਾਏ ਵੱਡੇ ਸ਼ੈਡ ਉਤੇ ਚੜ੍ਹ ਗਿਆ। ਦੂਜੇ ਪਾਸੇ ਹਰਿਆਣਾ ਪੁਲੀਸ ਵਲੋਂ ਪੰਜਾਬ ਵਾਲੇ ਪਾਸੇ ਕਵਰੇਜ ਕਰ ਰਹੇ ਮੀਡੀਆ ਕਰਮੀਆਂ ਨੂੰ ਵਾਰ ਵਾਰ ਪਿੱਛੇ ਜਾਣ ਲਈ ਕਿਹਾ ਗਿਆ। ਇਸ ਮੌਕੇ ਪੁਲੀਸ ਨੇ ਪੁਖ਼ਤਾ ਇੰਤਜ਼ਾਮ ਕੀਤੇ ਹੋਏ ਹਨ ਤਾਂ ਕਿ ਕਿਸਾਨ ਹਰਿਆਣਾ ਵਿਚ ਦਾਖਲ ਨਾ ਹੋ ਸਕਣ। ਇਸ ਦੌਰਾਨ ਪੁਲੀਸ ਵੱਲੋਂ ਕਿਸਾਨਾਂ ਦੀਆਂ ਅੱਖਾਂ ਵਿਚ ਸਪਰੇਅ ਵੀ ਕੀਤਾ ਗਿਆ ਪਰ ਕਿਸਾਨ ਇਸ ਸਪਰੇਅ ਤੋਂ ਬਚਣ ਲਈ ਅੱਖਾਂ ਵਿਚ ਦਵਾਈ ਪਾ ਰਹੇ ਹਨ। ਇਸ ਦੌਰਾਨ ਜਦੋਂ ਕਿਸਾਨਾਂ ਨੇ ਅੱਗੇ ਵਧਣ ਦੀ ਕੋਸ਼ਿਸ਼ ਕੀਤੀ ਤਾਂ ਪੁਲੀਸ ਨੇ ਅੱਥਰੂ ਗੈਸ ਛੱਡੀ ਤਾਂ ਕਿ ਕਿਸਾਨਾਂ ਨੂੰ ਉਥੋਂ ਹਟਾਇਆ ਜਾ ਸਕੇ। ਇਸ ਦੌਰਾਨ ਕਿਸਾਨਾਂ ਨੇ ਕੇਂਦਰ ਦੀ ਭਾਜਪਾ ਤੇ ਹਰਿਆਣਾ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।

ਇਸ ਤੋਂ ਪਹਿਲਾਂ ਸ਼ੰਭੂ ਬਾਰਡਰ ਤੋਂ ਕਿਸਾਨਾਂ ਦਾ ਜਥਾ ਦਿੱਲੀ ਲਈ ਰਵਾਨਾ ਹੋਇਆ ਤੇ ਕਿਸਾਨਾਂ ਨੇ ਬੈਰੀਕੇਡਿੰਗ ਦੀ ਪਹਿਲੀ ਪਰਤ ਵਜੋਂ ਲੱਗੀਆਂ ਤਾਰਾਂ ਪੁੱਟ ਕੇ ਘੱਗਰ ਵਿੱਚ ਸੁੱਟ ਦਿੱਤੀਆਂ। ਜ਼ਿਕਰਯੋਗ ਹੈ ਕਿ ਅੰਬਾਲਾ ਜ਼ਿਲ੍ਹੇ ਵਿਚ ਧਾਰਾ 163 ਲਾਗੂ ਹੈ।ਐਂਬੂਲੈਂਸ ਤਾਇਨਾਤ ਕਰ ਦਿੱਤੀਆਂ ਗਈਆਂ ਹਨ, ਹਸਪਤਾਲ ਵਿਚ ਵਾਰਡ ਬਣਾ ਦਿੱਤੇ ਗਏ ਹਨ। ਡਾਕਟਰਾਂ ਦੀਆਂ ਛੁੱਟੀਆਂ ਰੱਦ ਕਰ ਦਿੱਤੀਆਂ ਗਈਆਂ ਹਨ।ਕੁਝ ਸਕੂਲ ਵੀ ਬੰਦ ਕਰ ਦਿੱਤੇ ਗਏ ਹਨ। ਪੁਲੀਸ ਵੱਲੋਂ ਵੱਡੀ ਗਿਣਤੀ ਵਿਚ ਪੁਲੀਸ ਵਾਹਨ ਅਤੇ ਰੋਡਵੇਜ਼ ਦੀਆਂ ਬੱਸਾਂ ਬਾਰਡਰ 'ਤੇ ਖੜ੍ਹੀਆਂ ਕਰ ਦਿੱਤੀਆਂ ਗਈਆਂ ਹਨ।

ਜਾਣਕਾਰੀ ਅਨੁਸਾਰ ਦੁਪਹਿਰ ਇਕ ਵਜੇ ਸੌ ਕਿਸਾਨਾਂ ਦੇ ਪਹਿਲੇ ਜਥੇ ਨੇ ਦਿੱਲੀ ਵੱਲ ਮਾਰਚ ਸ਼ੁਰੂ ਕੀਤਾ। ਇਸ ਦੌਰਾਨ ਦਿੱਲੀ ਪੁਲੀਸ ਨੇ ਕੌਮੀ ਰਾਜਧਾਨੀ ਦੀਆਂ ਹੱਦਾਂ 'ਤੇ ਸਖਤ ਸੁਰੱਖਿਆ ਪ੍ਰਬੰਧ ਕਰ ਦਿੱਤੇ ਹਨ। ਕਿਸਾਨ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਾਰੰਟੀ ਲੈਣ ਲਈ ਰੋਸ ਮਾਰਚ ਕਰ ਰਹੇ ਹਨ। ਦੱਸਣਾ ਬਣਦਾ ਹੈ ਕਿ ਕਿਸਾਨਾਂ ਵੱਲੋਂ 10 ਮਹੀਨਿਆਂ ਦੇ ਬਾਅਦ ਹਰਿਆਣਾ ਵਾਲੇ ਪਾਸੇ ਦਾਖ਼ਲ ਹੋਣ ਦੀ ਇਹ ਤੀਜੀ ਕੋਸ਼ਿਸ਼ ਕੀਤੀ ਗਈ ਹੈ। ਕਿਸਾਨਾਂ ਦਾ ਧਰਨਾ 13 ਫਰਵਰੀ ਨੂੰ ਸ਼ੁਰੂ ਹੋਇਆ ਸੀ।

# ਲੋਕ ਸਭਾ ਦੀ ਕਾਰਵਾਈ ਦਿਨ ਭਰ ਲਈ ਫ਼ਿਰ ਹੋਈ ਮੁਲਤਵੀ

## ਅਡਾਨੀ ਮਾਮਲੇ ਵਿਚ ਵਿਰੋਧ ਜਾਰੀ; ਵਿਰੋਧੀ ਧਿਰਾਂ ਵੱਲੋਂ ਸਰਕਾਰ ਖ਼ਿਲਾਫ਼ ਹੋਈ ਨਾਅਰੇਬਾਜ਼ੀ



ਨਵੀਂ ਦਿੱਲੀ, 6 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਲੋਕ ਸਭਾ ਦੀ ਕਾਰਵਾਈ ਅੱਜ ਜਿਵੇਂ ਹੀ ਸ਼ੁਰੂ ਹੋਈ ਤਾਂ ਕਾਂਗਰਸ ਸਣੇ ਵਿਰੋਧੀ ਧਿਰਾਂ ਨੇ ਅਡਾਨੀ ਤੇ ਉੱਤਰ ਪ੍ਰਦੇਸ਼ ਦੇ ਸੰਭਲ ਵਿੱਚ ਹਾਲ ਹੀ ਵਿੱਚ ਹੋਈ ਹਿੰਸਾ ਅਤੇ ਹੋਰ ਮੁੱਦਿਆਂ ਨੂੰ ਲੈ ਕੇ ਸਰਕਾਰ ਨੂੰ ਘੇਰਿਆ। ਇਸ ਤੋਂ ਬਾਅਦ ਹਾਕਮ ਤੇ ਵਿਰੋਧੀ ਧਿਰਾਂ ਵਿਚ ਹੰਗਾਮਾ ਹੋਇਆ ਜਿਸ ਕਾਰਨ ਲੋਕ ਸਭਾ ਦੀ ਕਾਰਵਾਈ ਦੁਪਹਿਰ 12 ਵਜੇ ਤੱਕ ਮੁਲਤਵੀ ਕਰ ਦਿੱਤੀ ਗਈ। ਇਸ ਤੋਂ ਬਾਅਦ ਵੀ ਵਿਰੋਧੀ ਧਿਰ ਸ਼ਾਂਤ ਨਾ ਹੋਈ। ਇਸ ਤੋਂ ਬਾਅਦ ਜਦੋਂ ਸਦਨ 12 ਵਜੇ ਜੁੜਿਆ ਤਾਂ ਮੁੜ ਵਿਰੋਧੀ ਪਾਰਟੀਆਂ ਨੇ ਨਾਅਰੇਬਾਜ਼ੀ ਕੀਤੀ। ਇਸ ਤੋਂ ਬਾਅਦ ਭਾਜਪਾ ਨੇ ਕਾਂਗਰਸ 'ਤੇ ਦੋਸ਼ ਲਾਇਆ ਕਿ ਉਸ ਨੇ ਵਿਦੇਸ਼ੀ ਅਰਬਪਤੀਆਂ ਨਾਲ ਸਬੰਧ ਹਨ ਜਿਸ ਤੋਂ ਬਾਅਦ ਲੋਕ ਸਭਾ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ।

ਅੱਜ ਜਿਵੇਂ ਹੀ ਸਦਨ ਦੀ ਬੈਠਕ ਸ਼ੁਰੂ ਹੋਈ ਤਾਂ ਕਾਂਗਰਸ ਸਣੇ ਵਿਰੋਧੀ ਧਿਰ ਦੇ ਕਈ ਮੈਂਬਰ ਵੱਖ-ਵੱਖ ਮੁੱਦਿਆਂ 'ਤੇ ਸਰਕਾਰ ਤੋਂ ਜਵਾਬ ਮੰਗਣ ਲੱਗੇ ਤੇ ਨਾਅਰੇਬਾਜ਼ੀ ਕਰਨ ਲੱਗੇ। ਸਪੀਕਰ ਓਮ ਬਿਰਲਾ ਨੇ ਵਿਰੋਧੀ ਧਿਰ ਦੇ ਮੈਂਬਰਾਂ ਨੂੰ ਸ਼ਾਂਤ ਹੋਣ ਲਈ ਕਿਹਾ ਪਰ ਵਿਰੋਧੀ ਧਿਰ ਸਦਨ ਵਿਚ ਨਾਅਰੇਬਾਜ਼ੀ ਕਰਦੀ ਰਹੀ। ਵਿਰੋਧੀ ਧਿਰ ਦੇ ਮੈਂਬਰ ਉਪਰੋਕਤ ਮੁੱਦਿਆਂ ਬਾਰੇ ਚਰਚਾ ਕਰਨਾ ਚਾਹੁੰਦੇ ਸਨ। ਇਸ ਦੌਰਾਨ ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਸਣੇ ਲੋਕ ਸਭਾ ਦੇ ਆਗੂ ਰਾਹੁਲ ਗਾਂਧੀ ਅਤੇ ਵਾਇਨਾਡ ਦੀ ਸੰਸਦ ਮੈਂਬਰ ਪ੍ਰਿਅੰਕਾ ਗਾਂਧੀ ਵਾਡਰਾ ਨੇ ਸੰਸਦ ਕੰਪਲੈਕਸ ਵਿੱਚ ਅਡਾਨੀ ਮਾਮਲੇ ਨੂੰ ਲੈ ਕੇ ਰੋਸ ਜਤਾਇਆ।

ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਨੇ ਅਡਾਨੀ ਮੁੱਦੇ 'ਤੇ ਉਨ੍ਹਾਂ ਦੇ ਵਿਰੋਧ ਨੂੰ ਦਰਸਾਉਂਦੇ ਮਾਸਕ ਪਾਏ ਜਿਨ੍ਹਾਂ 'ਤੇ ਲਿਖਿਆ ਸੀ, 'ਮੋਦੀ ਅਡਾਨੀ, ਭਾਈ ਭਾਈ।' ਰਾਹੁਲ ਗਾਂਧੀ ਅਤੇ ਪ੍ਰਿਅੰਕਾ ਗਾਂਧੀ ਨੇ ਸੰਵਿਧਾਨ ਦੀਆਂ ਕਾਪੀਆਂ ਫੜੀਆਂ ਹੋਈਆਂ ਸਨ। ਕਾਂਗਰਸ ਦੇ ਸੰਸਦ ਮੈਂਬਰ ਕੇਸੀ ਵੇਣੂਗੋਪਾਲ ਨੇ ਕਿਹਾ ਕਿ ਭਾਰਤ ਦਾ ਸੰਵਿਧਾਨ ਬਣਾਉਣ ਵਾਲੇ ਡਾ. ਬੀ ਆਰ ਅੰਬੇਦਕਰ ਦੀ ਬਰਸੀ ਹੈ ਪਰ ਇੱਥੇ ਅਡਾਨੀ ਲਈ ਸੰਵਿਧਾਨਕ ਅਧਿਕਾਰ ਦੀ ਉਲੰਘਣਾ ਕੀਤੀ ਗਈ ਹੈ। ਇਸ ਕਰਕੇ ਉਹ ਵਿਰੋਧ ਪ੍ਰਦਰਸ਼ਨ ਕਰ ਰਹੇ ਹਨ। ਜ਼ਿਕਰਯੋਗ ਹੈ ਕਿ ਸਦਨ ਵਿਚ ਅਡਾਨੀ ਦੇ ਮਾਮਲੇ 'ਤੇ ਚਰਚਾ ਕਰਨ ਦੀ ਵਿਰੋਧੀ ਧਿਰ ਵੱਲੋਂ ਪਿਛਲੇ ਕਈ ਦਿਨਾਂ ਤੋਂ ਮੰਗ ਕੀਤੀ ਜਾ ਰਹੀ ਹੈ ਪਰ ਸਰਕਾਰ 'ਤੇ ਇਸ ਮਾਮਲੇ 'ਤੇ ਚਰਚਾ ਨਾ ਕਰਨ 'ਤੇ ਵਿਰੋਧੀ ਪਾਰਟੀਆਂ ਰੋਸ ਜਤਾ ਰਹੀਆਂ ਹਨ ਤੇ ਸਦਨ ਦੀ ਕਾਰਵਾਈ ਮੁਕੰਮਲ ਨਹੀਂ ਹੋ ਰਹੀ।

# ਪਾਣੀਪਤ ਦੀ ਧਾਗਾ ਫੈਕਟਰੀ ਵਿੱਚ ਲੱਗੀ ਅੱਗ; ਦੋ ਮੁਲਾਜ਼ਮਾਂ ਦੀ ਮੌਤ; ਤਿੰਨ ਜ਼ਖ਼ਮੀ

ਪਾਣੀਪਤ, 7 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਇੱਥੋਂ ਦੀ ਧਾਗਾ ਫੈਕਟਰੀ ਵਿਚ ਅੱਗ ਲੱਗਣ ਕਾਰਨ ਦੋ ਮੁਲਾਜ਼ਮ ਜ਼ਿੰਦਾ ਸੜ ਗਏ ਜਦਕਿ ਤਿੰਨ ਜ਼ਖ਼ਮੀ ਹੋ ਗਏ। ਜ਼ਖ਼ਮੀਆਂ ਨੂੰ ਸਿਵਲ ਹਸਪਤਾਲ ਦਾਖਲ ਕਰਵਾਇਆ ਗਿਆ ਹੈ ਪਰ ਉਨ੍ਹਾਂ ਵਿਚੋਂ ਦੋ ਨੂੰ ਪੀਜੀਆਈ ਚੰਡੀਗੜ੍ਹ ਰੈਫਰ ਕਰ ਦਿੱਤਾ ਗਿਆ ਹੈ। ਇਹ ਪਤਾ ਲੱਗਿਆ ਹੈ ਕਿ ਇਸ ਫੈਕਟਰੀ ਵਿਚ ਦੇਰ ਰਾਤ ਅੱਗ ਲੱਗੀ। ਇਸ ਤੋਂ ਬਾਅਦ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਆਈਆਂ ਤੇ ਫੈਕਟਰੀ ਵਿਚੋਂ ਪੰਜ ਜਣਿਆਂ ਨੂੰ ਬਾਹਰ ਕੱਢਿਆ। ਫਾਇਰ ਬ੍ਰਿਗੇਡ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਹ ਘਟਨਾ ਪਿੰਡ ਬਲਾਨਾ ਵਿਚ ਵਾਪਰੀ।

ਹਾਲੇ ਤਕ ਇਹ ਜਾਣਕਾਰੀ ਸਾਹਮਣੇ ਆਈ ਹੈ ਕਿ ਅੱਗ ਸ਼ਾਰਟ ਸਰਕਟ ਨਾਲ ਲੱਗੀ ਜਿਸ ਵਿਚ ਦੋ ਜਣਿਆਂ ਦੀ ਮੌਤ ਹੋ ਗਈ ਜਿਨ੍ਹਾਂ ਦੀ ਪਛਾਣ ਸੁਮਿਤ ਤੇ ਤਸਮਿਲ ਵਜੋਂ ਹੋਈ ਹੈ। ਅੱਗ ਲੱਗਣ ਨਾਲ ਮਸ਼ੀਨਰੀ ਵੀ ਨੁਕਸਾਨੀ ਗਈ।

# 1984 ਦੇ ਸਿੱਖ ਵਿਰੋਧੀ ਦੰਗਿਆਂ ਦੇ ਮਾਮਲੇ 'ਚ ਸਜ਼ਾ ਮੁਅੱਤਲ ਕਰਨ ਦੀ ਬਲਵਾਨ ਖੋਖਰ ਨੇ ਕੀਤੀ ਮੰਗ; ਸੁਪਰੀਮ ਕੋਰਟ ਨੇ ਸੀਬੀਆਈ ਤੋਂ ਜਵਾਬ ਮੰਗਿਆ

ਨਵੀਂ ਦਿੱਲੀ, 6 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸੁਪਰੀਮ ਕੋਰਟ ਨੇ 1984 ਦੇ ਸਿੱਖ ਵਿਰੋਧੀ ਦੰਗਿਆਂ ਦੇ ਕੇਸ ਵਿੱਚ ਸਜ਼ਾ ਮੁਅੱਤਲ ਕਰਨ ਦੀ ਮੰਗ ਕਰਨ ਵਾਲੀ ਬਲਵਾਨ ਖੋਖਰ ਦੀ ਪਟੀਸ਼ਨ 'ਤੇ ਸੀਬੀਆਈ ਤੋਂ ਜਵਾਬ ਮੰਗਿਆ ਹੈ। ਜਸਟਿਸ ਜੇਕੇ ਮਹੇਸ਼ਵਰੀ ਅਤੇ ਰਾਜੇਸ਼ ਬਿੰਦਲ ਦੇ ਬੈਂਚ ਨੇ ਸੀਬੀਆਈ ਨੂੰ ਸਜ਼ਾ ਮੁਅੱਤਲ ਕਰਨ ਦੀ ਮੰਗ ਵਾਲੀ ਖੋਖਰ ਦੀ ਪਟੀਸ਼ਨ ਦਾ ਜਵਾਬ ਦਾਖ਼ਲ ਕਰਨ ਲਈ ਕਿਹਾ ਹੈ।

ਇਸ ਸਬੰਧੀ ਪਟੀਸ਼ਨ ਬਲਵਾਨ ਖੋਖਰ ਵੱਲੋਂ ਐਡਵੋਕੇਟ ਰਾਕੇਸ਼ ਦਹੀਆ ਰਾਹੀਂ ਦਾਇਰ ਕੀਤੀ ਗਈ। ਉਸ ਨੇ ਸਰਵਉਚ ਅਦਾਲਤ ਨੂੰ ਜਾਣੂ ਕਰਵਾਇਆ ਕਿ ਜੇਲ੍ਹ ਅਧਿਕਾਰੀਆਂ



ਨੇ 26 ਸਤੰਬਰ, 2024 ਨੂੰ ਹੀ ਅਰਜ਼ੀ ਰੱਦ ਕਰ ਦਿੱਤੀ ਸੀ ਜੋ ਪੂਰੀ ਤਰ੍ਹਾਂ ਗਲਤ ਹੈ।

ਦੱਸਣਾ ਬਣਦਾ ਹੈ ਕਿ ਖੋਖਰ ਨੇ ਹਾਈ ਕੋਰਟ ਦੇ 17 ਦਸੰਬਰ, 2018 ਦੇ ਹੁਕਮ ਨੂੰ ਚੁਣੌਤੀ ਦਿੱਤੀ ਹੈ ਜਿਸ ਵਿਚ ਖੋਖਰ, ਸੱਜਣ ਕੁਮਾਰ ਤੇ ਹੋਰਨਾਂ ਨੂੰ ਇਸ ਕੇਸ ਵਿੱਚ ਭਾਰਤੀ ਦੰਡ ਵਿਧਾਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਦੋਸ਼ੀ ਠਹਿਰਾਇਆ ਗਿਆ ਸੀ ਅਤੇ ਉਹ ਉਮਰ ਕੈਦ ਦੀ ਸਜ਼ਾ ਕੱਟ ਰਹੇ ਹਨ ਅਤੇ ਕੇਂਦਰੀ ਜੇਲ੍ਹ ਤਿਹਾੜ ਦਿੱਲੀ ਵਿੱਚ ਨਜ਼ਰਬੰਦ ਹਨ। ਇਸ ਤੋਂ ਪਹਿਲਾਂ ਹੇਠਲੀ ਅਦਾਲਤ ਨੇ ਉਸ ਨੂੰ ਦੋਸ਼ੀ ਠਹਿਰਾਇਆ ਸੀ।

ਖੋਖਰ ਨੇ ਆਪਣੀ ਅਰਜ਼ੀ ਵਿੱਚ ਦਾਅਵਾ ਕੀਤਾ ਕਿ ਉਹ 66 ਸਾਲ ਦੀ ਉਮਰ ਦਾ ਸੀਨੀਅਰ ਸਿਟੀਜ਼ਨ ਹੈ ਅਤੇ ਉਸ ਦੇ ਹੇਠਲੇ ਅੰਗ ਵਿੱਚ 54 ਫੀਸਦੀ ਕੰਮ ਨਹੀਂ ਕਰਦੇ। ਇਸ ਤੋਂ ਇਲਾਵਾ ਉਹ ਕਈ ਹੋਰ ਗੰਭੀਰ ਬਿਮਾਰੀਆਂ ਤੋਂ ਵੀ ਪੀੜਤ ਹੈ।

# ਹਰਿਆਣਾ ਸਰਕਾਰ ਵੱਲੋਂ ਦਿੱਲੀ ਜਾਣ ਵਾਲੇ ਰਸਤੇ ਨੂੰ ਰੋਕਣਾ ਗੈਰ ਸੰਵਿਧਾਨਿਕ ਅਤੇ ਗੈਰ ਮਨੁੱਖੀ: ਅਮਨ ਅਰੋੜਾ

ਚੰਡੀਗੜ੍ਹ, 6 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਪਿਛਲੇ 10 ਮਹੀਨਿਆਂ ਤੋਂ ਸ਼ੰਭੂ ਅਤੇ ਖਨੌਰੀ ਸਰਹੱਦ @ਤੇ ਪ੍ਰਦਰਸ਼ਨ ਕਰ ਰਹੇ ਪੰਜਾਬ ਦੇ ਕਿਸਾਨਾਂ ਨਾਲ ਇਕਜੁਠਤਾ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਕੇਂਦਰ ਸਰਕਾਰ ਨੂੰ ਉਨ੍ਹਾਂ ਦੀਆਂ ਮੰਗਾਂ ਨੂੰ ਤੁਰੰਤ ਹੱਲ ਕਰਨ ਦੀ ਅਪੀਲ ਕੀਤੀ ਅਤੇ ਤਣਾਅ ਵਧਣ ਵਾਲੀਆਂ ਕਾਰਵਾਈਆਂ ਵਿਰੁੱਧ ਚੇਤਾਵਨੀ ਦਿੱਤੀ। ਇੱਕ ਬਿਆਨ ਵਿੱਚ ਅਮਨ ਅਰੋੜਾ ਨੇ ਕਿਹਾ, ÷ਪੰਜਾਬ ਦੇ ਕਿਸਾਨਾਂ ਨੇ ਸ਼ੰਭੂ ਬਾਰਡਰ ਤੋਂ ਦਿੱਲੀ ਵੱਲ ਸ਼ਾਂਤਮਈ ਮਾਰਚ ਸ਼ੁਰੂ ਕਰਨ ਦਾ ਫੈਸਲਾ ਕੀਤਾ ਹੈ। ਪਿਛਲੇ 10 ਮਹੀਨਿਆਂ ਤੋਂ ਕਿਸਾਨ ਜਥੇਬੰਦੀਆਂ ਅਤੇ ਉਨ੍ਹਾਂ ਦੇ ਸਮਰਥਕ ਸ਼ੰਭੂ ਅਤੇ ਖਨੌਰੀ ਬਾਰਡਰ @ਤੇ ਬੈਠ ਕੇ ਜਾਇਜ਼ ਮੰਗਾਂ ਨੂੰ ਉਠਾ ਰਹੇ ਹਨ। ਪੰਜਾਬ ਸਰਕਾਰ ਨੇ ਕੇਂਦਰ ਸਰਕਾਰ ਨਾਲ ਉਨ੍ਹਾਂ ਦੇ ਮਸਲਿਆਂ ਨੂੰ ਹੱਲ ਕਰਨ ਅਤੇ ਵਿਚੋਲਗੀ ਕਰਨ ਦੇ ਕਈ ਯਤਨ ਕੀਤੇ ਹਨ, ਪਰ ਲੱਗਦਾ ਹੈ ਕਿ ਕੇਂਦਰ ਉਨ੍ਹਾਂ ਦੀ ਮੰਗਾਂ ਵੱਲ ਧਿਆਨ ਦੇਣਾ ਨਹੀਂ ਚਾਹੁੰਦੀ।

ਅਰੋੜਾ ਨੇ ਮਨਾਹੀ ਦੇ ਹੁਕਮ ਲਾਗੂ ਕਰਨ ਲਈ ਹਰਿਆਣਾ ਸਰਕਾਰ ਦੀ ਆਲੋਚਨਾ ਕੀਤੀ ਜੋ ਹੁਣ ਕਿਸਾਨਾਂ ਨੂੰ ਸ਼ਾਂਤਮਈ ਮਾਰਚ ਕਰਨ ਤੋਂ ਰੋਕ ਰਹੀ ਹੈ। ਉਨ੍ਹਾਂ ਕਿਹਾ ਕਿ ਸ਼ੁਰੂਆਤ ਵਿੱਚ ਇਹ ਕਿਹਾ ਗਿਆ ਸੀ ਕਿ ਕਿਸਾਨ ਪੈਦਲ ਮਾਰਚ ਕਰ ਸਕਦੇ ਹਨ, ਪਰ ਹੁਣ ਅਸੀਂ ਸੁਣ ਰਹੇ ਹਾਂ ਕਿ ਹਰਿਆਣਾ ਨੇ ਉਨ੍ਹਾਂ ਨੂੰ ਰੋਕਣ ਲਈ ਪਾਬੰਦੀਆਂ ਲਗਾਈਆਂ ਹਨ। ਅਜਿਹੀਆਂ ਕਾਰਵਾਈਆਂ ਗੈਰ-ਵਾਜਬ ਹਨ ਅਤੇ ਸਿਰਫ ਅੱਗ ਵਿੱਚ ਤੇਲ ਪਾਉਣ ਦਾ ਕੰਮ ਕਰਦਿਆਂ ਹਨ।

ਕੇਂਦਰ ਸਰਕਾਰ ਅਤੇ ਭਾਜਪਾ ਦੀ ਕਿਸਾਨਾਂ ਪ੍ਰਤੀ ਉਨ੍ਹਾਂ ਦੇ ਰਵੱਈਏ ਲਈ ਆਲੋਚਨਾ ਕਰਦੇ ਹੋਏ ਅਰੋੜਾ ਨੇ ਕਿਹਾ ਕਿ ਕਿਸਾਨ ਇਸ ਦੇਸ਼ ਦੀ ਰੀੜ੍ਹ ਦੀ ਹੱਡੀ ਹਨ। ਉਨ੍ਹਾਂ ਨੇ ਦਹਾਕਿਆਂ ਤੋਂ ਦੇਸ਼ ਦਾ ਪੇਟ ਭਰਿਆ ਹੈ। ਉਹ ਸਨਮਾਨ ਦੇ ਹੱਕਦਾਰ ਹਨ। ਉਨ੍ਹਾਂ ਨਾਲ ਦੂਜੇ ਦਰਜੇ ਦੇ ਨਾਗਰਿਕਾਂ ਵਾਂਗ ਵਿਵਹਾਰ ਕਰਨਾ ਸਵੀਕਾਰ ਨਹੀਂ ਹੈ। ਕੇਂਦਰ ਨੂੰ ਚਾਹੀਦਾ ਹੈ ਕਿ ਉਹ ਕਿਸਾਨਾਂ ਨਾਲ ਬੇਰੁਖ਼ੀ ਨਾਲ ਪੇਸ਼ ਆਉਣ ਦੀ ਬਜਾਏ ਉਨ੍ਹਾਂ ਨਾਲ ਬੈਠ ਕੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਕਰੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਸ਼ਾਂਤਮਈ ਰੋਸ਼ ਮਾਰਚ ਵਿੱਚ ਵਿਘਨ ਪਾਉਣ ਨਾਲ ਟਕਰਾਅ ਪੈਦਾ ਹੋ ਸਕਦਾ ਹੈ ਅਤੇ ਸਥਿਤੀ ਵਿਗੜ ਸਕਦੀ ਹੈ। ਜੇਕਰ ਕੇਂਦਰ ਅਤੇ ਹਰਿਆਣਾ ਪੁਲਿਸ ਸ਼ਾਂਤਮਈ ਪ੍ਰਦਰਸ਼ਨਾਂ ਨੂੰ ਰੋਕਦੀ ਹੈ ਤਾਂ ਟਕਰਾਅ ਅਤੇ ਅਸ਼ਾਂਤੀ ਵਧਣ ਦੀ ਸੰਭਾਵਨਾ ਵਧ ਜਾਵੇਗੀ।

# ਸ਼ਰਧਾ ਨਾਲ ਮਨਾਇਆ ਗਿਆ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸ਼ਹੀਦੀ ਪੁਰਬ



ਸਮਾਣਾ, 6 ਦਸੰਬਰ
-ਸਰਬਜੀਤ ਸਿੰਘ ਤਲਵੰਡੀ-
-ਕੌਮੀ ਪੱਤ੍ਰਿਕਾ ਬਿਊਰੋ-

ਗੁਰਦੁਆਰਾ ਸ੍ਰੀ ਗੁਰੂ ਰਵਿਦਾਸ,ਰਵਿਦਾਸ ਨਗਰ ਵਿਖੇ ਨੌਵੇਂ ਪਾਤਸਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸ਼ਹੀਦੀ ਦਿਹਾੜਾ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਉਣ ਉਪਰੰਤ ਕਥਾ ਵਾਚਕ ਬੇਅੰਤ ਸਿੰਘ ਨੇ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਪੂਰੀ ਦੁਨੀਆਂ ਦੇ ਵਿੱਚ ਇੱਕ ਵੱਖਰੀ ਮਿਸਾਲ ਪੈਦਾ ਕੀਤੀ ਸੀ। ਉਹਨਾਂ ਕਿਹਾ ਕਿ ਅੱਜ ਦੇ ਦਿਨ ਸੰਗਤਾਂ ਨੂੰ ਵੱਡੀ ਗਿਣਤੀ ਵਿੱਚ ਆਪਣੇ ਨਜਦੀਕੀ ਗੁਰਦੁਆਰਿਆਂ ਵਿੱਚ ਜਾ ਕੇ ਨਤਮਸਤਕ ਹੋਣਾ ਚਾਹੀਦਾ ਹੈ। ਇਸ ਮੌਕੇ ਗੁਰਨੂਰ ਅਕੈਡਮੀ ਦੇ ਬੱਚਿਆਂ ਅਰਸ਼ ਬੇਦੀ ਤੇ ਨੂਰਗੁਣਤਾਸ਼ ਕੌਰ ਵੱਲੋਂ ਗੁਰੂ ਜੀ ਦੀ ਉਸਤਤੀ ਵਿੱਚ ਰਸ ਭਿੰਨਾ ਕੀਰਤਨ ਕਰ ਸੰਗਤਾਂ ਨੂੰ ਨਿਹਾਲ ਕੀਤਾ ਗਿਆ । ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਾਜ ਸਿੰਘ ਨੇ ਸੰਗਤਾਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਬਾਰੇ ਦੱਸਿਆ ਕਿਹਾ ਕਿ ਗੁਰੂ ਸਾਹਿਬ ਨੇ ਹਿੰਦੂ ਧਰਮ ਦੀ ਰਾਖੀ ਕਰਦੇ ਹੋਏ ਦਿੱਲੀ ਦੇ ਚਾਂਦਨੀ ਚੌਂਕ ਵਿਖੇ ਆਪਣੀ ਸਹਾਦਤ ਪ੍ਰਾਪਤ ਕੀਤੀ ਸੀ। ਸਾਨੂੰ ਉਨਾਂ ਵੱਲੋਂ ਦਿੱਤੀ ਗਈ ਸ਼ਹਾਦਤ ਤੇ ਹਮੇਸ਼ਾ ਪ੍ਰਣਾਮ ਕਰਨਾ ਚਾਹੀਦਾ ਹੈ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਈਆ ਗਿਆ

# ਹਰਜੋਤ ਸਿੰਘ ਬੈਂਸ ਨੇ ਸ਼ਹੀਦ ਏ ਆਜ਼ਮ ਸੁਖਦੇਵ ਥਾਪਰ ਸਕੂਲ ਆਫ ਐਮੀਨੈਂਸ ਨੂੰ ਅਪਗ੍ਰੇਡ ਕਰਨ ਲਈ ਰੱਖਿਆ ਨੀਂਹ ਪੱਥਰ

ਲੁਧਿਆਣਾ, 6 ਦਸੰਬਰ
-ਕੁਲਦੀਪ ਦੁੱਗਰੀ-
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਸ੍ਰੀ ਹਰਜੋਤ ਸਿੰਘ ਬੈਂਸ ਨੇ ਕਰੀਬ 17 ਕਰੋੜ ਰੁਪਏ ਦੀ ਲਾਗਤ ਨਾਲ ਸ਼ਹੀਦ ਏ ਆਜ਼ਮ ਸੁਖਦੇਵ ਥਾਪਰ ਸਕੂਲ ਆਫ ਐਮੀਨੈਂਸ, ਭਾਰਤ ਨਗਰ, ਲੁਧਿਆਣਾ ਨੂੰ ਅਪਗ੍ਰੇਡ ਕਰਨ ਦਾ ਨੀਂਹ ਪੱਥਰ ਰੱਖਿਆ। ਵਿਧਾਇਕ ਸ੍ਰੀ ਗੁਰਪ੍ਰੀਤ ਬੱਸੀ ਗੋਗੀ, ਮਾਰਕਫੈੱਡ ਦੇ ਚੇਅਰਮੈਨ ਸ੍ਰੀ ਅਮਨਦੀਪ ਸਿੰਘ ਮੋਹੀ ਅਤੇ ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਦੇ ਨਾਲ ਕੈਬਨਿਟ ਮੰਤਰੀ ਸ੍ਰੀ ਬੈਂਸ ਨੇ ਦੱਸਿਆ ਕਿ ਨਵੇਂ ਕੰਮਾਂ ਵਿੱਚ ਅਤਿ-ਆਧੁਨਿਕ ਇਨਡੋਰ ਸਪੋਰਟਸ ਸੁਵਿਧਾ, ਮਲਟੀਪਰਪਜ਼ ਹਾਲ, ਨਵੀਂ ਸਾਇੰਸ ਲੈਬਾਰਟਰੀਆਂ, ਵਾਧੂ ਕਲਾਸਰੂਮ, ਛੱਤ ਦੀ ਟਾਇਲਿੰਗ, ਨਵੇਂ ਦਰਵਾਜ਼ੇ ਅਤੇ ਖਿੜਕੀਆਂ, ਨਵੀਂ ਬਿਜਲੀ ਦੀਆਂ ਤਾਰਾਂ, ਸੀਵਰੇਜ ਸਿਸਟਮ, ਕਵਰਡ ਪਾਰਕਿੰਗ ਖੇਤਰ ਵਿਦਿਆਰਥੀਆਂ ਲਈ, ਮਿਡ-ਡੇ-ਮੀਲ ਲਈ ਆਸਰਾ, ਬਾਥਰੂਮ, ਬਾਸਕਟਬਾਲ ਕੋਰਟ, ਜ਼ਮੀਨੀ ਮੰਜ਼ਿਲ 'ਤੇ ਪੁਰਾਣੇ ਹਾਲ ਨੂੰ ਢਾਹ ਕੇ



ਸੱਤ ਨਵੇਂ ਕਲਾਸਰੂਮਾਂ ਦੀ ਉਸਾਰੀ ਸਮੇਤ ਬਾਥਰੂਮ, ਇੱਕ ਨਵਾਂ ਮੁੱਖ ਪ੍ਰਵੇਸ਼ ਗੇਟ, ਮਾਪਿਆਂ ਲਈ ਉਡੀਕ ਖੇਤਰ ਅਤੇ ਹੋਰ ਬਹੁਤ ਕੁਝ ਸ਼ਾਮਲ ਹੈ। ਉਹਨਾਂ ਕਿਹਾ ਕਿ ਇਹ ਕੰਮ ਲਗਭਗ ਅਗਲੇ 11 ਮਹੀਨਿਆਂ ਦੇ ਸਮੇਂ ਵਿੱਚ ਮੁਕੰਮਲ ਕਰਕੇ ਸਕੂਲ ਨੂੰ ਇੱਕ ਵਧੀਆ ਸੰਸਥਾ ਵਿੱਚ ਬਦਲ ਦਿੱਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਇਨਡੋਰ ਸਪੋਰਟਸ ਕੰਪਲੈਕਸ ਦਾ ਨਾਂ ਸ੍ਰੀ ਗੁਰੂ ਤੇਗ ਬਹਾਦਰ ਸਿੰਘ ਜੀ ਦੇ ਸਨਮਾਨ ਵਿੱਚ ਰੱਖਿਆ ਜਾਵੇਗਾ।

ਸ੍ਰੀ ਹਰਜੋਤ ਸਿੰਘ ਬੈਂਸ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਭਰ ਵਿੱਚ ਸਕੂਲ ਆਫ਼ ਐਮੀਨੈਂਸ ਸਥਾਪਿਤ ਕੀਤੇ ਜਾ ਰਹੇ ਹਨ। ਜਿਸ ਨਾਲ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਕਾਨਵੈਂਟ ਸਕੂਲਾਂ ਦੇ ਮੁਕਾਬਲੇ ਦੀਆਂ ਸਹੂਲਤਾਂ ਉਪਲਬਧ ਹੋਣ। ਉਨ੍ਹਾਂ ਦੱਸਿਆ ਕਿ ਸ਼ਹੀਦ-ਏ-ਆਜ਼ਮ ਸੁਖਦੇਵ ਥਾਪਰ ਸਕੂਲ ਆਫ਼ ਐਮੀਨੈਂਸ, ਜੋ ਕਿ ਲੁਧਿਆਣਾ ਦੇ ਭਾਰਤ ਨਗਰ ਚੌਂਕ ਵਿਖੇ ਸਥਿਤ ਹੈ, ਸਭ ਤੋਂ ਮਾਣਮੱਤੇ ਸਿੱਖਿਆ ਸੰਸਥਾਵਾਂ ਵਿੱਚੋਂ ਇੱਕ ਹੈ, ਜੋ ਇਸ ਸਮੇਂ ਲਗਭਗ 2000 ਵਿਦਿਆਰਥੀਆਂ ਨੂੰ ਸਿੱਖਿਆ ਦੇ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਲੁਧਿਆਣਾ ਸ਼ਹਿਰ ਦਾ ਦੂਸਰਾ ਸਕੂਲ ਆਫ਼ ਐਮੀਨੈਂਸ ਹੋਵੇਗਾ ਜਿਸ ਵਿੱਚ ਸਾਰੀਆਂ ਅਤਿ ਆਧੁਨਿਕ ਸਹੂਲਤਾਂ ਹੋਣਗੀਆਂ।

ਕੈਬਨਿਟ ਮੰਤਰੀ ਨੇ ਇਹ ਵੀ ਖੁਲਾਸਾ ਕੀਤਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਆਉਣ ਵਾਲੇ ਮਹੀਨਿਆਂ ਵਿੱਚ ਲੋਕਾਂ ਲਈ ਪੰਜ ਨਵੇਂ ਸਕੂਲ ਆਫ ਐਮੀਨੈਂਸ (ਐਸ.ਓ.ਈਜ਼) ਦਾ ਉਦਘਾਟਨ ਕਰਨਗੇ।

# ਕੋਹਲੀ ਨੇ ਪਟਿਆਲਾ 'ਚ ਸੜਕਾਂ ਦੀ ਸ.ਫਾਈ ਲਈ 98.56 ਲੱਖ ਰੁਪਏ ਦੀ ਲਾਗਤ ਨਾਲ ਚਲਾਈਆਂ ਦੋ ਮਸ਼ੀਨਾਂ ਨੂੰ ਦਿੱਤੀ ਹਰੀ ਝੰਡੀ

ਪਟਿਆਲਾ, 6 ਦਸੰਬਰ
-ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-



**ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਸ਼ਹਿਰ ਦੀਆਂ ਸੜਕਾਂ ਦੀ ਬਿਹਤਰ ਢੰਗ ਨਾਲ ਸਫ਼ਾਈ ਕਰਨ ਲਈ 98.56 ਲੱਖ ਰੁਪਏ ਦੀ ਲਾਗਤ ਨਾਲ 2 ਮਕੈਨੀਕਲ ਰੋਡ ਸਵੀਪਿੰਗ ਮਸ਼ੀਨਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕਰਦੇ ਹੋਏ। ਉਨ੍ਹਾਂ ਦੇ ਨਾਲ ਨਗਰ ਨਿਗਮ ਕਮਿਸ਼ਨਰ ਡਾ. ਰਜ਼ਤ ਓਬਰਾਏ ਵੀ ਨਜ਼ਰ ਆ ਰਹੇ ਹਨ।**

ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਅੱਜ ਨਗਰ ਨਿਗਮ ਵਿਖੇ ਸ਼ਹਿਰ ਦੀਆਂ ਸੜਕਾਂ ਦੀ ਬਿਹਤਰ ਢੰਗ ਨਾਲ ਸਫ਼ਾਈ ਕਰਨ ਲਈ 98.56 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕਰਵਾਈਆਂ ਗਈਆਂ 2 ਹੋਰ ਮਕੈਨੀਕਲ ਰੋਡ ਸਵੀਪਿੰਗ ਮਸ਼ੀਨਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਨਗਰ ਨਿਗਮ ਕਮਿਸ਼ਨਰ ਡਾ. ਰਜਤ ਓਬਰਾਏ ਵੀ ਮੌਜੂਦ ਸਨ।

ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਸ਼ਹਿਰ ਵਿੱਚ ਸੜਕਾਂ ਦੇ ਕਿਨਾਰਿਆਂ 'ਤੇ ਪਈ ਮਿੱਟੀ ਤੇ ਹੋਰ ਕਚਰੇ ਨੂੰ ਸਾਫ਼ ਕਰਨ ਲਈ ਨਗਰ ਨਿਗਮ ਕੋਲ ਪਹਿਲਾਂ ਹੀ ਇੱਕ ਮਸ਼ੀਨ ਕੰਮ ਕਰ ਰਹੀ ਹੈ ਪਰੰਤੂ ਇਹ ਇੱਕ ਮਸ਼ੀਨ ਨਾਕਾਫ਼ੀ ਹੋਣ ਕਰਕੇ ਦੋ ਹੋਰ ਮਸ਼ੀਨਾਂ ਸ਼ਹਿਰ ਵਾਸੀਆਂ ਦੀ ਸੇਵਾ ਵਿੱਚ ਲਗਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਹੁਣ ਤਿੰਨ ਮਸ਼ੀਨਾਂ ਨਾਲ ਹੋਰ ਵੀ ਬਿਹਤਰ ਢੰਗ ਨਾਲ ਸ਼ਹਿਰ ਦੀਆਂ ਸੜਕਾਂ ਦੀ ਸਫ਼ਾਈ ਹੋ ਸਕੇਗੀ।

ਵਿਧਾਇਕ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਟਿਆਲਾ ਸ਼ਹਿਰ ਦੇ ਵਿਕਾਸ ਲਈ ਉਚੇਚੇ ਫ਼ੰਡਾਂ ਦਾ ਪ੍ਰਬੰਧ ਕੀਤਾ ਗਿਆ ਹੈ, ਜਿਸ ਨਾਲ ਸ਼ਹਿਰ ਦੇ ਰੁਕੇ ਵਿਕਾਸ ਕਾਰਜਾਂ ਨੂੰ ਮੁਕੰਮਲ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ 24 ਘੰਟੇ 7 ਦਿਨ ਪਾਣੀ ਦੀ ਸਪਲਾਈ ਲਈ ਨਹਿਰੀ ਪਾਣੀ ਦੇ ਪ੍ਰਾਜੈਕਟ ਕਰਕੇ ਟੁੱਟੀਆਂ ਸੜਕਾਂ ਦੀ ਮੁਰੰਮਤ ਸ਼ਹਿਰ ਵਿੱਚ ਤੇਜੀ ਨਾਲ ਜਾਰੀ ਹੈ ਅਤੇ ਕੋਈ ਵੀ ਸੜਕ ਬਿਨ੍ਹਾਂ ਮੁਰੰਮਤ ਨਹੀਂ ਰਹੇਗੀ।

ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਉਹ ਖ਼ੁਦ ਲਗਾਤਾਰ ਜ਼ਿਲ੍ਹਾ ਪ੍ਰਸ਼ਾਸਨ ਤੇ ਨਗਰ ਨਿਗਮ ਅਧਿਕਾਰੀਆਂ ਨਾਲ ਮੀਟਿੰਗਾਂ ਕਰਕੇ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਮੋਨੀਟਰ ਕਰ ਰਹੇ ਹਨ ਤਾਂ ਕਿ ਕਿਸੇ ਵੀ ਸ਼ਹਿਰ ਵਾਸੀ ਨੂੰ ਕੋਈ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।

ਨਗਰ ਨਿਗਮ ਕਮਿਸ਼ਨਰ ਡਾ. ਰਜ਼ਤ ਓਬਰਾਏ ਨੇ ਦੱਸਿਆ ਕਿ ਮਕੈਨੀਕਲ ਰੋਡ ਸਵੀਪਿੰਗ ਮਸ਼ੀਨਾਂ ਨਾਲ ਸੜਕਾਂ 'ਤੇ ਪਈ ਮਿੱਟੀ ਤੇ ਹੋਰ ਕੂੜੇ ਕਰਕਟ ਨੂੰ ਆਸਾਨੀ ਨਾਲ ਇਕੱਠਾ ਕਰਕੇ ਸੜਕਾਂ ਨੂੰ ਸਾਫ਼ ਸੁੱਥਰੀਆਂ ਬਣਾਇਆ ਜਾ ਸਕਦਾ ਹੈ, ਇਸ ਨਾਲ ਲੋਕਾਂ ਨੂੰ ਹੋਰ ਵੀ ਸਾਫ਼ ਸੁਥਰਾ ਆਲਾ ਦੁਆਲਾ ਮਿਲੇਗਾ। ਇਸ ਮੌਕੇ ਨਗਰ ਨਿਗਮ ਦੇ ਨਿਗਰਾਨ ਇੰਜੀਨੀਅਰ ਹਰਕਿਰਨਪਾਲ ਸਿੰਘ ਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਸੁਖਬੀਰ ਬਾਦਲ ਵੱਲੋਂ ਤ.ਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸੇਵਾ ਜਾਰੀ



ਸ੍ਰੀ ਆਨੰਦਪੁਰ ਸਾਹਿਬ, 7 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਲਗਾਈ ਗਈ ਧਾਰਮਿਕ ਸਜਾ ਪੂਰੀ ਕਰਨ ਅੱਜ ਦੂਜੇ ਦਿਨ ਵੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਪੁੱਜੇ ਜਿੱਥੇ ਉਹਨਾਂ ਵੱਲੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਦੁਆਰ ਦੇ ਬਾਹਰ ਸੇਵਾਦਾਰ ਵਾਲਾ ਚੋਲਾ ਪਾ ਕੇ ਸੇਵਾ ਕੀਤੀ। ਸਵੇਰੇ 9 ਵਜੇ ਉਹਨਾਂ ਵੱਲੋਂ ਇਹ ਸੇਵਾ ਆਰੰਭ ਕੀਤੀ ਗਈ ਤੇ 10 ਵਜੇ ਤੱਕ ਉਹ ਮੁੱਖ ਦਵਾਰ ਤੇ ਸੇਵਾਦਾਰ ਦੀ ਡਿਊਟੀ ਨਿਭਾਈ, ਉਸ ਉਪਰੰਤ ਇੱਕ ਘੰਟਾ ਗੁਰਬਾਣੀ ਕੀਰਤਨ ਸਰਵਣ ਕਰਨਗੇ। 11 ਵਜੇ ਤੋਂ 12 ਵਜੇ ਤੱਕ ਉਹਨਾਂ ਵੱਲੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਲੰਗਰ ਹਾਲ ਵਿਖੇ ਜੂਠੇ ਬਰਤਨ ਮਾਂਜਣ ਦੀ ਸੇਵਾ ਕੀਤੀ ਜਾਣੀ ਹੈ।

ਇਸ ਮੌਕੇ ਉਨ੍ਹਾਂ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ, ਸਾਬਕਾ ਮੰਤਰੀ ਬਿਕਰਮਜੀਤ ਸਿੰਘ ਮਜੀਠੀਆ, ਡਾ. ਦਲਜੀਤ ਸਿੰਘ ਚੀਮਾ, ਜਥੇਦਾਰ ਹੀਰਾ ਸਿੰਘ ਗਾਬੜੀਆ, ਸਾਬਕਾ ਮੰਤਰੀ ਗੁਲਜਾਰ ਸਿੰਘ ਰਣੀਕੇ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸਾਬਕਾ ਮੰਤਰੀ ਸੁੱਚਾ ਸਿੰਘ ਲੰਗਾਹ, ਸ਼੍ਰੋਮਣੀ ਕਮੇਟੀ ਦੇ ਐਗਜੈਕਟਿਵ ਮੈਂਬਰ ਦਲਜੀਤ ਸਿੰਘ ਭਿੰਡਰ, ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ, ਕਰਨੈਲ ਸਿੰਘ ਪੀਰ ਮੁਹੰਮਦ, ਸ਼੍ਰੋਮਣੀ ਕਮੇਟੀ ਮੈਂਬਰ ਗੁਰਬਖਸ਼ ਸਿੰਘ ਖਾਲਸਾ, ਸ਼੍ਰੋਮਣੀ ਕਮੇਟੀ ਮੈਂਬਰ ਰਜਿੰਦਰ ਸਿੰਘ ਮਹਿਤਾ, ਸ਼੍ਰੋਮਣੀ ਕਮੇਟੀ ਮੈਂਬਰ ਚਰਨਜੀਤ ਸਿੰਘ ਕਾਲੇਵਾਲ, ਗੁਰਿੰਦਰ ਸਿੰਘ ਗੋਗੀ, ਪਰਮਜੀਤ ਸਿੰਘ ਮੱਕੜ, ਜਰਨੈਲ ਸਿੰਘ ਔਲਖ ਅਤੇ ਵੱਡੀ ਗਿਣਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਅਤੇ ਵਰਕਰ ਮੌਜੂਦ ਸਨ।

# ਡਾ. ਅੰਬੇਡਕਰ ਵਲੋਂ ਸੰਵਿਧਾਨ ਰਾਹੀਂ ਆਜ਼ਾਦੀ ਦੇ ਦਿੱਤੇ ਹੱਕਾਂ 'ਤੇ ਡਾਕਾ ਮਾਰ ਰਹੀ ਹੈ ਕੇਂਦਰ ਸਰਕਾਰ: ਅਮਨ ਅਰੋੜਾ, ਹਰਪਾਲ ਚੀਮਾ

ਨਾਭਾ, 6 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਵਿੱਤ ਅਤੇ ਯੋਜਨਾ ਮੰਤਰੀ ਸ. ਹਰਪਾਲ ਸਿੰਘ ਚੀਮਾ ਅਤੇ ਰੋਜ਼ਗਾਰ ਉਤਪਤੀ, ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ, ਗਵਰਨੈਂਸ ਰਿਫਾਰਮਜ ਤੇ ਸ਼ਿਕਾਇਤ ਨਿਵਾਰਣ ਤੇ ਪ੍ਰਿੰਟਿੰਗ ਅਤੇ ਸਟੇਸ਼ਨਰੀ ਵਿਭਾਗਾਂ ਦੇ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਸ੍ਰੀ ਅਮਨ ਅਰੋੜਾ ਨੇ ਅੱਜ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਉ ਅੰਬੇਡਕਰ ਦੇ ਮਹਾਂ ਪ੍ਰੀਨਿਰਵਾਣ ਦਿਵਸ ਮੌਕੇ ਨਾਭਾ ਦੇ ਪਟਿਆਲਾ ਗੇਟ ਵਿਖੇ ਸਥਿਤ ਡਾ. ਅੰਬੇਡਕਰ ਦੇ ਸਮਾਰਕ 'ਤੇ ਸ਼ਰਧਾਂਜਲੀ ਭੇਟ ਕੀਤੀ।ਦੋਵੇਂ ਆਗੂਆਂ ਨੇ ਕਿਹਾ ਕਿ ਡਾ. ਅੰਬੇਡਕਰ ਨੇ ਸੰਵਿਧਾਨਕ ਹੱਕਾਂ ਨਾਲ ਦੱਬੇ ਕੁਚਲੇ ਲੋਕਾਂ ਨੂੰ ਆਰਥਿਕ ਤੇ ਸਮਾਜਿਕ ਤੌਰ 'ਤੇ ਉੱਪਰ ਚੁੱਕਿਆ, ਜਿਸ ਲਈ ਸਾਨੂੰ ਉਨ੍ਹਾਂ ਦੇ ਪਾਏ ਪੂਰਨਿਆਂ ਉਪਰ ਚੱਲਣਾ ਚਾਹੀਦਾ ਹੈ।

ਇਸ ਮੌਕੇ ਪੱਤਰਕਾਰਾਂ ਨਾਲ ਗੈਰਰਸਮੀ ਗੱਲਬਾਤ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਆਪ ਸੂਬਾ ਪ੍ਰਧਾਨ ਸ੍ਰੀ ਅਮਨ ਅਰੋੜਾ ਨੇ ਇੱਕ ਆਵਾਜ਼ ਵਿੱਚ ਕਿਹਾ ਕਿ ਕੇਂਦਰ ਸਰਕਾਰ ਡਾ. ਭੀਮ ਰਾਉ ਅੰਬੇਡਕਰ ਵਲੋਂ ਦਿੱਤੀ ਅਜ਼ਾਦੀ ਖੋਹਣ ਦੇ ਕੋਝੇ ਯਤਨ ਕਰ ਰਹੀ ਹੈ, ਜਿਸ ਨੂੰ ਪੰਜਾਬ ਸਰਕਾਰ ਤੇ ਆਪ ਪਾਰਟੀ ਬਰਦਾਸ਼ਤ ਨਹੀਂ ਕਰੇਗੀ।ਉਨ੍ਹਾਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਨੂੰ ਆਪਣੀ ਰਾਜਧਾਨੀ ਦਿੱਲੀ ਵਿਖੇ ਜਾਣ ਤੋਂ ਰੋਕਣ ਲਈ ਅੜਿੱਕੇ ਡਾਹ ਕੇ ਹਰਿਆਣਾ ਪੁਲਿਸ ਰਾਹੀਂ ਜਬਰ ਢਾਹਿਆ ਜਾ ਰਿਹਾ ਹੈ, ਜੋ ਕਿ ਨਿੰਦਣਯੋਗ ਹੈ।

ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਕਿਸਾਨ ਵੀ ਇਸ ਦੇਸ਼ ਦਾ ਹਿੱਸਾ ਹਨ ਅਤੇ ਉਨ੍ਹਾਂ ਦੀਆਂ ਮੰਗਾਂ



ਜਾਇਜ਼ ਹਨ ਅਤੇ ਇਸ ਲਈ ਕੇਂਦਰ ਨੂੰ ਕਿਸਾਨਾਂ ਨਾਲ ਬੈਠਕ ਕਰਕੇ ਇਸ ਦਾ ਤੁਰੰਤ ਹੱਲ ਕੀਤਾ ਜਾਣਾ ਚਾਹੀਦਾ ਹੈ, ਕਿਉਂਕਿ ਇਹ ਮੰਗਾਂ ਕੇਂਦਰ ਸਰਕਾਰ ਨਾਲ ਹੀ ਸਬੰਧਤ ਹਨ। ਉਨ੍ਹਾਂ ਨੇ ਕਿਸਾਨਾਂ ਉੱਪਰ ਕੇਂਦਰ ਸਰਕਾਰ ਵੱਲੋਂ ਕੀਤੇ ਜਾ ਰਹੇ ਜਬਰ ਦੀ ਨਿਖੇਧੀ ਕਰਦਿਆਂ ਕਿਹਾ ਕਿ ਕਿਸਾਨਾਂ ਨੂੰ ਦਿੱਲੀ ਆਪਣੀਆਂ ਮੰਗਾਂ ਲਈ ਸੰਘਰਸ਼ ਕਰਨ ਜਾਣ ਤੋਂ ਰੋਕਣਾ ਗ਼ੈਰਕਾਨੂੰਨੀ ਹੈ।

ਇੱਕ ਸਵਾਲ ਦੇ ਜਵਾਬ ਵਿੱਚ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਉੱਪਰ ਹਮਲਾ ਮੰਦਭਾਗਾ ਹੈ ਪ੍ਰੰਤੂ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇਸ ਗੱਲੋਂ ਵਚਨਬੱਧ ਹੈ ਕਿ ਕਿਸੇ ਸ਼ਰਾਰਤੀ ਅਨਸਰ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬੀ ਇਸ ਗੱਲੋਂ ਬੇਫ਼ਿਕਰ ਹੋ ਜਾਣ ਕਿਉਂਕਿ ਪੰਜਾਬ ਸੁਰੱਖਿਅਤ ਤੇ ਮਜ਼ਬੂਤ ਹੱਥਾਂ ਵਿੱਚ ਹੈ ਅਤੇ ਕਿਸੇ ਵੀ ਘਿਨੌਣੀ ਹਰਕਤ ਕਰਨ ਵਾਲੇ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਪੰਜਾਬ ਨੂੰ ਕਾਲੇ ਦੌਰ ਵੱਲ ਧੱਕਣ ਦੀਆਂ ਕੋਸ਼ਿਸ਼ਾਂ ਨੂੰ ਕਦੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਇੱਕ ਵੱਖਰੇ ਸਵਾਲ ਦੇ ਜਵਾਬ ਵਿੱਚ ਵਿੱਤ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਦੀ ਆਰਥਿਕ ਸਥਿਤੀ ਮਜ਼ਬੂਤ ਹੈ ਤੇ ਪੰਜਾਬ ਸਰਕਾਰ ਨੇ ਕਰਜ਼ਾ ਲੈਣ ਦੀ ਦਰ ਨੂੰ ਘਟਾਇਆ ਹੈ ਅਤੇ ਸੂਬਾ ਸਰਕਾਰ ਨੇ ਪ੍ਰਾਈਵੇਟ ਤਾਪ ਬਿਜਲੀ ਪਲਾਂਟ ਵੀ ਖ਼ਰੀਦ ਕੇ ਨਵਾਂ ਰਿਕਾਰਡ ਬਣਾਇਆ ਹੈ। ਵਿੱਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨੂੰ ਦਿੱਤੀਆਂ ਪੰਜ ਗਰੰਟੀਆਂ ਵਿੱਚੋਂ ਚਾਰ ਪੂਰੀਆਂ ਕਰ ਦਿੱਤੀਆਂ ਹਨ ਅਤੇ ਬਾਕੀ ਰਹਿੰਦੀ ਇੱਕ ਗਰੰਟੀ ਵੀ ਜਲਦ ਪੂਰੀ ਕਰ ਦਿੱਤੀ ਜਾਵੇਗੀ।

ਵਿੱਤ ਮੰਤਰੀ ਨੇ ਕਿਹਾ ਕਿ ਹਰ ਪਾਸੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਸੂਬੇ ਵਿੱਚ ਅਮਨ ਸ਼ਾਂਤੀ ਹੈ, ਸਿੱਟੇ ਵਜੋਂ ਰਾਜ ਵਿੱਚ ਇੰਡਸਟਰੀ ਖੇਤਰ ਵਿੱਚ ਢਾਈ ਲੱਖ ਕਰੋੜ ਰੁਪਏ ਦਾ ਨਿਵੇਸ਼ ਹੋਇਆ ਹੈ। ਇਸ ਮੌਕੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਅਤੇ ਐਸ.ਡੀ.ਐਮ ਡਾ ਇਸਮਤ ਵਿਜੇ ਸਿੰਘ ਵੀ ਮੌਜੂਦ ਸਨ।

# ਰਵਾਇਤੀ ਪਾਰਟੀਆਂ ਨੇ ਸਰਹੱਦੀ ਖਿੱਤੇ ਦੇ ਜਾਂਬਾਜ਼ ਲੋਕਾਂ ਦੀ ਪਿੱਠ ਵਿੱਚ ਛੁਰਾ ਮਾਰਿਆ : ਮੁੱਖ ਮੰਤਰੀ

ਬਟਾਲਾ, 7 ਦਸੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੂਬੇ ਦੀਆਂ ਰਵਾਇਤੀ ਸਿਆਸੀ ਪਾਰਟੀਆਂ ਉਤੇ ਵਰ੍ਹਦਿਆਂ ਕਿਹਾ ਕਿ ਇਨ੍ਹਾਂ ਪਾਰਟੀਆਂ ਨੇ ਸਰਹੱਦੀ ਖਿੱਤੇ ਦੇ ਬਹਾਦਰ ਲੋਕਾਂ ਦੀ ਪਿੱਠ 'ਚ ਛੁਰਾ ਮਾਰਿਆ ਅਤੇ ਆਪਣੇ ਨਿੱਜੀ ਮੁਫਾਦਾਂ ਲਈ ਇਸ ਖਿੱਤੇ ਦੀਆਂ ਕਈ ਪੀੜ੍ਹੀਆਂ ਨੂੰ ਬਰਬਾਦ ਕਰ ਦਿੱਤਾ।

ਬਟਾਲਾ ਵਿਖੇ ਨਵੀਂ ਅੱਪਗ੍ਰੇਡ ਸ਼ੂਗਰ ਮਿੱਲ ਲੋਕਾਂ ਨੂੰ ਸਮਰਪਿਤ ਕਰਨ ਉਪਰੰਤ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਦੁੱਖ ਨਾਲ ਕਿਹਾ ਕਿ ਸੂਬੇ ਦੇ ਅਗਾਂਹਵਧੂ ਅਤੇ ਉਪਜਾਊ ਸਰਹੱਦੀ ਖੇਤਰ ਨੂੰ ਰਵਾਇਤੀ ਸਿਆਸੀ ਪਾਰਟੀਆਂ ਨੇ ਦਰਕਿਨਾਰ ਕੀਤਾ ਜਿਸ ਕਰਕੇ ਇਹ ਖੇਤਰ ਵਿਕਾਸ ਦੀ ਰਫ਼ਤਾਰ ਵਿੱਚ ਪਛੜ ਗਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਪਾਰਟੀਆਂ ਦੇ ਆਗੂਆਂ ਨੇ ਆਪਣੀ ਤਾਕਤ ਦੀ ਦੁਰਵਰਤੋਂ ਕਰਕੇ ਸੂਬੇ ਦੀ ਨੌਜਵਾਨ ਪੀੜ੍ਹੀ ਨੂੰ ਝੂਠੇ ਕੇਸਾਂ ਵਿੱਚ ਫਸਾ ਕੇ ਬਰਬਾਦ ਕੀਤਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਦੇ ਸਰਹੱਦੀ ਜ਼ਿਲ੍ਹਿਆਂ ਦੇ ਵਾਸੀ ਬਹਾਦਰ ਲੋਕ ਹਨ ਜਿਨ੍ਹਾਂ ਨੇ ਹਮੇਸ਼ਾ ਦੇਸ਼ ਦੀ ਏਕਤਾ ਅਤੇ ਪ੍ਰਭੂਸੱਤਾ ਦੀ ਡਟ ਕੇ ਰਾਖੀ ਕੀਤੀ ਹੈ।

ਮੁੱਖ ਮੰਤਰੀ ਨੇ ਕਿਹਾ, ਇਹ ਧਰਤੀ ਮਹਾਨ ਗੁਰੂ ਸਾਹਿਬਾਨ ਵੱਲੋਂ ਬਖਸ਼ਿਸ਼ ਕੀਤੀ ਪਵਿੱਤਰ ਧਰਤੀ ਹੈ ਅਤੇ ਇੱਥੇ ਬਹਾਦਰ ਅਤੇ ਮਿਹਨਤੀ ਲੋਕਾਂ ਦਾ ਵਸੇਬਾ ਹੈ, ਜਿਨ੍ਹਾਂ ਨੇ ਲੰਮਾ ਸਮਾਂ ਰਵਾਇਤੀ ਪਾਰਟੀਆਂ ਦੀ ਸਿਆਸੀ ਬਦਲਾਖੋਰੀ ਦਾ ਸੰਤਾਪ ਭੋਗਿਆ ਹੈ। ਮਹਾਨ ਦੇਸ਼ ਭਗਤ ਪੈਦਾ ਕਰਨ ਵਾਲੇ ਇਸ ਖੇਤਰ ਨੇ ਰਵਾਇਤੀ ਪਾਰਟੀਆਂ ਦੇ ਸ਼ਾਸਨ ਦੌਰਾਨ ਕਦੇ ਵਿਕਾਸ ਹੁੰਦਾ ਨਹੀਂ ਦੇਖਿਆ। ਬੜੇ ਦੁੱਖ ਦੀ ਗੱਲ ਹੈ ਕਿ ਇਸ ਇਲਾਕੇ ਦੇ ਵੱਡੇ ਯੋਗਦਾਨ ਦੇ ਬਾਵਜੂਦ ਇਸ ਖੇਤਰ ਦੇ ਲੋਕਾਂ ਨੂੰ ਰਵਾਇਤੀ ਪਾਰਟੀਆਂ ਨੇ ਧੋਖਾ ਦਿੱਤਾ ਹੈ।

ਹਾਲਾਂਕਿ, ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਇਸ ਖਿੱਤੇ ਦੇ ਵਿਕਾਸ ਲਈ ਅਣਥੱਕ ਮਿਹਨਤ ਕਰ ਰਹੀ ਹੈ ਜਿਸ ਸਦਕਾ 296 ਕਰੋੜ ਰੁਪਏ ਦੀ ਲਾਗਤ ਨਾਲ ਇਸ ਅੱਪਗ੍ਰੇਡ ਖੰਡ ਮਿੱਲ ਦੀ ਸਥਾਪਨਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਮਿੱਲ ਦੀ 3500 ਟਨ ਗੰਨੇ ਦੀ ਪਿੜਾਈ ਕਰਨ ਦੀ ਸਮਰੱਥਾ ਹੈ ਅਤੇ ਇਸ ਵਿੱਚ 14 ਮੈਗਾਵਾਟ ਦਾ ਕੋ-ਜੈਨਰੇਸ਼ਨ ਪਲਾਂਟ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਮਿੱਲ ਵਿੱਚ ਰਿਫਾਇੰਡ ਖੰਡ ਦਾ ਉਤਪਾਦਨ ਕੀਤਾ ਜਾਵੇਗਾ ਅਤੇ ਅਜਿਹਾ ਕਰਨ ਵਾਲੀ ਇਹ ਸੂਬੇ ਦੀ ਪਹਿਲੀ ਸਹਿਕਾਰੀ ਖੰਡ ਮਿੱਲ ਹੋਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਮਿੱਲ ਦੇ ਮੌਜੂਦਾ ਸੀਜ਼ਨ ਦੌਰਾਨ 35 ਲੱਖ ਕੁਇੰਟਲ ਗੰਨੇ ਦੀ ਪਿੜਾਈ ਕਰਨ ਦਾ ਟੀਚਾ ਹੈ ਅਤੇ ਇਹ ਵਾਤਾਵਰਣ ਪੱਖੀ ਪਲਾਂਟ ਹੈ। ਉਨ੍ਹਾਂ ਕਿਹਾ ਕਿ ਇਹ ਭਾਰਤ ਵਿੱਚ ਆਪਣੀ ਕਿਸਮ ਦੀ ਪਹਿਲੀ ਖੰਡ ਮਿੱਲ ਹੈ ਜਿੱਥੇ 100 ਫੀਸਦੀ ਗੈਸ ਪਾਈਪ ਲਾਈਨ ਪਾਈ ਜਾਵੇਗੀ ਅਤੇ ਇਸ ਦੀ ਸਮਰੱਥਾ ਰੋਜ਼ਾਨਾ 14000 ਘਣ ਮੀਟਰ ਹੈ ਅਤੇ ਇਹ ਵਾਤਾਵਰਣ ਵਿੱਚ 30,000 ਕਾਰਾਂ ਦੇ ਹੁੰਦੇ ਪ੍ਰਦੂਸ਼ਣ ਦੇ ਬਰਾਬਰ ਪ੍ਰਦੂਸ਼ਣ ਨੂੰ ਰੋਕ ਸਕੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਪਲਾਂਟ ਰੋਜ਼ਾਨਾ 150 ਟਨ ਤੋਂ ਵੱਧ ਰਹਿੰਦ-ਖੂੰਹਦ ਨੂੰ ਪ੍ਰੋਸੈਸ ਕਰੇਗਾ ਅਤੇ 20 ਟਨ ਆਰਗੈਨਿਕ ਖਾਦ ਤਿਆਰ ਕਰੇਗਾ ਜਿਸ ਨਾਲ ਸਥਾਨਕ ਆਰਥਿਕਤਾ ਨੂੰ ਵੱਡਾ ਹੁਲਾਰਾ ਮਿਲੇਗਾ। ਉਨ੍ਹਾਂ ਕਿਹਾ ਕਿ ਇਹ ਬੜੇ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਬਹਾਦਰਪੁਰ ਪੰਜਾਬ ਦਾ ਪਹਿਲਾ ਪਿੰਡ ਹੈ ਜਿੱਥੇ ਘਰ-ਘਰ ਬਾਇਓ ਰਸੋਈ ਗੈਸ ਪਹੁੰਚਾਉਣ ਲਈ ਪਾਈਪ ਲਾਈਨ ਵਿਛਾਈ ਗਈ ਹੈ।

# ਨਿਯੁਕਤੀ ਪੱਤਰਾਂ ਦੀ ਉਡੀਕ ਕਰਦੇ ਅਧਿਆਪਕਾਂ ਤੇ ਲਾਠੀਚਾਰਜ ਕਰਨਾ ਸਰਾਸਰ ਧੱਕਾ : ਜਸਵਿੰਦਰ ਸਿੰਘ



**ਸਮਾਣਾ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪਟਿਆਲਾ ਦੇ ਪ੍ਰਧਾਨ ਜਸਵਿੰਦਰ ਸਿੰਘ ਸਮਾਣਾ ਤੇ ਪਰਮਜੀਤ ਸਿੰਘ ਪਟਿਆਲਾ ਨੇ ਸਾਂਝੇ ਬਿਆਨ ਦਿੰਦੇ ਹੋਏ ਦੱਸਿਆ ਕਿ ਨਿਯੁਕਤੀ ਪੱਤਰਾਂ ਦੀ ਉਡੀਕ ਕਰ ਰਹੇ ਬੇਰੁਜ਼ਗਾਰ ਅਧਿਆਪਕਾਂ ਤੇ ਲਾਠੀਚਾਰਜ ਕਰਨਾ ਬੇਹੱਦ ਮੰਦਭਾਗਾ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਭਰ ਵਿੱਚ ਹਜ਼ਾਰਾਂ ਅਸਾਮੀਆਂ ਖ਼ਾਲੀ ਹਨ ਪਰ ਸਿੱਖਿਆ ਵਿੱਚ ਵੱਡੇ ਪੱਧਰ ਤੇ ਬਦਲਾਅ ਲਿਆਉਣ ਦਾ ਵਾਅਦਾ ਕਰਨ ਵਾਲੀ ਭਗਵੰਤ ਮਾਨ ਸਰਕਾਰ ਹੁਣ ਡੰਡਿਆਂ ਨਾਲ ਬੇਰੁਜ਼ਗਾਰਾਂ ਦੀ ਜ਼ੁਬਾਨ ਬੰਦ ਕਰ ਰਹੀ ਹੈ। ਉਹਨਾਂ ਦੱਸਿਆ ਕਿ 5994, 2364 ਦੀ ਭਰਤੀ ਦੇ ? ਇਸ਼ਤਿਹਾਰ ਲਗਭਗ ਢਾਈ ਸਾਲ ਪਹਿਲਾਂ ਆਏ ਸਨ ਪਰ ਸਰਕਾਰ ਦੀਆਂ ਗਲਤ ਨੀਤੀਆਂ ਕਰਕੇ ਇਹ ਭਰਤੀ ਹੁਣ ਤੱਕ ਨਹੀ ਹੋ ਪਾਈ।

ਇਸੇ ਸਮੇਂ ਕਮਲ ਨੈਣ , ਦੀਦਾਰ ਸਿੰਘ, ਹਿੰਮਤ ਸਿੰਘ ਖੋਖ,ਸ਼ਿਵਪ੍ਰੀਤ ਪਟਿਆਲਾ, ਸੁਖਵਿੰਦਰ ਸਿੰਘ ਨਾਭਾ, ਵਿਕਾਸ ਸਹਿਗਲ, ਰਜਿੰਦਰ ਸਿੰਘ ਜਵੰਦਾ, ਜਗਪ੍ਰੀਤ ਸਿੰਘ ਭਾਟੀਆ, ਹਰਪ੍ਰੀਤ ਸਿੰਘ ਉੱਪਲ,ਹਰਦੀਪ ਸਿੰਘ ਪਟਿਆਲਾ, ਮਨਜਿੰਦਰ ਸਿੰਘ ਗੋਲਡੀ, ਰਜਿੰਦਰ ਸਿੰਘ ਰਾਜਪੁਰਾ,ਨਿਰਭੈ ਸਿੰਘ,ਭੀਮ ਸਿੰਘ ਸਮਾਣਾ, ਗੁਰਪ੍ਰੀਤ ਸਿੰਘ ਸਿੱਧੂ, ਟਹਿਲਬੀਰ ਸਿੰਘ, ਮਨਦੀਪ ਸਿੰਘ ਕਾਲੇਕੇ ,ਗੁਰਵਿੰਦਰ ਸਿੰਘ ਜਨੇਹੇੜੀਆਂ ,ਹਰਵਿੰਦਰ ਸਿੰਘ ਖੱਟੜਾ, ਗੁਰਪ੍ਰੀਤ ਸਿੰਘ ਤੇਪਲਾ, ਗੁਰਪ੍ਰੀਤ ਸਿੰਘ ਬੱਬਨ ,ਲਖਵਿੰਦਰ ਪਾਲ ਸਿੰਘ ਰਾਜਪੁਰਾ, ਦਲਬੀਰ ਕਲਿਆਣ, ਧਰਮਿੰਦਰ ਸਿੰਘ ਘੱਗਾ, ਗੁਰਵਿੰਦਰ ਸਿੰਘ ਖੰਗੂੜਾ,ਮਲਕੀਤ ਸਿੰਘ ਸਮਾਣਾ,ਸ਼ਪਿੰਦਰ ਸ਼ਰਮਾ ਧਨੇਠਾ, ਹਰਪ੍ਰੀਤ ਸਿੰਘ ਰਾਜਪੁਰਾ, ਜਤਿੰਦਰ ਵਰਮਾ,ਬਲਜਿੰਦਰ ਸਿੰਘ ਰਾਜਪੁਰਾ, ਸਰਬਜੀਤ ਸਿੰਘ ਰਾਜਪੁਰਾ, ਸਾਥੀਆਂ ਨੇ ਜਿੱਥੇ ਸਰਕਾਰ ਵਲੋਂ ਕੀਤੇ ਲਾਠੀਚਾਰਜ ਦੀ ਸਖਤ ਸ਼ਬਦਾਂ ਵਿੱਚ ਨਿੰਦਿਆ ਕੀਤੀ। ਉੱਥੇ ਹੀ ਹੱਕ ਮੰਗਦੇ ਬੇਰੁਜ਼ਗਾਰਾਂ ਦੇ ਸੰਘਰਸ਼ ਵਿੱਚ ਹਰ ਤਰਾਂ ਦਾ ਸਹਿਯੋਗ ਕਰਨ ਦਾ ਐਲਾਨ ਕੀਤਾ।

# ਹਰਜੋਤ ਸਿੰਘ ਬੈਂਸ ਵੱਲੋਂ ਨਿਤਿਨ ਗਡਕਰੀ ਨਾਲ ਮੁਲਾਕਾਤ

**➢ ਸ੍ਰੀ ਕੀਰਤਪੁਰ ਸਾਹਿਬ ਤੋਂ ਨੰਗਲ- ਊਨਾ ਬਾਰਡਰ ਤੱਕ ਸੜਕ ਨੂੰ ਚਹੁੰ-ਮਾਰਗੀ ਕਰਨ ਦੀ ਮੰਗ ➢ ਬੰਗਾ ਤੋਂ ਸ੍ਰੀ ਆਨੰਦਪੁਰ ਸਾਹਿਬ ਤੱਕ ਸੜਕ ਨੂੰ ਕੌਮੀ ਰਾਜ ਮਾਰਗ ਦਾ ਦਰਜਾ ਦੇ ਕੇ ਚਹੁੰ-ਮਾਰਗੀ ਬਣਾਉਣ ਦੀ ਮੰਗ**



**ਨਵੀਂ ਦਿੱਲੀ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਕੈਬਨਿਟ ਮੰਤਰੀ ਸ. ਹਰਜੋਤ ਸਿੰਘ ਬੈਂਸ ਵੱਲੋਂ ਅੱਜ ਕੇਂਦਰੀ ਸੜਕ ਅਤੇ ਟ੍ਰਾਂਸਪੋਰਟ ਮੰਤਰੀ ਸ੍ਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕੀਤੀ ਗਈ। ਇਸ ਮੌਕੇ ਉਹਨਾਂ ਨਾਲ ਪੰਜਾਬ ਤੋਂ ਰਾਜ ਸਭਾ ਮੈਂਬਰ ਸ੍ਰੀ ਸੰਜੀਵ ਅਰੋੜਾ ਵੀ ਹਾਜ਼ਰ ਸਨ।

ਇਸ ਮੁਲਾਕਾਤ ਦੌਰਾਨ ਸ. ਬੈਂਸ ਨੇ ਕੇਂਦਰੀ ਕੇਂਦਰੀ ਸੜਕ ਅਤੇ ਟ੍ਰਾਂਸਪੋਰਟ ਮੰਤਰੀ ਸ੍ਰੀ ਨਿਤਿਨ ਗਡਕਰੀ ਨੂੰ ਸ੍ਰੀ ਅਨੰਦਪੁਰ ਸਾਹਿਬ ਦੀ ਇਤਿਹਾਸਕ ਅਤੇ ਭੂਗੋਲਿਕ ਮਹੱਤਤਾ ਤੋਂ ਜਾਣੂ ਕਰਵਾਉਂਦਿਆਂ ਇਸ ਇਲਾਕੇ ਦੀਆਂ ਸੜਕਾਂ ਸਬੰਧੀ ਜ਼ਰੂਰਤਾਂ ਬਾਰੇ ਗੱਲਬਾਤ ਕੀਤੀ ਗਈ।

ਸ. ਬੈਂਸ ਨੇ ਇਸ ਮੌਕੇ ਸ੍ਰੀ ਗਡਕਰੀ ਨੂੰ ਦੱਸਿਆ ਕਿ ਸਿੱਖ ਧਰਮ ਦੇ ਇਤਿਹਾਸਕ ਸਥਾਨ ਸ੍ਰੀ ਕੀਰਤਪੁਰ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਅਤੇ ਹਿੰਦੂ ਮੱਤ ਦੇ ਸ਼ਕਤੀ ਪੀਠ ਸ੍ਰੀ ਨੈਨਾ ਦੇਵੀ ਨੂੰ ਜੋੜਨ ਵਾਲੀਆਂ ਸੜਕਾਂ ਨੂੰ ਤੁਰੰਤ ਚਹੁੰ-ਮਾਰਗੀ ਕਰਨ ਦੀ ਜ਼ਰੂਰਤ ਹੈ ਤਾਂ ਜੋ ਇਹਨਾਂ ਸਥਾਨਾਂ ‘ਤੇ ਆਉਣ ਵਾਲੇ ਸ਼ਰਧਾਲੂਆਂ ਦੀ ਆਵਾਜਾਈ ਨੂੰ ਸੁਖਾਲਾ ਬਣਾਇਆ ਜਾ ਸਕੇ। ਉਹਨਾਂ ਕਿਹਾ ਕਿ ਇਸ ਚਹੁੰ-ਮਾਰਗੀ ਸੜਕ ਸਬੰਧੀ ਵਿਸਥਾਰਤ ਪ੍ਰੋਜੈਕਟ ਰਿਪੋਰਟ (ਡੀ.ਪੀ.ਆਰ.) ਪਹਿਲਾਂ ਹੀ ਤਿਆਰ ਕੀਤੇ ਜਾ ਚੁੱਕੇ ਹਨ। ਇਥੇ ਇਹ ਵੀ ਦੱਸਣਯੋਗ ਹੈ ਕਿ ਹਰਜੋਤ ਸਿੰਘ ਬੈਂਸ ਵੱਲੋਂ ਬੀਤੇ ਸਮੇਂ ਵਿੱਚ ਕੇਂਦਰ ਸਰਕਾਰ ਨੂੰ ਪੱਤਰ ਲਿਖੇ ਜਾ ਚੁੱਕੇ ਹਨ।

ਉਹਨਾਂ ਕਿਹਾ ਕਿ ਸਭ ਤੋਂ ਪਹਿਲਾਂ ਸ੍ਰੀ ਕੀਰਤਪੁਰ ਸਾਹਿਬ ਤੋਂ ਊਨਾ ਜ਼ਿਲ੍ਹੇ ਦਾ ਹਿਮਾਚਲ ਬਾਰਡਰ ਮਹਿਤਪੁਰ ਤੱਕ ਮਾਰਗ ਨੂੰ ਚਹੁੰ ਮਾਰਗੀ ਕਰਨ ਦੀ ਅਤਿਅੰਤ ਲੋੜ ਹੈ। ਉਹਨਾ ਕਿਹਾ ਕਿ ਇਸ ਤੋਂ ਇਲਾਵਾ ਮਾਂਝੇ, ਦੁਆਬੇ ਅਤੇ ਮਾਲਵੇ ਤੋਂ ਵੱਡੀ ਗਿਣਤੀ ਵਿੱਚ ਸ਼ਰਧਾਲੂ ਸ੍ਰੀ ਅਨੰਦਪੁਰ ਸਾਹਿਬ ਅਤੇ ਨੈਨਾ ਦੇਵੀ ਦੀ ਯਾਤਰਾ ਕਰਨ ਲਈ ਬੰਗਾ-ਸ੍ਰੀ ਅਨੰਦਪੁਰ ਸਾਹਿਬ ਮਾਰਗ ਦੀ ਵਰਤੋਂ ਕਰਦੇ ਹਨ, ਜੋ ਕਿ ਲਿੰਕ ਰੋਡ ਹੈ, ਜਿਸ ‘ਤੇ ਅਕਸਰ ਹਾਦਸੇ ਵਾਪਰਦੇ ਰਹਿੰਦੇ ਹਨ। ਉਹਨਾਂ ਇਸ ਮਾਰਗ ਨੂੰ ਵੀ ਚਹੁੰ-ਮਾਰਗੀ ਬਣਾਉਂਦਿਆਂ ਕੌਮੀ ਮਾਰਗ ਦਾ ਦਰਜਾ ਦੇਣ ਦੀ ਮੰਗ ਕੀਤੀ।

ਸ. ਬੈਂਸ ਨੇ ਕੇਂਦਰੀ ਮੰਤਰੀ ਨੂੰ ਬੇਨਤੀ ਕੀਤੀ ਕਿ ਪੰਜਾਬ ਦੇ ਸਨਅਤੀ ਸ਼ਹਿਰ ਲੁਧਿਆਣਾ ਨਾਲ ਹਿਮਾਚਲ ਨੂੰ ਜੋੜਨ ਲਈ ਸ੍ਰੀ ਆਨੰਦਪੁਰ ਸਾਹਿਬ ਤੋਂ ਸ੍ਰੀ ਚਮਕੌਰ ਸਾਹਿਬ ਤੱਕ ਇੱਕ ਨਵਾਂ ਗ੍ਰੀਨਫੀਲਡ ਐਕਸਪ੍ਰੈਸਵੇ ਬਣਾਇਆ ਜਾਵੇ।

ਕੈਬਨਿਟ ਮੰਤਰੀ ਨੇ ਕਿਹਾ ਕਿ ਜੇਕਰ ਇਹ 50 ਕਿਲੋਮੀਟਰ ਲੰਬਾ ਐਕਸਪ੍ਰੈਸਵੇਅ ਬਣ ਜਾਂਦਾ ਹੈ ਤਾਂ ਇਸ ਨਾਲ ਰੋਪੜ-ਲੁਧਿਆਣਾ ਹਾਈਵੇਅ ਅਤੇ ਕੀਰਤਪੁਰ-ਮਨਾਲੀ ਹਾਈਵੇਅ ਨੂੰ ਜੋੜੇਗਾ। ਸ. ਬੈਂਸ ਨੇ ਇਸ ਮਾਰਗ ਦਾ ਨਾਮ ਗੁਰੂ ਗੋਬਿੰਦ ਸਿੰਘ ਐਕਸਪ੍ਰੈਸਵੇਅ ਰੱਖਣ ਦਾ ਸੁਝਾਅ ਵੀ ਦਿੱਤਾ।

ਕੇਂਦਰੀ ਸੜਕ ਤੇ ਟਰਾਂਸਪੋਰਟ ਮੰਤਰੀ ਸ੍ਰੀ ਨਿਤਿਨ ਗਡਕਰੀ ਵੱਲੋਂ ਸ੍ਰੀ ਕੀਰਤਪੁਰ ਸਾਹਿਬ ਤੋਂ ਹਿਮਾਚਲ ਬਾਰਡਰ ਮਹਿਤਪੁਰ ਤੱਕ ਸੜਕ ਨੂੰ ਚਹੁੰ-ਮਾਰਗੀ ਕਰਨ, ਬੰਗਾ ਤੋਂ ਸ੍ਰੀ ਆਨੰਦਪੁਰ ਸਾਹਿਬ ਤੱਕ ਸੜਕ ਨੂੰ ਕੌਮੀ ਰਾਜ ਮਾਰਗ ਦਾ ਦਰਜਾ ਦੇ ਕੇ ਚਹੁੰ-ਮਾਰਗੀ ਬਣਾਉਣ ਅਤੇ ਸ੍ਰੀ ਆਨੰਦਪੁਰ ਸਾਹਿਬ ਤੋਂ ਸ੍ਰੀ ਚਮਕੌਰ ਸਾਹਿਬ ਤੱਕ ਨਵਾਂ ਗ੍ਰੀਨਫੀਲਡ ਐਕਸਪ੍ਰੈਸਵੇ ਗੁਰੂ ਗੋਬਿੰਦ ਸਿੰਘ ਐਕਸਪ੍ਰੈਸਵੇ ਬਣਾਉਣ ਸਬੰਧੀ ਸਹਿਮਤੀ ਦਾ ਪ੍ਰਗਟਾਵਾ ਕਰਦਿਆਂ ਭਰੋਸਾ ਦਿੱਤਾ ਕਿ ਇਹਨਾਂ ਪ੍ਰੋਜੈਕਟਾਂ ‘ਤੇ ਜਲਦ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਸ੍ਰੀ ਗਡਕਰੀ ਨੇ ਮੀਟਿੰਗ ਦੌਰਾਨ ਅਧਿਕਾਰੀਆਂ ਨੂੰ ਕੀਰਤਪੁਰ-ਨੰਗਲ ਸੜਕ ਦਾ ਕੰਮ ਜਲਦ ਸ਼ੁਰੂ ਕਰਨ ਦੇ ਆਦੇਸ਼ ਦਿੱਤੇ ਜਦਕਿ ਬੰਗਾ-ਸ੍ਰੀ ਆਨੰਦਪੁਰ ਸਾਹਿਬ ਰੋਡ ਸਬੰਧੀ ਫਾਈਲ ਪੇਸ਼ ਕਰਨ ਅਤੇ ਨਵੇਂ ਐਕਸਪ੍ਰੈਸਵੇ ਦੇ ਅਧਿਐਨ ਦੇ ਵੀ ਹੁਕਮ ਦਿੱਤੇ।

ਇਥੇ ਦੱਸਣਯੋਗ ਹੈ ਕਿ ਹਰਜੋਤ ਸਿੰਘ ਬੈਂਸ ਹਲਕੇ ਦੇ ਵਿਕਾਸ ਲਈ ਲਗਾਤਾਰ ਯਤਨਸ਼ੀਲ ਹਨ। ਬੀਤੇ ਢਾਈ ਸਾਲਾਂ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸ੍ਰੀ ਆਨੰਦਪੁਰ ਸਾਹਿਬ ਵਿੱਚ ਕਈ ਵਿਕਾਸ ਪ੍ਰੋਜੈਕਟ ਪੂਰੇ ਹੋ ਰਹੇ ਹਨ

# 10ਵੇਂ ਨੋਰ੍ਹਾ ਰਿਚਰਡ ਥੀਏਟਰ ਫੈਸਟੀਵਲ ਦੇ ਦੂਜੇ ਦਿਨ ‘ਕਰ ਲਓ ਘਿਓ ਨੂੰ ਭਾਂਡਾ’ ਨਾਟਕ ਖੇਡਿਆ



**ਪਟਿਆਲਾ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਯੁਵਕ ਭਲਾਈ ਵਿਭਾਗ ਅਤੇ ਪੰਜਾਬ ਸੰਗੀਤ ਅਕਾਦਮੀ ਚੰਡੀਗੜ੍ਹ ਦੇ ਸਹਿਯੋਗ ਨਾਲ ਸਾਰਥਕ ਰੰਗਮੰਚ ਅਤੇ ਸੋਸ਼ਲ ਵੈਲਫੇਅਰ ਸੁਸਾਇਟੀ, ਪਟਿਆਲਾ ਵਲੋਂ ਕਰਵਾਏ ਜਾ ਰਹੇ 10ਵੇਂ ਨੋਰ੍ਹਾ ਰਿਚਰਡ ਥੀਏਟਰ ਫੈਸਟੀਵਲ ਦੇ ਦੂਜੇ ਦਿਨ ਸਾਰਥਕ ਰੰਗਮੰਚ ਵੱਲੋਂ ਜੈਵਰਧਨ ਦੇ ਹਿੰਦੀ ਨਾਟਕ ‘ਹਾਏ ਹੈਂਡਸਮ’ ਦਾ ਪੰਜਾਬੀ ਰੂਪਾਂਤਰ ‘ਕਰ ਲਓ ਘਿਓ ਨੂੰ ਭਾਂਡਾ’ ਖੇਡਿਆ ਗਿਆ । ਇਸ ਨਾਟਕ ਦਾ ਪੰਜਾਬੀ ਰੂਪਾਂਤਰ ਤੇ ਨਿਰਦੇਸ਼ਨ ਡਾ. ਲੱਖਾ ਲਹਿਰੀ ਨੇ ਕੀਤਾ।

ਇਹ ਨਾਟਕ ਇੱਕ ’ਸਿਚੂਏਸ਼ਨਲ ਕਮੇਡੀ’ ਸੀ ਜਿਸ ਵਿੱਚ ਅਜੋਕੇ ਦੌਰ ਦੇ ਗੰਭੀਰ ਮਸਲਿਆਂ ਨੂੰ ਹਲਕੇ-ਫੁਲਕੇ ਅੰਦਾਜ਼ ਵਿੱਚ ਪਰੋਇਆ ਗਿਆ ਸੀ। ਨਵੀਂ ਪੀੜ੍ਹੀ ਵੱਲੋਂ ਆਪਣਾ ਕਰੀਅਰ ਬਣਾਉਣ ਦੀ ਲਾਲਸਾ ਵਿੱਚ ਮਨੁੱਖੀ ਕਦਰਾਂ ਕੀਮਤਾਂ ਨੂੰ ਭੁਲਾ ਕੇ ਆਪਣੇ ਮਾਪਿਆਂ ਨੂੰ ਅਣਗੌਲਿਆਂ ਕਰਕੇ ਇਕੱਲਤਾ ਦੀ ਅੱਗ ਵਿੱਚ ਝੋਕਣਾ, ਦੱਬੂ ਤੇ ਗੁਲਾਮ ਕਿਸਮ ਦੇ ਪਤੀ ਦਾ ਆਪਣੀ ਮਾਡਰਨ ਪਤਨੀ ਸਾਹਮਣੇ ਗਿੜ-ਗਿੜਾਉਣਾ, ਨੌਕਰ ਦਾ ਆਪਣੇ ਅਧਿਕਾਰਾਂ ਪ੍ਰਤੀ ਸੁਚੇਤ ਹੋਣਾ ਤੇ ਆਪਣਾ ਰਵੱਈਆ ਦਿਖਾਉਣਾ ਅਤੇ ਬਜ਼ੁਰਗਾਂ ਦਾ ਆਪਣੇ ਇਕੱਲੇਪਣ ਨੂੰ ਖਤਮ ਕਰਨ ਲਈ ਆਪਣੇ ਵਾਸਤੇ ਕਿਸੇ ਸਾਥੀ ਦੀ ਤਲਾਸ਼ ਕਰਨ ਵਰਗੀਆਂ ਸਥਿਤੀਆਂ ਜਿੱਥੇ ਦਰਸ਼ਕਾਂ ਲਈ ਹੱਸਣ ਦਾ ਕਾਰਨ ਬਣੀਆਂ, ਉੱਥੇ ਸੋਚਣ ਲਈ ਮਜਬੂਰ ਵੀ ਕੀਤਾ।

ਨਾਟਕ ਵਿੱਚ ਹਰ ਕਲਾਕਾਰ ਨੇ ਆਪਣੇ ਕਿਰਦਾਰ ਨਾਲ਼ ਇੱਕ-ਮਿਕ ਹੋ ਕੇ ਅਦਾਕਾਰੀ ਕੀਤੀ। ਕਰਮਨ ਸਿੱਧੂ ਨੇ ਕਰਨਲ ਦੇ ਕਿਰਦਾਰ ਨੂੰ ਸਹਿਜਤਾ ਨਾਲ ਨਿਭਾਇਆ। ਟਾਪੁਰ ਸ਼ਰਮਾ ਨੇ ਮਾਡਲ ਲੜਕੀ, ਜੋ ਪਤੀ ਨੂੰ ਦਬਾ ਕੇ ਰੱਖਦੀ ਹੈ ਤੇ ਵਿਸ਼ਾਲ ਸੋਨਵਾਲ ਨੇ ਦੱਬੂ ਪਤੀ ਦਾ ਰੋਲ ਬਾਖੂਬੀ ਨਿਭਾਇਆ। ਨੌਕਰ ਦੇ ਰੋਲ ਵਿੱਚ ਮਨਪ੍ਰੀਤ ਸਿੰਘ ਨੇ ਦਰਸ਼ਕਾਂ ਨੂੰ ਪ੍ਰਭਾਵਿਤ ਕੀਤਾ। ਮਾਇਆ ਦੇਵੀ ਦਾ ਕਿਰਦਾਰ ਬਹਾਰ ਗਰੋਵਰ ਤੇ ਪੀ. ਕੇ. ਦਾ ਕੁਲਤਰਨ ਗਿੱਲ ਨੇ ਬੜੇ ਹੀ ਚੁਲਬੁਲੇ ਤੇ ਸੰਜੀਦਾ ਢੰਗ ਨਾਲ ਨਿਭਾਇਆ। ਰੌਸ਼ਨੀ ਦੀ ਅਹਿਮ ਜ਼ਿੰਮੇਵਾਰੀ ਉੱਤਮ ਦਰਾਲ ਤੇ ਮਿਊਜ਼ਿਕ ਦੀ ਨੈਨਸੀ ਨੇ ਬਾਖੂਬੀ ਨਿਭਾਈ।

ਇਸ ਮੌਕੇ ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਡਾ. ਵਰਿੰਦਰ ਕੌਸ਼ਿਕ ਨੇ ਨਾਟਕ ਦੀ ਪ੍ਰਸ਼ੰਸ਼ਾ ਕਰਦਿਆਂ ਕਿਹਾ ਕਿ ਰੰਗਮੰਚ ਸਮਾਜ ਦਾ ਸ਼ੀਸ਼ਾ ਹੁੰਦਾ ਹੈ ਜੋ ਸਾਨੂੰ ਸਾਡੇ ਚੰਗੇ ਬੁਰੇ ਬਾਰੇ ਦੱਸਦਾ ਹੈ ਅਤੇ ਸਾਡਾ ਰਾਹ ਦਸੇਰਾ ਬਣਦਾ ਹੈ। ਮੁੱਖ ਮਹਿਮਾਨ ਵਜੋਂ ਪੁੱਜੇ ਆਰ. ਟੀ. ਓ. ਪਟਿਆਲਾ ਸ਼੍ਰੀ ਨਮਨ ਮੜਕਨ ਨੇ ਨਾਟਕ ਉਪਰੰਤ ਨਾਟਕ ਦੇ ਸਾਰੇ ਕਲਾਕਾਰਾਂ ਦੀ ਪ੍ਰਸ਼ੰਸ਼ਾ ਕੀਤੀ।

ਇਸ ਨਾਟਕ ਨੂੰ ਦੇਖਣ ਪੁੱਜੇ ਦਰਸ਼ਕਾਂ ਵਿੱਚ ਡਾ. ਇੰਦਰਜੀਤ ਸਿੰਘ,ਸਾਬਕਾ ਡੀਨ ਅਕਾਦਮਿਕ ਮਾਮਲੇ, ਫਿਲਮ ਲੇਖਕ ਨਿਰਦੇਸ਼ਕ ਹੈਪੀ ਰੋਡੇ, ਡਾ. ਕੁਲਦੀਪ ਕੌਰ, ਲਕਸ਼ਮੀ ਨਰਾਇਣ ਭੀਖੀ, ਰਵੀ ਭੂਸ਼ਨ ਆਦਿ ਸ਼ਾਮਿਲ ਰਹੇ।

ਫੈਸਟੀਵਲ ਡਾਇਰੈਕਟਰ ਡਾ. ਇੰਦਰਜੀਤ ਗੋਲਡੀ ਨੇ ਨੋਰ੍ਹਾ ਰਿਚਰਡਜ਼ ਦੀ ਪੰਜਾਬੀ ਰੰਗਮੰਚ ਨੂੰ ਦੇਣ ਬਾਰੇ ਚਾਨਣਾ ਪਾਇਆ ਅਤੇ ਆਏ ਹੋਏ ਮਹਿਮਾਨਾਂ ਤੇ ਦਰਸ਼ਕਾਂ ਦਾ ਧੰਨਵਾਦ ਕੀਤਾ। ਦੂਜੇ ਦਿਨ ਸਵੇਰ ਦੇ ਰੂ-ਬ-ਰੂ ਵਾਲੇ ਸ਼ੈਸਨ ਦੌਰਾਨ ਫਿਲਮੀ ਕਲਾਕਾਰ ਕਰਤਾਰ ਚੀਮਾ ਨੇ ਦਰਸ਼ਕਾਂ ਨਾਲ਼ ਆਪਣੇ ਰੰਗਮੰਚ ਤੇ ਫ਼ਿਲਮੀ ਸਫ਼ਰ ਦੀਆਂ ਯਾਦਾਂ ਸਾਂਝੀਆਂ ਕੀਤੀਆਂ ਤੇ ਦਰਸ਼ਕਾਂ ਦੇ ਸਵਾਲਾਂ ਦੇ ਜਵਾਬ ਦਿੱਤੇ। ਇੱਕ ਸਵਾਲ ਦੇ ਜਵਾਬ ਵਿੱਚ ਉਹਨਾਂ ਕਿਹਾ ਕਿ ਕਲਾਕਾਰ ਲਈ ਚੰਗੀ ਸਿਹਤ ਹੋਣਾ ਬਹੁਤ ਜ਼ਰੂਰੀ ਹੈ, ਕਿਉਂਕਿ ਸਰੀਰ ਹੀ ਅਦਾਕਾਰ ਦਾ ਗਹਿਣਾ ਹੁੰਦਾ ਹੈ। ਉਹਨਾਂ ਇਹ ਵੀ ਕਿਹਾ ਕਿ ਅਨੁਸ਼ਾਸਨ ਤੇ ਸਮੇਂ ਦੀ ਕਦਰ ਵਾਲੇ ਹੀ ਆਪਣੇ ਸੁਪਨੇ ਸਾਕਾਰ ਕਰ ਸਕਦੇ ਹਨ।

ਅੰਤ ਵਿੱਚ ਚੀਮਾ ਵੱਲੋਂ ਟਵੰਟੀ ਵਨ ਸੈਂਚਰੀ ਪਬਲੀਕੇਸ਼ਨ ਵੱਲੋਂ ਪ੍ਰਕਾਸ਼ਿਤ ਅਤੇ ਸੁਖਦਿਆਲ ਸਿੰਘ ਦੁਆਰਾ ਰਚਿਤ ਪੁਸਤਕ ‘ਪੰਜ ਦਰਿਆਵਾਂ ਦੀ ਸ਼ੇਰਨੀ ਮਹਾਰਾਣੀ ਜਿੰਦ ਕੌਰ ਕਰਤਾਰ’ ਰਿਲੀਜ਼ ਕੀਤੀ ਗਈ।

# ਪੰਜਾਬ ਦੇ ਬਾਗਬਾਨੀ ਮੰਤਰੀ ਮਹਿੰਦਰ ਭਗਤ ਨੇ ਸਿਲਕ ਮਾਰਕ ਐਕਸਪੋ- 2024 ਦਾ ਕੀਤਾ ਉਦਘਾਟਨ

**ਸਿਲਕ ਇਨੋਵੇਸ਼ਨ ਦਾ ਸ਼ਾਨਦਾਰ ਪ੍ਰਦਰਸ਼ਨ, ਰੇਸ਼ਮ ਦੀ ਖੇਤੀ ਰਾਹੀਂ ਪੇਂਡੂ ਭਾਈਚਾਰਿਆਂ ਨੂੰ ਪ੍ਰਫੁੱਲਿਤ ਕਰਨਾ ਹੈ ਸਮਾਗਮ ਦਾ ਮੁੱਖ ਉਦੇਸ਼**




**ਚੰਡੀਗੜ੍ਹ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਬਾਗਬਾਨੀ ਮੰਤਰੀ ਮਹਿੰਦਰ ਭਗਤ ਨੇ ਬੁੱਧਵਾਰ ਨੂੰ ਚੰਡੀਗੜ੍ਹ ਦੇ ਸੈਕਟਰ 35-ਏ ਵਿੱਚ ਸਥਿਤ ਕਿਸਾਨ ਭਵਨ ਵਿਖੇ ਸਿਲਕ ਐਕਸਪੋ -2024 ਦਾ ਉਦਘਾਟਨ ਕੀਤਾ। ਸਿਲਕ ਮਾਰਕ ਆਰਗੇਨਾਈਜੇਸ਼ਨ ਆਫ ਇੰਡੀਆ, ਸੈਂਟਰਲ ਸਿਲਕ ਬੋਰਡ ਵੱਲੋਂ ਪੰਜਾਬ ਅਤੇ ਹਰਿਆਣਾ ਦੇ ਬਾਗਬਾਨੀ ਵਿਭਾਗਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ ਇਹ ਪਹਿਲਾ ਸਮਾਗਮ ਹੈ। ਮੰਤਰੀ ਨੇ ‘ਦਾ ਜਰਨੀ ਆਫ਼ ਸੈਰੀਕਲਚਰ ਇਨ ਪੰਜਾਬ’ ਸਿਰਲੇਖ ਵਾਲਾ ਬਰੋਸ਼ਰ ਵੀ ਜਾਰੀ ਕੀਤਾ। ਇਹ ਸੂਬੇ ਵਿੱਚ ਰੇਸ਼ਮ ਦੀ ਖੇਤੀ ਦੇ ਵਿਕਾਸ, ਪਹਿਲਕਦਮੀਆਂ ਅਤੇ ਪ੍ਰਾਪਤੀਆਂ ਨੂੰ ਉਜਾਗਰ ਕਰਦਾ ਹੈ। ਇਸ ਐਕਸਪੋ ਦਾ ਉਦੇਸ਼ ਰੇਸ਼ਮ ਦੀ ਖੇਤੀ ਨੂੰ ਹੁਲਾਰਾ ਦੇਣਾ ਅਤੇ ਦੇਸ਼ ਭਰ ਦੇ ਕਾਰੀਗਰਾਂ ਅਤੇ ਵਪਾਰੀਆਂ ਨੂੰ ਇੱਕ ਢੁਕਵਾਂ ਮੰਚ ਪ੍ਰਦਾਨ ਕਰਨਾ ਹੈ।

ਸਮਾਗਮ ਦੀ ਸ਼ੁਰੂਆਤ ਦੀਪ ਜਗਾਉਣ ਦੀ ਰਸਮ ਨਾਲ ਹੋਈ, ਜੋ ਗਿਆਨ ਅਤੇ ਖੁਸ਼ਹਾਲੀ ਦਾ ਪ੍ਰਤੀਕ ਮੰਨਿਆਂ ਜਾਂਦਾ ਹੈ। ਇਸ ਸਮਾਗਮ ਵਿੱਚ ਸਕੱਤਰ ਬਾਗਬਾਨੀ ਸ੍ਰੀ ਅਜੀਤ ਬਾਲਾਜੀ ਜੋਸ਼ੀ, ਕੇਂਦਰੀ ਸਿਲਕ ਬੋਰਡ ਦੇ ਮੈਂਬਰ ਸਕੱਤਰ ਸ੍ਰੀ ਪੀ. ਸਿਵਾਕੁਮਾਰ ਅਤੇ ਪੰਜਾਬ ਬਾਗਬਾਨੀ ਡਾਇਰੈਕਟਰ ਸ੍ਰੀਮਤੀ ਸ਼ੈਲੇਂਦਰ ਕੌਰ ਸਮੇਤ ਹੋਰ ਪਤਵੰਤਿਆਂ ਨੇ ਸ਼ਿਰਕਤ ਕੀਤੀ।

ਇਕੱਠ ਨੂੰ ਸੰਬੋਧਨ ਕਰਦਿਆਂ ਮੰਤਰੀ ਮਹਿੰਦਰ ਭਗਤ ਨੇ ਰੇਸ਼ਮ ਦੀ ਖੇਤੀ ਵਿੱਚ ਪੰਜਾਬ ਦੀ ਸ਼ਾਨਦਾਰ ਤਰੱਕੀ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਰੇਸ਼ਮ ਦਾ ਉਤਪਾਦਨ ਪੰਜਾਬ ਦੇ ਚਾਰ ਜ਼ਿਲ੍ਹਿਆਂ ਗੁਰਦਾਸਪੁਰ, ਪਠਾਨਕੋਟ, ਹੁਸ਼ਿਆਰਪੁਰ ਅਤੇ ਰੋਪੜ ਵਿੱਚ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਸੂਬੇ ਵਿੱਚ 13 ਸਰਕਾਰੀ ਸੈਰੀਕਲਚਰ ਫਾਰਮ ਹਨ, ਜਿੱਥੇ ਤਕਨੀਕੀ ਸਟਾਫ਼ ਦੇ ਸਹਿਯੋਗ ਨਾਲ ਰੇਸ਼ਮ ਦੇ ਕੀੜੇ ਪਾਲਣ ਦਾ ਕੰਮ ਕੀਤਾ ਜਾਂਦਾ ਹੈ। ਮੰਤਰੀ ਭਗਤ ਨੇ ਕਿਹਾ, ਪੰਜਾਬ ਵਿੱਚ ਕੋਕੂਨ ਦੀ ਕੀਮਤ 550 ਰੁਪਏ ਪ੍ਰਤੀ ਕਿਲੋਗ੍ਰਾਮ ਤੋਂ ਵੱਧ ਕੇ 1,250 ਰੁਪਏ ਪ੍ਰਤੀ ਕਿਲੋਗ੍ਰਾਮ ਤੱਕ ਪਹੁੰਚ ਗਈ ਹੈ, ਇਹ ਸਰਕਾਰੀ ਯਤਨਾਂ ਸਦਕਾ ਸੰਭਵ ਹੋਇਆ ਹੈ। ਸਰਕਾਰ ਵੱਲੋਂ ਰੇਸ਼ਮ ਦੇ ਕਾਸ਼ਤਕਾਰਾਂ ਵਿਸ਼ੇਸ਼ ਕਰਕੇ ਇਸ ਖੇਤਰ ਨਾਲ ਜੁੜੀਆਂ ਔਰਤਾਂ ਨੂੰ ਢੁਕਵਾਂ ਮੁਆਵਜ਼ਾ ਦੇਣ ਨੂੰ ਯਕੀਨੀ ਬਣਾਇਆ ਗਿਆ ਹੈ। ਸੂਬਾ ਪੇਂਡੂ ਭਾਈਚਾਰਿਆਂ ਨੂੰ ਉੱਚਾ ਚੁੱਕਣ ਲਈ ਇਸ ਖੇਤਰ ਦਾ ਵਿਸਥਾਰ ਕਰਨ ਲਈ ਵਚਨਬੱਧ ਹੈ।” ਮੰਤਰੀ ਭਗਤ ਨੇ ‘ਸਕੋਚ ਨੈਸ਼ਨਲ ਐਵਾਰਡ -2024 ’ ਵੱਕਾਰੀ ਸਿਲਵਰ ਐਵਾਰਡ ਜਿੱਤਣ ਦੇ ਨਾਲ-ਨਾਲ ਸੈਰੀਕਲਚਰ ਦੇ ਖੇਤਰ ਵਿੱਚ ਪੰਜਾਬ ਦੀਆਂ ਪ੍ਰਾਪਤੀਆਂ ਦੀ ਵੀ ਸ਼ਲਾਘਾ ਕੀਤੀ । ਇਹ ਪੁਰਸਕਾਰ ਰੇਸ਼ਮ ਦੀ ਖੇਤੀ ਪ੍ਰੋਜੈਕਟ ਰਾਹੀਂ ਮਹਿਲਾ ਸਸ਼ਕਤੀਕਰਨ ਅਤੇ ਸਮਾਜਿਕ-ਆਰਥਿਕ ਵਿਕਾਸ ਨੂੰ ਉਤਸ਼ਾਹਿਤ ਕਰਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਰਾਜ ਨੇ ਆਪਣੇ ਰੇਸ਼ਮ ਦੀ ਖੇਤੀ ਦੇ ਬੁਨਿਆਦੀ ਢਾਂਚੇ ਵਿੱਚ ਮਹੱਤਵਪੂਰਨ ਸੁਧਾਰ ਕੀਤਾ ਹੈ, ਜਿਸ ਵਿੱਚ ਕੋਕੂਨ ਦਾ ਉਤਪਾਦਨ ਸਾਲਾਨਾ 29,000 ਕਿਲੋ ਤੱਕ ਪਹੁੰਚ ਗਿਆ ਹੈ। ‘ ਪੰਜਾਬ ਸਿਲਕ’ ਬ੍ਰਾਂਡ ਨੂੰ ਲਾਂਚ ਕਰਨ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਲਈ ਸਿਲਕ ਰੀਲਿੰਗ ਯੂਨਿਟ ਸਥਾਪਤ ਕਰਨ ਦੀਆਂ ਯੋਜਨਾਵਾਂ ਵੀ ਚੱਲ ਰਹੀਆਂ ਹਨ।

ਉਨ੍ਹਾਂ ਦੱਸਿਆ ਕਿ ਇਸ ਖੇਤਰ ਨੂੰ ਹੋਰ ਹੁਲਾਰਾ ਦੇਣ ਲਈ ਕਿਸਾਨਾਂ ਨੂੰ ਰੇਸ਼ਮ ਦੇ ਕੀੜੇ ਪਾਲਣ ਦੇ ਸ਼ੈੱਡਾਂ, ਲੋੜੀਂਦਾ ਸਾਜ਼ੋ-ਸਾਮਾਨ ਆਦਿ ਲਈ 65% ਤੱਕ ਦੀ ਸਬਸਿਡੀ ਦੇ ਨਾਲ ਸਹਾਇਤਾ ਦਿੱਤੀ ਜਾ ਰਹੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਰੇਸ਼ਮ ਦੀ ਖੇਤੀ ਕਰਨ ਵਾਲੇ ਕਿਸਾਨਾਂ ਵਿੱਚ 60 ਫੀਸਦ ਤੋਂ ਵੱਧ ਔਰਤਾਂ ਹਨ।

ਮੰਤਰੀ ਨੇ ਇਹ ਵੀ ਦੱਸਿਆ ਕਿ ਸਰਕਾਰ ਨੇ ਰਾਜ ਪੱਧਰ ’ਤੇ ਰੇਸ਼ਮ ਦੇ ਬੀਜ ਉਤਪਾਦਨ ਨੂੰ ਸਮਰੱਥ ਬਣਾਉਣ ਅਤੇ ਰੇਸ਼ਮ ਕਾਸ਼ਤਕਾਰਾਂ ਨੂੰ ਇਹ ਬੀਜ ਮਾਮੂਲੀ ਕੀਮਤਾਂ ’ਤੇ ਮੁਹੱਈਆ ਕਰਵਾਉਣ ਲਈ ਡਲਹੌਜ਼ੀ ਵਿੱਚ ਬੰਦ ਪਏ ਸਿਲਕ ਸੀਡ ਪਰੋਡਕਸ਼ਨ ਸੈਂਟਰ ਨੂੰ ਮੁੜ ਕਾਰਜਸ਼ੀਲ ਕਰ ਦਿੱਤਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਪੇਂਡੂ ਭਾਈਚਾਰਿਆਂ ਨੂੰ ਸਮਰੱਥ ਬਣਾਉਣ , ਢੁਕਵੀਂ ਉਪਜੀਵਕਾ ਕਮਾਉਣ ਅਤੇ ਰੇਸ਼ਮ ਉਦਯੋਗ ਨੂੰ ਮਜ਼ਬੂਤ ਕਰਨ, ਇਸ ਦੇ ਵਿਕਾਸ ਅਤੇ ਵਿਸ਼ਵ ਪੱਧਰ ’ਤੇ ਮਾਨਤਾ ਨੂੰ ਯਕੀਨੀ ਬਣਾ ਰਹੀ ਹੈ।

ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਬਾਗਬਾਨੀ ਦੇ ਸਕੱਤਰ ਬਾਗਬਾਨੀ ਸ੍ਰੀ ਅਜੀਤ ਬਾਲਾਜੀ ਜੋਸ਼ੀ ਨੇ ਰੇਸ਼ਮ ਕਿਸਾਨਾਂ ਅਤੇ ਕਾਰੀਗਰਾਂ ਦੀ ਰੋਜ਼ੀ-ਰੋਟੀ ਨੂੰ ਵਧਾਉਣ ਲਈ ਸਰਕਾਰ ਦੀ ਵਚਨਬੱਧਤਾ ਨੂੰ ਉਜਾਗਰ ਕੀਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਿਲਕ ਐਕਸਪੋ ਵਰਗੀਆਂ ਪਹਿਲਕਦਮੀਆਂ ਦਾ ਉਦੇਸ਼ ਰੇਸ਼ਮ ਉਦਯੋਗ ਨੂੰ ਹੁਲਾਰਾ ਦੇਣਾ ਅਤੇ ਪੇਂਡੂ ਭਾਈਚਾਰਿਆਂ, ਖਾਸ ਕਰਕੇ, ਰਾਜ ਵਿੱਚ ਰੇਸ਼ਮ ਵਪਾਰ ਨਾਲ ਜੁੜੀਆਂ ਔਰਤਾਂ ਲਈ ਟਿਕਾਊ ਮੌਕੇ ਪੈਦਾ ਕਰਨਾ ਹੈ।

# ਜਮਹੂਰੀ ਅਧਿਕਾਰ ਸਭਾ ਤੇ ਤਰਕਸ਼ੀਲ ਸੁਸਾਇਟੀ ਦੀ ਮੀਟਿੰਗ



ਮੀਟਿੰਗ ਮੌਕੇ ਹਾਜ਼ਰ ਜਥੇਬੰਦੀਆਂ ਦੇ ਅਹੁਦੇਦਾਰ।

**ਪਟਿਆਲਾ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜਮਹੂਰੀ ਅਧਿਕਾਰ ਸਭਾ ਤੇ ਤਰਕਸ਼ੀਲ ਸੁਸਾਇਟੀ ਪਟਿਆਲਾ ਦੀ ਮੀਟਿੰਗ ਨਹਿਰੂ ਪਾਰਕ ਵਿੱਚ ਪ੍ਰੋ. ਬਾਵਾ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ 10 ਦਸੰਬਰ ਨੂੰ ਨਹਿਰੂ ਪਾਰਕ ਵਿਚ ਜਮਹੂਰੀ ਅਧਿਕਾਰ ਦਿਵਸ ਮਨਾਉਣ ਦਾ ਫੈਸਲਾ ਕੀਤਾ ਗਿਆ। ਇਸ ਦੌਰਾਨ ਬੱਸ ਸਟੈਂਡ ਤੱਕ ਮਾਰਚ ਵੀ ਕੀਤਾ ਜਾਵੇਗਾ ਜਿਸ ਵਿਚ ਡਾ. ਰਣਜੀਤ ਸਿੰਘ ਘੁੰਮਣ, ਐਡਵੋਕੇਟ ਸਰਬਜੀਤ ਵਿਰਕ ਤੇ ਪ੍ਰੋ. ਬਾਵਾ ਸਿੰਘ ਮਨੁੱਖੀ ਜਮਹੂਰੀ ਹੱਕਾਂ ਦੇ ਹੋ ਰਹੇ ਘਾਣ ਸਬੰਧੀ ਵਿਚਾਰ ਪੇਸ਼ ਕਰਨਗੇ। ਮੀਟਿੰਗ ਵਿਚ ਡਾ. ਬਰਜਿੰਦਰ ਸੋਹਲ, ਰਾਜੀਵ ਕੁਮਾਰ ਐਡਵੋਕੇਟ, ਸੁੱਚਾ ਸਿੰਘ ਚੀਮਾ, ਦਵਿੰਦਰ ਪੂਨੀਆ, ਅਕਸ਼ੈ ਕੁਮਾਰ, ਰਾਮਿੰਦਰ ਪਟਿਆਲਾ ਤੇ ਗੁਰਮੀਤ ਦਿੱਤੂਪੁਰ ਆਦਿ ਹਾਜ਼ਰ ਸਨ।

# ਰੰਗਮੰਚ ਕਲਾਕਾਰ ਗੋਪਾਲ ਸ਼ਰਮਾ ਦਾ ਸਨਮਾਨ



**ਪਟਿਆਲਾ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਰੰਗਮੰਚ ਕਲਾਕਾਰ, ਨਿਰਦੇਸ਼ਕ ਅਤੇ ਨਟਰਾਜ ਆਰਟਸ ਥੀਏਟਰ ਦੇ ਡਾਇਰੈਕਟਰ ਗੋਪਾਲ ਸ਼ਰਮਾ ਨੂੰ ਆਲ ਇੰਡੀਆ ਥੀਏਟਰ ਕੌਂਸਲ ਵਲੋਂ ਕਰਵਾਏ ਦੋ ਰੋਜ਼ਾ ਨਾਟਕ ਉਤਸਵ ਦੌਰਾਨ ਸ਼ਿਮਲਾ ਦੇ ਇਤਿਹਾਸਕ ਗੈਟੀ ਥੀਏਟਰ ’ਚ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੂੰ ਇਹ ਸਨਮਾਨ ਰੰਗ ਮੰਚ ਵਿੱਚ ਦਿੱਤੀਆਂ ਗਈਆਂ ਸੇਵਾਵਾਂ ਅਤੇ ਪਟਿਆਲਾ ਵਿੱਚ 15 ਰੋਜ਼ਾ ਰਾਸ਼ਟਰੀ ਨਾਟਕ ਉਤਸਵ ਕਰਵਾਉਣ ਬਦਲੇ ਦਿੱਤਾ ਗਿਆ।

ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਗੋਪਾਲ ਸ਼ਰਮਾ ਨੂੰ ਬੈਸਟ ਥੀਏਟਰ ਪ੍ਰਮੋਟਰ ਐਵਾਰਡ ਦੇ ਨਾਲ ਹਰਿਆਣਾ ਰਾਜ ਵਿੱਚ ਵੀ ਵਿਸ਼ਵ ਰੰਗਮੰਚ ਦਿਵਸ ਮੌਕੇ ਸਨਮਾਨਿਤ ਕੀਤਾ ਗਿਆ ਸੀ।

# ਪਠਾਣਮਾਜਰਾ ਨੇ ਵਾਟਰ ਸਪਲਾਈ ਪ੍ਰਾਜੈਕਟ ਦਾ ਨੀਂਹ ਪੱਥਰ ਰੱਖਿਆ




ਦੇਵੀਗੜ੍ਹ ਵਿੱਚ ਪ੍ਰਾਜੈਕਟ ਦਾ ਨੀਂਹ ਪੱਥਰ ਰੱਖਦੇ ਹੋਏ ਹਰਮੀਤ ਪਠਾਣਮਾਜਰਾ।

**ਦੇਵੀਗੜ੍ਹ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਸਨੌਰ ਦੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੇ ਅੱਜ ਦੇਵੀਗੜ੍ਹ ਵਿੱਚ 5.68 ਕਰੋੜ ਦੀ ਲਾਗਤ ਵਾਲੇ ਵਾਟਰ ਸਪਲਾਈ ਪ੍ਰਾਜੈਕਟ ਦਾ ਨੀਂਹ ਪੱਥਰ ਰੱਖਿਆ, ਜਿਸ ਨੂੰ 12 ਮਹੀਨਿਆਂ ’ਚ ਪੂਰਾ ਕੀਤਾ ਜਾਵੇਗਾ। ਇਸ ਪ੍ਰਾਜੈਕਟ ਨਾਲ ਕਸਬਾ ਦੇਵੀਗੜ੍ਹ ਦਾ 11.29 ਕਿਲੋਮੀਟਰ ਇਲਾਕਾ ਡੀਪੀ ਪਾਈਪਲਾਈਨ ਨਾਲ ਕਵਰ ਹੋਵੇਗਾ ਅਤੇ 2 ਟਿਊਬਵੈੱਲਾਂ ਨਾਲ 1780 ਘਰਾਂ ਨੂੰ ਪੀਣ ਵਾਲਾ ਪਾਣੀ ਮੁਹੱਈਆ ਕੀਤਾ ਜਾਵੇਗਾ। ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੇ ਕਿਹਾ ਕਿ ਦੇਵੀਗੜ੍ਹ ਵਿੱਚ ਸੀਵਰੇਜ ਦਾ ਕੰਮ ਵੀ ਜਲਦ ਮੁਕੰਮਲ ਕੀਤਾ ਜਾਵੇਗਾ, ਜਿਸ ਨਾਲ ਲੋਕਾਂ ਨੂੰ ਗੰਦੇ ਪਾਣੀ ਦੀ ਨਿਕਾਸੀ ਤੋਂ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਦੁੱਧਨਸਾਧਾਂ ਤਹਿਸੀਲ ਕੰਪਲੈਕਸ ਨੂੰ ਮੁਕੰਮਲ ਕਰਨ ਲਈ 3 ਕਰੋੜ ਰੁਪਏ ਹੋਰ ਮੁਹੱਈਆ ਕਰਵਾਏ ਗਏ ਹਨ ਜਿਸ ਨਾਲ ਇਹ ਕੰਪਲੈਕਸ ਬਹੁਤ ਜਲਦੀ ਮੁਕੰਮਲ ਹੋ ਕੇ ਲੋਕਾਂ ਦੇ ਸਪੁਰਦ ਹੋਵੇਗਾ। ਇਸ ਦੇ ਬਣਨ ਨਾਲ ਇਥੇ ਇੱਕ ਛੱਤ ਹੇਠਾਂ ਲੋਕਾਂ ਨੂੰ ਕੰਮ ਕਰਨ ਵਾਲੀਆਂ ਸਾਰੀਆਂ ਸਹੂਲਤਾਂ ਮਿਲਣਗੀਆਂ ਜਿਸ ਲਈ ਹੁਣ ਲੋਕਾਂ ਨੂੰ ਆਪਣ ਕੰਮਾਂ ਲਈ ਪਟਿਆਲਾ ਨਹੀਂ ਜਾਣਾ ਪਵੇਗਾ। ਇਸ ਤੋਂ ਇਲਾਵਾ ਪਟਿਆਲਾ-ਪਿਹੋਵਾ ਵਾਇਆ ਦੇਵੀਗੜ੍ਹ ਰਾਜ ਮਾਰਗ ਜਿਸ ਦੀ ਹਾਲਤ ਬਹੁਤ ਖਸਤਾ ਹੈ, ਇਹ ਵੀ ਕੇਂਦਰ ਸਰਕਾਰ ਦੀਆਂ ਕੁਝ ਸ਼ਰਤਾਂ ਪੂਰੀਆਂ ਕਰਕੇ ਜਲਦ ਮੁਕੰਮਲ ਹੋ ਜਾਵੇਗਾ।

# ਸ੍ਰੀ ਅਕਾਲ ਤਖਤ ਸਾਹਿਬ ਦੇ ਫੈਸਲੇ ਨੇ ਪੰਥ ਦੀ ਸੰਸਥਾ ਦੇ ਰੁਤਬੇ ਨੂੰ ਹੋਰ ਉੱਚਾ ਕੀਤਾ : ਸੁਖਜਿੰਦਰ ਕਕਰਾਲਾ

**ਸਮਾਣਾ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਅਕਾਲ ਤਖਤ ਸਾਹਿਬ ਤੋਂ ਤਨਖਾਹੀਆ ਕਰਾਰ ਦਿੱਤੇ ਗਏ ਸੁਖਬੀਰ ਸਿੰਘ ਬਾਦਲ ਬਾਰੇ ਫੈਸਲਾ ਸੁਣਾਇਆ ਗਿਆ । ਸੁਖਬੀਰ ਨੂੰ ਧਾਰਮਿਕ ਸਜ਼ਾ ਸੁਣਾਈ ਗਈ ਅਤੇ ਸ੍ਰੀ ਅਕਾਲ ਤਖਤ ਸਾਹਿਬ ਤੇ ਪੰਜ ਸਿੰਘ ਸਾਹਿਬਾਨਾਂ ਦੀ ਇਕੱਤਰਤਾ ਮਗਰੋਂ ਫੈਸਲਾ ਲਿਆ ਗਿਆ। ਸ੍ਰੀ ਅਕਾਲ ਤਖਤ ਸਾਹਿਬ ਦੇ ਇਸ ਇਤਿਹਾਸਕ ਫੈਸਲੇ ਨੂੰ ਬਹੁਜਨ ਸਮਾਜ ਪਾਰਟੀ ਹਲਕਾ ਸੁਤਰਾਣਾ ਦੇ ਪ੍ਰਧਾਨ ਨੇ ਇਤਿਹਾਸਕ ਫੈਸਲਾ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਇਸ ਇਤਿਹਾਸਕ ਫੈਸਲੇ ਨੇ ਪੰਥ ਦੀ ਸੰਸਥਾ ਦੇ ਰੁਤਬੇ ਨੂੰ ਹੋਰ ਉੱਚਾ ਕੀਤਾ ਕਰ ਦਿੱਤਾ ਹੈ।ਉਨ੍ਹਾਂ ਆਖਿਆ ਕਿ ਸਿੰਘ ਸਾਹਿਬਾਨਾਂ ਵੱਲੋਂ ਦਲੇਰੀ ਨਾਲ ਲਏ ਗਏ ਮਿਸਾਲੀ ਫੈਸਲੇ ਨਾਲ ਪੰਥਕ ਧਿਰਾਂ ਅਤੇ ਸਿੱਖ ਸੰਗਤਾਂ ਦਾ ਸਰਬਉੱਚ ਸੰਸਥਾ ਪ੍ਰਤੀ ਵਿਸ਼ਵਾਸ ਹੋਰ ਪੱਕਾ ਹੋ ਗਿਆ ਹੈ। ਮਰਹੂਮ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਤੋਂ ਫਕਰ-ਏ-ਕੌਮ ਦਾ ਖਿਤਾਬ ’ਵਾਪਸ ਲੈਣ ਦੀ ਸ਼ਲਾਘਾ ਕੀਤੀ।ਸਿੱਖ ਕੌਮ ਲੰਮੇ ਸਮੇਂ ਤੋਂ ਉਡੀਕ ਕਰ ਰਹੀ ਸੀ ਕਿ ਅਕਾਲੀ ਲੀਡਰਸ਼ਿਪ ਵੱਲੋਂ ਕੀਤੀਆਂ ਗਲਤੀਆਂ ਅਤੇ ਗੁਨਾਹ ਦੀ ਸਬੰਧਤ ਲੋਕਾਂ ਨੂੰ ਸਜ਼ਾ ਮਿਲੇ ਸ੍ਰੀ ਅਕਾਲ ਤਖਤ ਸਾਹਿਬ ਦੇ ਇਸ ਫੈਸਲੇ ਨਾਲ ਇਹ ਗੱਲ ਵੀ ਸਾਬਤ ਹੋ ਗਈ ਹੈ ਕਿ ਅਕਾਲੀ ਦਲ ਅਤੇ ਸਮੁੱਚੀ ਕੌਮ ਨੂੰ ਅਕਾਲੀ ਲੀਡਰਸ਼ਿਪ ਦੇ ਗਲਤ ਫੈਸਲਿਆਂ ਕਾਰਨ ਵੱਡੀ ਢਾਹ ਲੱਗੀ ਹੈ।

ਜਥੇਦਾਰ ਰਘਵੀਰ ਸਿੰਘ ਤੇ ਹੋਰ ਸਿੰਘ ਸਾਹਿਬਾਨਾਂ ਵੱਲੋਂ ਲਏ ਗਏ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਫੈਸਲੇ ਦੀ ਜਿੰਨੀ ਵੀ ਸ਼ਲਾਘਾ ਕੀਤੀ ਜਾਵੇ, ਉਹ ਘੱਟ ਹੈ।

ਇਸ ਫੈਸਲੇ ਨੇ ਤਤਕਾਲੀ ਜਥੇਦਾਰ ਅਕਾਲੀ ਫੂਲਾ ਸਿੰਘ ਵਰਗਾ ਨਿਰਪੱਖ ਤੇ ਇਤਿਹਾਸਕ ਫੈਸਲਾ ਦੱਸਿਆ ਹੈ।

# ਪੀਐਸਪੀਸੀਐਲ ਦੇ ਡਾਇਰੈਕਟਰ ਐਡਮਿਨ ਜਸਬੀਰ ਸਿੰਘ ਸੁਰ ਸਿੰਘ ਨੇ ਜੀਜੀਐਸਐਸਟੀਪੀ ਦਾ ਦੌਰਾ ਕਰਕੇ ਕੀਤੀਆਂ ਮੀਟਿੰਗਾਂ



**ਪਟਿਆਲਾ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦੇ ਡਾਇਰੈਕਟਰ ਐਡਮਿਨ ਜਸਬੀਰ ਸਿੰਘ ਸੁਰ ਸਿੰਘ ਨੇ ਮੰਗਲਵਾਰ ਨੂੰ ਗੁਰੂ ਗੋਬਿੰਦ ਸਿੰਘ ਸੁਪਰ ਥਰਮਲ ਪਾਵਰ ਪਲਾਂਟ (ਜੀਜੀਐਸਐਸਟੀਪੀ), ਰੂਪਨਗਰ ਦਾ ਦੌਰਾ ਕੀਤਾ ਅਤੇ ਵੱਖ-ਵੱਖ ਅਹਿਮ ਮੀਟਿੰਗਾਂ ਕੀਤੀਆਂ। ਇੱਥੇ ਇਕ ਸਰਕਾਰੀ ਬੁਲਾਰੇ ਅਨੁਸਾਰ ਇਸ ਦੌਰੇ ਦੌਰਾਨ ਡਾਇਰੈਕਟਰ ਐਡਮਿਨ ਨੇ ਥਰਮਲ ਵਰਕਰ ਸੰਘਰਸ਼ ਕਮੇਟੀ ਅਤੇ ਕੰਟ੍ਰੈਕ੍ਰਰ ਕਰਮਚਾਰੀ ਯੂਨੀਅਨ ਦੇ ਮੈਂਬਰਾਂ ਨਾਲ ਮੀਟਿੰਗ ਕੀਤੀ। ਉਨ੍ਹਾਂ ਨੇ ਧੀਰਜ ਨਾਲ ਵਰਕਰਾਂ ਦੀਆਂ ਸ਼ਿਕਾਇਤਾਂ ਸੁਣੀਆਂ ਅਤੇ ਹਰ ਸੰਭਵ ਮਦਦ ਕਰਨ ਦਾ ਭਰੋਸਾ ਦਿੱਤਾ। ਉਨ੍ਹਾਂ ਠੇਕਾ ਕਾਮਿਆਂ ਦੀਆਂ ਜਾਇਜ ਸ਼ਿਕਾਇਤਾਂ ਨੂੰ ਪਹਿਲ ਦੇ ਆਧਾਰ ’ਤੇ ਹੱਲ ਕਰਨ ਦਾ ਭਰੋਸਾ ਦਿੱਤਾ। ਡਾਇਰੈਕਟਰ ਐਡਮਿਨ ਜਸਬੀਰ ਸਿੰਘ ਸੁਰ ਸਿੰਘ ਨੇ ਵੀ ਵਿਧਾਇਕ ਦਿਨੇਸ਼ ਚੱਢਾ ਨਾਲ ਮੀਟਿੰਗ ਕੀਤੀ। ਡਾਇਰੈਕਟਰ ਐਡਮਿਨ ਨੇ ਵਿਧਾਇਕ ਚੱਢਾ ਦੇ ਧਿਆਨ ਵਿੱਚ ਲਿਆਂਦਾ ਕਿ ਸੜਕਾਂ ਦੀ ਹਾਲਤ ਖਸਤਾ ਹੋਣ ਕਾਰਨ ਸੁਆਹ ਨਾਲ ਭਰੇ ਟਿੱਪਰਾਂ ਨੂੰ ਲਿਜਾਣ ਵਿੱਚ ਮਜ਼ਦੂਰਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਵਿਧਾਇਕ ਨੂੰ ਅਪੀਲ ਕੀਤੀ ਕਿ ਉਹ ਦਖਲ ਦੇ ਕੇ ਸੜਕਾਂ ’ਤੇ ਟਿਪਰਾਂ ਦੀ ਨਿਰਵਿਘਨ ਆਵਾਜਾਈ ਨੂੰ ਯਕੀਨੀ ਬਣਾਉਣ ਲਈ ਜਲਦੀ ਤੋਂ ਜਲਦੀ ਸੜਕਾਂ ਦੀ ਮੁਰੰਮਤ ਕਰਵਾਉਣ। ਡਾਇਰੈਕਟਰ ਪ੍ਰਸ਼ਾਸਨ ਨੇ ਆਸ ਪ੍ਰਗਟਾਈ ਕਿ ਸੜਕਾਂ ਦਾ ਮਸਲਾ ਜਲਦੀ ਹੱਲ ਹੋ ਜਾਵੇਗਾ।

ਹੋਰਨਾਂ ਤੋਂ ਇਲਾਵਾ, ਜੀਜੀਐੱਸਐੱਸਟੀਪੀ, ਰੂਪਨਗਰ ਦੇ ਮੁੱਖ ਇੰਜੀਨੀਅਰ ਇੰਜ: ਹਰੀਸ਼ ਸ਼ਰਮਾ ਅਤੇ ਹੋਰ ਡਿਪਟੀ ਚੀਫ ਇੰਜਨੀਅਰ ਇਸ ਮੌਕੇ ਹਾਜ਼ਰ ਸਨ।

# ਸਰਕਾਰੀ ਆਈ ਟੀ ਆਈ ਲੜਕਿਆ ਦੇ ਐਨ ਐਸ ਐਸ ਵਲੰਟੀਅਰਜ਼ ਵਲੋਂ ਅੰਤਰਰਾਸ਼ਟਰੀ ਵਲੰਟੀਅਰ ਦਿਵਸ ਮੌਕੇ ਸ.ਫਾਈ ਮੁਹਿੰਮ ਚਲਾਉਣੀ ਸ਼ਲਾਘਾਯੋਗ: ਲੈਫਟੀਨੈਂਟ ਜਗਦੀਪ ਜੋਸ਼ੀ




ਅੰਤਰਰਾਸ਼ਟਰੀ ਵਲੰਟੀਅਰ ਦਿਵਸ ਮੌਕੇ ਪਹੁੰਚੇ ਲੈਫਟੀਨੈਂਟ ਜਗਦੀਪ ਜੋਸ਼ੀ, ਪਰਮਿੰਦਰ ਭਲਵਾਨ, ਜਤਵਿੰਦਰ ਗਰੇਵਾਲ ਅਤੇ ਐਨ ਐਸ ਐਸ ਵਲੰਟੀਅਰਜ਼।

**ਪਟਿਆਲਾ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਆਈ ਟੀ ਆਈ ਲੜਕਿਆ ਨਾਭਾ ਰੋਡ ਪਟਿਆਲਾ ਵਿਖੇ ਡਿਪਟੀ ਡਾਇਰੈਕਟਰ ਕਮ ਪ੍ਰਿੰਸੀਪਲ ਹਰਦੀਪ ਕੁਮਾਰ ਟੋਹੜਾ ਅਤੇ ਵਾਇਸ ਪ੍ਰਿੰਸੀਪਲ ਬਲਵਿੰਦਰਪਾਲ ਸਿੰਘ ਦੀ ਸਰਪ੍ਰਸਤੀ ਅਤੇ ਆਈ ਟੀ ਆਈ ਦੇ ਐਨ ਐਸ ਐਸ ਵਿੰਗ ਅਤੇ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ , ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਪਾਵਰ ਹਾਊਸ ਯੁਵਕ ਸੇਵਾਵਾਂ ਕਲੱਬ ਰਣਜੀਤ ਨਗਰ ਦੇ ਸਹਿਯੋਗ ਨਾਲ ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ ਟ੍ਰੈਨਿਗ ਅਫ਼ਸਰ ਦੀ ਅਗਵਾਈ ਹੇਠ ਅੰਤਰਰਾਸ਼ਟਰੀ ਵਲੰਟੀਅਰ ਦਿਵਸ ਸਬੰਧੀ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਪ੍ਰੋਗਰਾਮ ਦੀ ਪ੍ਰਧਾਨਗੀ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਬਰ ਨਸਾ ਮੁਕਤ ਭਾਰਤ ਅਭਿਆਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸਾ ਮੁਕਤ ਭਾਰਤ ਅਭਿਆਨ ਨੇ ਕੀਤੀ, ਵਿਸ਼ੇਸ਼ ਤੌਰ ਤੇ ਸੁਖਵੰਤ ਸਿੰਘ ਟ੍ਰੇਨਿੰਗ ਅਫ਼ਸਰ, ਇਕਬਾਲ ਸਿੰਘ ਟ੍ਰੇਨਿੰਗ ਅਫ਼ਸਰ, ਅਨਿਲ ਖੰਨਾ ਹੋਸਟਲ ਸੁਪਰਡੈਂਟ,ਮੰਗਤ ਧੀਮਾਨ ਟ੍ਰੇਨਿੰਗ ਅਫ਼ਸਰ, ਮਨਪ੍ਰੀਤ ਸਿੰਘ ਇੰਸਟਕਟਰ, ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਲੱਕੀ ਹਰਦਾਸਪੁਰ ਨੇ ਭਰਪੂਰ ਸਹਿਯੋਗ ਦਿੱਤਾ। ਇਸ ਮੌਕੇ ਲੈਫਟੀਨੈਂਟ ਜਗਦੀਪ ਜੋਸ਼ੀ ਨੇ ਕਿਹਾ ਕਿ ਅੱਜ ਵਿਸ਼ਵ ਪੱਧਰ ਤੇ ਅੰਤਰਰਾਸ਼ਟਰੀ ਵਲੰਟੀਅਰ ਦਿਵਸ ਮਨਾਇਆ ਜਾ ਰਿਹਾ ਹੈ ਅਤੇ ਸਾਡੇ ਲਈ ਮਾਣ ਵਾਲੀ ਗੱਲ ਹੈ ਕਿ ਐਨ ਐਸ ਐਸ ਅਤੇ ਐਨ ਸੀ ਸੀ ਦੇ ਵਲੰਟੀਅਰਜ਼ ਜ਼ਿਲ੍ਹਾ ਪ੍ਰਸ਼ਾਸਨ ਨਾਲ ਮਿਲ ਕੇ ਸਮਾਜ ਸੇਵੀ ਕੰਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਂਦੇ ਹਨ ਉਹਨਾਂ ਕਿਹਾ ਕਿ ਸਮੇਂ ਸਮੇਂ ਸਾਡੇ ਵਲੰਟੀਅਰਜ਼ ਵਲੋਂ ਸ.ਫਾਈ ਮੁਹਿੰਮ, ਨਸ਼ਿਆਂ ਵਿਰੁੱਧ ਜਾਗਰੂਕਤਾ, ਔਰਤਾਂ ਤੇ ਹੁੰਦੀ ਹਿੰਸਾ ਰੋਕਣ ਸਬੰਧੀ ਪ੍ਰੋਗਰਾਮ ਕੀਤੇ ਜਾ ਰਹੇ ਹਨ ਜਿਸ ਵਿਚ ਭਰਪੂਰ ਸਹਿਯੋਗ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਵੱਲੋਂ ਦਿੱਤਾ ਜਾ ਰਿਹਾ ਹੈ। ਇਸ ਮੌਕੇ ਐਨ ਐਸ ਐਸ ਵਲੰਟੀਅਰਜ਼ ਵਲੋਂ ਆਈਂ ਟੀ ਆਈ ਦੀ ਸਫਾਈ ਕੀਤੀ ਗਈ ।

**ਪੰਜਾਬੀ ਭਾਸ਼ਾ ਦੀਆਂ ਕੰਪਿਊਟਰੀ ਲੋੜਾਂ ਵਿਸ਼ੇ ’ਤੇ ਵਰਕਸ਼ਾਪ 9 ਨੂੰ**

# ਭਾਸ਼ਾ ਵਿਭਾਗ ਪੰਜਾਬ ਵੱਲੋਂ ਭਾਸ਼ਾ ਭਵਨ ਪਟਿਆਲਾ ਵਿਖੇ ਕੀਤਾ ਜਾਵੇਗਾ ਆਯੋਜਨ

**ਪਟਿਆਲਾ, 7 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੀ ਰਹਿਨੁਮਾਈ ’ਚ ਭਾਸ਼ਾ ਵਿਭਾਗ ਪੰਜਾਬ ਵੱਲੋਂ ਪੰਜਾਬੀ ਭਾਸ਼ਾ ਦੇ ਪ੍ਰਚਾਰ-ਪ੍ਰਸਾਰ ਲਈ ਕੀਤੇ ਜਾ ਰਹੇ ਉੱਦਮਾਂ ਦੀ ਲੜੀ ’ਚ ‘ਪੰਜਾਬੀ ਭਾਸ਼ਾ ਦੀਆਂ ਕੰਪਿਊਟਰੀ ਲੋੜਾਂ’ ਵਿਸ਼ੇ ’ਤੇ ਇੱਕ ਦਿਨਾ ਵਰਕਸ਼ਾਪ 9 ਦਸੰਬਰ (ਸੋਮਵਾਰ) ਨੂੰ ਭਾਸ਼ਾ ਭਵਨ ਪਟਿਆਲਾ ਵਿਖੇ ਲਗਵਾਈ ਜਾ ਰਹੀ ਹੈ।

ਭਾਸ਼ਾ ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਇਸ ਵਰਕਸ਼ਾਪ ਦੌਰਾਨ ਉੱਘੇ ਕੰਪਿਊਟਰ ਮਾਹਿਰ ਡਾ. ਸੀ.ਪੀ. ਕੰਬੋਜ ਅਤੇ ਸਾਥੀ ਪੰਜਾਬੀ ਭਾਸ਼ਾ ਦੀਆਂ ਅਜੋਕੇ ਮਸ਼ੀਨੀ ਬੁੱਧੀਮਾਨਤਾ ਦੇ ਯੁੱਗ ਵਿੱਚ ਕੰਪਿਊਟਰੀ ਲੋੜਾਂ ਬਾਰੇ ਵਿਸਥਾਰ ਨਾਲ ਅਭਿਆਸ (ਪ੍ਰੈਕਟੀਕਲ) ਰੂਪ ’ਚ ਜਾਣਕਾਰੀ ਦੇਣਗੇ।

ਦੋ ਸ਼ੈਸ਼ਨਾਂ ਵਾਲੀ ਇਹ ਵਰਕਸ਼ਾਪ ਸਵੇਰੇ 10 ਵਜੇ ਤੋਂ ਬਾਅਦ ਦੁਪਹਿਰ 4 ਵਜੇ ਤੱਕ ਜਾਰੀ ਰਹੇਗੀ। ਇਸ ਵਰਕਸ਼ਾਪ ’ਚ ਹਿੱਸਾ ਲੈਣ ਲਈ ਸਭ ਨੂੰ ਵਿਸ਼ੇਸ਼ਕਰ ਪੰਜਾਬੀ ਲੇਖਕਾਂ ਨੂੰ ਖੁੱਲ੍ਹਾ ਸੱਦਾ ਦਿੱਤਾ ਹੈ।

ਵਰਕਸ਼ਾਪ ’ਚ ਹਿੱਸਾ ਲੈਣ ਵਾਲਿਆਂ ਕੋਲ ਲੈਪਟਾਪ ਹੋਣਾ ਲਾਜ਼ਮੀ ਹੈ ਅਤੇ ਉਨਾਂ ਨੂੰ ਆਉਣ-ਜਾਣ ਦਾ ਕਿਰਾਇਆ ਵੀ ਦਿੱਤਾ ਜਾਵੇਗਾ ਅਤੇ ਵਰਕਸ਼ਾਪ ਵਿੱਚ ਭਾਗ ਲੈਣ ਵਾਲੇ ਸਾਰੇ ਸਿੱਖਿਆਰਥੀਆਂ ਦੇ ਖਾਣ-ਪੀਣ ਦਾ ਪ੍ਰਬੰਧ ਵਿਭਾਗ ਵੱਲੋਂ ਕੀਤਾ ਜਾਵੇਗਾ।

ਇਸ ਵਰਕਸ਼ਾਪ ’ਚ ਹਿੱਸਾ ਲੈਣ ਲਈ ਭਾਸ਼ਾ ਵਿਭਾਗ ਦੀ ਈ-ਮੇਲ vikaspunjabi. pblangu ages @gmail. com (ਫੋਨ ਨੰਬਰ 9041008888) ਰਾਹੀਂ ਸਮਾਂ ਰਹਿੰਦੇ ਰਜਿਸਟ੍ਰੇਸ਼ਨ ਕਰਵਾਉਣੀ ਜ਼ਰੂਰੀ ਹੈ। ਇਸ ਵਰਕਸ਼ਾਪ ਦਾ ਮੁੱਖ ਮਨੋਰਥ ਪੰਜਾਬੀ ਭਾਸ਼ਾ ਨੂੰ ਮਸ਼ੀਨੀ ਬੁੱਧੀਮਾਨਤਾ (ਏਆਈ) ਦੇ ਯੁੱਗ ਵਿੱਚ ਸਮੇਂ ਦੇ ਹਾਣ ਦਾ ਬਣਾਉਣਾ ਹੈ।

# ਫੇਂਗਲ ਤੂਫਾਨ ਨਾਲ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਨਾ ਮੰਤਰੀ ਨੂੰ ਪਿਆ ਮਹਿੰਗਾ

**ਏਜੰਸੀਆਂ**

ਨੈਸ਼ਨਲ ਡੈਸਕ 7 ਦਸੰਬਰ। ਤਾਮਿਲਨਾਡੂ ਦੇ ਵਿੱਲੂਪੁਰਮ ਜ਼ਿਲ੍ਹੇ ਦੇ ਇਰੁਵੇਲਪੱਟੂ ਪਿੰਡ ਦੇ ਵਸਨੀਕਾਂ ਨੇ ਮੰਗਲਵਾਰ (7 ਦਸੰਬਰ, 2024) ਨੂੰ ਹੜ੍ਹਾਂ ਕਾਰਨ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਪੌਂਮੁਡੀ ਦੇ ਦੌਰੇ ਦੌਰਾਨ ਤਾਮਿਲਨਾਡੂ ਦੇ ਜੰਗਲਾਤ ਮੰਤਰੀ 'ਤੇ ਕਥਿਤ



ਤੌਰ 'ਤੇ ਚਿੱਕੜ ਸੁੱਟ ਦਿੱਤਾ। ਇਹ ਘਟਨਾ ਚੇਨਈ-ਤ੍ਰਿਚੀ ਰਾਸਟਰੀ ਰਾਜਮਾਰਗ 'ਤੇ ਭਿਆਨਕ ਵਿਰੋਧ ਪ੍ਰਦਰਸਨਾਂ ਦੌਰਾਨ ਵਾਪਰੀ, ਜਿੱਥੇ ਪਿੰਡ ਵਾਸੀਆਂ ਨੇ ਮਾੜੇ ਰਾਹਤ ਯਤਨਾਂ 'ਤੇ ਨਿਰਾਸਾ ਜਾਹਿਰ ਕੀਤੀ ਸੀ। ਇਰੁਵੇਲਪੱਟੂ ਪਿੰਡ ਦਾ ਮੁਆਇਨਾ ਕਰਦੇ ਹੋਏ ਪੌਨਮੁਡੀ ਨੂੰ ਗੁੱਸੇ ਵਿਚ ਆਏ ਸਥਾਨਕ ਲੋਕਾਂ ਦਾ ਸਾਹਮਣਾ ਕਰਨਾ ਪਿਆ, ਜਿਨ੍ਹਾਂ ਨੇ ਦੋਸ ਲਗਾਇਆ ਕਿ ਜ਼ਿਲ੍ਹੇ ਵਿਚ ਚੱਕਰਵਾਤ ਫੇਂਗਲ ਦੇ ਪ੍ਰਭਾਵ ਤੋਂ ਬਾਅਦ ਦੋ ਦਿਨਾਂ ਤੋਂ ਅਧਿਕਾਰੀਆਂ ਦੁਆਰਾ ਉਨ੍ਹਾਂ ਦੇ ਦੂਰ-ਦੁਰਾਡੇ ਦੇ ਪਿੰਡ ਨੂੰ ਅਣਗੌਲਿਆ ਕੀਤਾ ਗਿਆ ਸੀ। ਇਕੱਠੇ ਹੋਏ ਪਿੰਡ ਵਾਸੀਆਂ ਵਿੱਚੋਂ ਇਕ ਨੇ ਮੰਤਰੀ 'ਤੇ ਚਿੱਕੜ ਸੁੱਟ ਦਿੱਤਾ, ਜਿਸ ਨਾਲ ਉਨ੍ਹਾਂ ਦੀ ਚਿੱਟੀ ਕਮੀਜ ਦੇ ਨਾਲ-ਨਾਲ ਉਨ੍ਹਾਂ ਦੇ ਦਲ ਦੇ ਕਈ ਅਧਿਕਾਰੀਆਂ ਅਤੇ ਪੁਲਸ ਮੁਲਾਜਮਾਂ ਦੇ ਕੱਪੜਿਆਂ 'ਤੇ ਵੀ ਦਾਗ ਲੱਗ ਗਏ। ਚੇਨਈ ਵਿਚ ਸੇਖਰ ਬਾਬੂ ਨੇ ਇਸ ਘਟਨਾ ਬਾਰੇ ਮੀਡੀਆ ਨੂੰ ਸੰਬੋਧਨ ਕਰਦੇ ਹੋਏ ਇਸ ਨੂੰ ਰਾਜਨੀਤੀ ਤੋਂ ਪ੍ਰੇਰਿਤ ਕਾਰਵਾਈ ਦੱਸਿਆ। ਬਾਬੂ ਨੇ ਕਿਹਾ, "ਇਕ ਸਿਆਸੀ ਪਾਰਟੀ ਦੇ ਮੈਂਬਰ ਅਤੇ ਉਸ ਦੇ ਰਿਸਤੇਦਾਰ ਵੱਲੋਂ ਚਿੱਕੜ ਸੁੱਟਿਆ ਗਿਆ ਸੀ।" ਚਾਰ ਘੰਟੇ ਤੋਂ ਵੱਧ ਸਮੇਂ ਤੱਕ ਚੱਲੇ ਇਸ ਧਰਨੇ ਕਾਰਨ ਆਵਾਜਾਈ ਠੱਪ ਹੋ ਗਈ ਅਤੇ ਚੱਕਰਵਾਤ ਤੋਂ ਪ੍ਰਭਾਵਿਤ ਲੋਕਾਂ ਦੀਆਂ ਸ਼ਿਕਾਇਤਾਂ ਸਾਹਮਣੇ ਆਈਆਂ। ਭਾਜਪਾ ਤਾਮਿਲਨਾਡੂ ਦੇ ਪ੍ਰਧਾਨ ਕੇ. ਅੰਨਾਮਲਾਈ ਨੇ ਘਟਨਾ ਦੀ ਵੀਡੀਓ ਸਾਂਝੀ ਕੀਤੀ ਅਤੇ ਦੋਸ ਲਾਇਆ ਕਿ ਤਾਮਿਲਨਾਡੂ ਦੇ ਮੁੱਖ ਮੰਤਰੀ ਐੱਮ. ਕੇ. ਸਟਾਲਿਨ ਚੇਨਈ ਵਿਚ "ਫੋਟੋਆਂ ਖਿੱਚਣ" ਵਿਚ ਰੁੱਝੇ ਹੋਏ ਹਨ ਅਤੇ ਰਾਜਧਾਨੀ ਵਿਚ ਕੀ ਹੋ ਰਿਹਾ ਹੈ, ਇਸ ਤੋਂ ਇਲਾਵਾ ਹੋਰ ਕੁਝ ਨਹੀਂ ਦੇਖ ਰਹੇ ਹਨ। ਸਟਾਲਿਨ ਨੇ ਮੰਗਲਵਾਰ ਨੂੰ ਵਿਲੂਪੁਰਮ, ਕੁੱਡਲੋਰ ਅਤੇ ਕਾਲਾਕੁਰੀਚੀ ਸਮੇਤ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਰਾਹਤ ਕਾਰਜਾਂ ਦੀ ਨਿਗਰਾਨੀ ਕਰਨ ਵਾਲੇ ਮੰਤਰੀਆਂ ਨਾਲ ਇਕ ਉੱਚ ਪੱਧਰੀ ਮੀਟਿੰਗ ਬੁਲਾਈ। ਸਮੀਖਿਆ ਦੌਰਾਨ ਸਟਾਲਿਨ ਨੇ ਇਕ ਮੁਆਵਜਾ ਪੈਕੇਜ ਦਾ ਐਲਾਨ ਕੀਤਾ, ਜਿਸਦਾ ਉਦੇਸ ਪ੍ਰਭਾਵਿਤ ਪਰਿਵਾਰਾਂ ਨੂੰ ਹੋਏ ਨੁਕਸਾਨ ਨੂੰ ਪੂਰਾ ਕਰਨਾ ਹੈ। ਸੂਬਾ ਸਰਕਾਰ ਨੇ ਹੜ੍ਹਾਂ ਵਿਚ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਨੂੰ 5 ਲੱਖ ਰੁਪਏ ਅਤੇ ਨੁਕਸਾਨੇ ਗਏ ਘਰਾਂ ਨੂੰ 10,000 ਰੁਪਏ ਦੇਣ ਦਾ ਵਾਅਦਾ ਕੀਤਾ ਹੈ।

# ਪਿਆਜ ਦੀਆਂ ਵਧਦੀਆਂ ਕੀਮਤਾਂ ਨੇ ਵਧਾਈ ਚਿੰਤਾ, 100-110 ਰੁਪਏ ਪ੍ਰਤੀ ਕਿਲੋ ਤੱਕ ਪਹੁੰਚਿਆ ਭਾਅ

**ਸਰਦੂਲ ਸਿੰਘ**

ਨਵੀਂ ਦਿੱਲੀ 7 ਦਸੰਬਰ। ਪਿਛਲੇ ਕੁਝ ਹਫਤਿਆਂ ਤੋਂ ਪਿਆਜ ਦੀਆਂ ਕੀਮਤਾਂ 'ਚ ਲਗਾਤਾਰ ਤੇਜੀ ਨੇ ਆਮ ਜਨਤਾ ਅਤੇ ਸਰਕਾਰ ਦੋਵਾਂ ਦੀਆਂ ਚਿੰਤਾਵਾਂ ਵਧਾ ਦਿੱਤੀਆਂ ਹਨ। ਚੇਨਈ ਵਰਗੇ ਸ਼ਹਿਰਾਂ 'ਚ ਪਿਆਜ 100 ਤੋਂ 110 ਰੁਪਏ ਪ੍ਰਤੀ ਕਿਲੋ ਤੱਕ ਵਿਕ ਰਿਹਾ ਹੈ ਜਦਕਿ ਰਾਸ਼ਟਰੀ ਪੱਧਰ 'ਤੇ ਔਸਤਨ ਇਸ ਦੀ ਕੀਮਤ 70-80 ਰੁਪਏ ਪ੍ਰਤੀ ਕਿਲੋ ਹੈ। ਨੋਇਡਾ ਦੀ ਗੱਲ ਕਰੀਏ ਤਾਂ ਇਥੇ ਪਿਆਜ 70 ਤੋਂ 75 ਰੁਪਏ ਕਿਲੋ ਵਿਕ ਰਿਹਾ ਹੈ। ਹਾਲਾਂਕਿ ਕੇਂਦਰ ਸਰਕਾਰ ਵੱਲੋਂ ਸਰਕਾਰੀ ਦੁਕਾਨਾਂ 'ਤੇ 35 ਰੁਪਏ ਪ੍ਰਤੀ ਕਿਲੋ ਪਿਆਜ ਵੇਚਣ ਅਤੇ ਸਪੈਸ਼ਲ ਟ੍ਰੇਨਾਂ ਰਾਹੀਂ ਪਿਆਜ ਦੀ ਸਪਲਾਈ ਵਧਾਉਣ ਵਰਗੇ ਕਦਮ ਚੁੱਕੇ ਗਏ ਹਨ ਪਰ ਇਸ ਦੇ ਬਾਵਜੂਦ ਰਿਟੇਲ ਕੀਮਤਾਂ 'ਤੇ ਕੋਈ ਖਾਸ ਅਸਰ ਨਹੀਂ ਦਿਸ ਰਿਹਾ ਹੈ। ਭਾਰਤ 'ਚ ਪਿਆਜ ਦੀ ਖੇਤੀ ਲੱਗਭਗ ਸਾਰੇ ਸੂਬਿਆਂ 'ਚ ਹੁੰਦੀ ਹੈ। ਇਸ ਨੂੰ ਰਬੀ ਅਤੇ ਖਰੀਫ ਸੀਜਨ 'ਚ ਉਗਾਇਆ ਜਾਂਦਾ ਹੈ। 2023-24 'ਚ ਦੇਸ਼ 'ਚ ਕੁੱਲ 242 ਲੱਖ ਟਨ ਪਿਆਜ ਦਾ ਉਤਪਾਦਨ ਹੋਇਆ। ਮਹਾਰਾਸ਼ਟਰ ਦੇਸ਼ ਦਾ ਸਭ ਤੋਂ ਵੱਡਾ ਪਿਆਜ ਉਤਪਾਦਕ ਸੂਬਾ ਹੈ ਅਤੇ ਇਥੋਂ ਦੇ ਨਾਸਿਕ ਜ਼ਿਲ੍ਹੇ ਦਾ ਲਾਸਲਗਾਓਂ ਏਸ਼ੀਆ ਦੀ ਸਭ ਤੋਂ ਵੱਡੀ ਪਿਆਜ ਮੰਡੀ ਹੈ। ਮਹਾਰਾਸ਼ਟਰ ਇਕੱਲੇ ਭਾਰਤ ਦਾ 43 ਪ੍ਰਤੀਸ਼ਤ ਪਿਆਜ ਉਤਪਾਦਨ ਕਰਦਾ ਹੈ, ਜਦਕਿ ਕਰਨਾਟਕ ਅਤੇ ਗੁਜਰਾਤ ਦੂਜੇ ਅਤੇ ਤੀਜੇ ਨੰਬਰ 'ਤੇ ਹਨ। ਇਸ ਸਾਲ ਪਿਆਜ ਦੀਆਂ ਕੀਮਤਾਂ 'ਚ ਤੇਜੀ ਦੇ ਪਿੱਛੇ ਕਈ ਕਾਰਨ ਹਨ ਜਿਵੇਂ ਮੀਂਹ ਦਾ ਅਸਰ। ਖਰੀਫ ਸੀਜਨ 'ਚ ਜ਼ਿਆਦਾ ਮੀਂਹ ਦੇ ਕਾਰਨ ਫਸਲਾਂ ਨੂੰ ਨੁਕਸਾਨ ਹੋਇਆ। ਇਸ ਦੇ ਕਾਰਨ ਪਿਆਜ ਦੀ ਵਾਢੀ 'ਚ ਦੇਰੀ ਹੋਈ ਅਤੇ ਮੰਡੀਆਂ 'ਚ ਸਪਲਾਈ ਪ੍ਰਭਾਵਿਤ ਹੋਈ। ਇਸ ਤੋਂ ਇਲਾਵਾ ਉਤਪਾਦਨ



'ਚ ਕਮੀ ਵੀ ਇਸ ਦੇ ਪਿੱਛੇ ਦਾ ਇਕ ਕਾਰਨ ਹੈ। 2023-24 'ਚ ਉਤਪਾਦਨ 'ਚ ਗਿਰਾਵਟ ਦੇ ਕਾਰਨ ਮੰਗ ਅਤੇ ਸਪਲਾਈ ਵਿਚਾਲੇ ਫਰਕ ਵਧ ਗਿਆ ਅਤੇ ਵਧਦੀ ਮੰਗ ਦੇ ਕਾਰਨ ਵੀ ਪਿਆਜ ਮਹਿੰਗਾ ਹੋਇਆ ਹੈ। ਭਾਰਤ ਪਿਆਜ ਦਾ ਦੁਨੀਆ ਦਾ ਸਭ ਤੋਂ ਵੱਡਾ ਐਕਸਪੋਰਟਰ ਹੈ। 2022-23 'ਚ ਭਾਰਤ ਨੇ 2.5 ਮਿਲੀਅਨ ਟਨ ਪਿਆਜ ਦਾ ਐਕਸਪੋਰਟ ਕੀਤਾ ਸੀ, ਜਿਸ ਨਾਲ 4,525.91 ਕਰੋੜ ਰੁਪਏ ਦੀ ਕਮਾਈ ਹੋਈ। ਹਾਲਾਂਕਿ ਵਧਦੀਆਂ ਘਰੇਲੂ ਕੀਮਤਾਂ ਨੂੰ ਕਾਬੂ ਕਰਨ ਲਈ ਸਰਕਾਰ ਨੇ ਹਾਲ ਹੀ 'ਚ ਪਿਆਜ ਦੇ ਐਕਸਪੋਰਟ 'ਤੇ ਰੋਕ ਲਗਾਉਣ ਵਰਗੇ ਕਦਮ ਚੁੱਕੇ ਹਨ। ਇਸ ਤੋਂ ਇਲਾਵਾ ਮਹਿੰਗਾਈ ਨਾਲ ਨਜਿੱਠਣ ਲਈ ਕੇਂਦਰ ਸਰਕਾਰ ਪਿਆਜ ਦੀ ਸਟਾਕ ਲਿਮਟ ਅਤੇ ਸਪਲਾਈ ਵਧਾਉਣ ਵਰਗੇ ਕਦਮ ਚੁੱਕ ਰਹੀ ਹੈ। ਹਾਲਾਂਕਿ ਐਕਸਪਰਟਸ ਦਾ ਕਹਿਣਾ ਹੈ ਕਿ ਕੀਮਤਾਂ 'ਚ ਸਥਿਰਤਾ ਲਿਆਉਣ ਲਈ ਉਤਪਾਦਨ ਅਤੇ ਸਪਲਾਈ ਲੜੀ 'ਚ ਸੁਧਾਰ ਕਰਨਾ ਵੀ ਜਰੂਰੀ ਹੈ।

## ਨਿੱਕਾ ਜਿਹਾ ਘਰ ਤੇ ਬਿਜਲੀ ਦਾ ਬਿੱਲ 355 ਕਰੋੜ ਰੁਪਏ, ਸੁਣ ਉੱਡ ਜਾਣਗੇ ਹੋਸ਼

ਹਰਿਆਣਾ 7 ਦਸੰਬਰ। ਹਰਿਆਣਾ ਦੇ ਸੋਨੀਪਤ ਤੋਂ ਬਿਜਲੀ ਵਿਭਾਗ ਦਾ ਇੱਕ ਹੋਸ਼ ਉੱਡਾ ਦੇਣ ਵਾਲਾ ਕਾਰਨਾਮਾ ਸਾਹਮਣੇ ਆਇਆ ਹੈ। ਇੱਥੇ ਬਿਜਲੀ ਬਿੱਲ ਵੰਡਣ ਤੋਂ ਬਾਅਦ ਬਿਜਲੀ ਨਿਗਮ ਦੀ ਵੱਡੀ ਲਾਪਰਵਾਹੀ ਸਾਹਮਣੇ ਆਈ ਹੈ। ਸੋਨੀਪਤ ਦੇ ਉਮੇਦਗੜ੍ਹ ਪਿੰਡ ਦੇ ਖਪਤਕਾਰ ਲਵੇਸ ਗੁਪਤਾ ਦੇ ਉਸ ਸਮੇਂ ਹੋਸ਼ ਉੱਡ ਗਏ, ਜਦੋਂ ਬਿਜਲੀ ਵਿਭਾਗ ਨੇ ਉਸ ਨੂੰ 355 ਕਰੋੜ ਰੁਪਏ ਦਾ ਬਿੱਲ ਭੇਜ ਦਿੱਤਾ ਹੈ। ਬਿੱਲ ਦੀ ਇੰਨੀ ਜ਼ਿਆਦਾ ਰਕਮ ਦੇਖ ਖਪਤਕਾਰ ਪਰੇਸਾਨ ਹੋ ਗਿਆ। ਬਿਜਲੀ ਦਾ ਵੱਡਾ ਬਿੱਲ ਆਉਣ ਤੋਂ ਬਾਅਦ ਲਵੇਸ ਗੁਪਤਾ ਨੇ ਅਧਿਕਾਰੀਆਂ ਨਾਲ ਸੰਪਰਕ ਕੀਤਾ ਅਤੇ ਬਿਜਲੀ ਦੇ ਬਿੱਲ ਵਿਚ ਹੋਈ ਇਸ ਵੱਡੀ ਗਲਤੀ ਨੂੰ ਜਲਦੀ ਠੀਕ ਕਰਨ ਦੀ ਮੰਗ ਕੀਤੀ। ਪਿੰਡ ਉਮੇਦਗੜ੍ਹ ਦੇ ਰਹਿਣ ਵਾਲੇ ਲਵੇਸ ਗੁਪਤਾ ਨੇ ਦੱਸਿਆ ਕਿ ਉਸ ਦੇ ਬਿਜਲੀ ਦੇ ਬਿੱਲ ਵਿੱਚ ਵੱਡੇ ਖਰਚੇ ਜੋੜ ਦਿੱਤੇ ਗਏ ਹਨ। 25 ਦਿਨਾਂ ਦੀ ਬਿਲਿੰਗ ਵਿੱਚ ਨਿਗਮ ਨੇ 33,904 ਰੁਪਏ ਦਾ ਫਿਕਸ ਚਾਰਜ, 1,99,49,72,648 ਰੁਪਏ ਦਾ ਊਰਜਾ ਚਾਰਜ, 14,09,99,128 ਰੁਪਏ ਦਾ ਫਿਊਲ ਸਰਚਾਰਜ ਐਡਜਸਟਮੈਂਟ, 1,34,99,93,541 ਰੁਪਏ



ਦਾ ਚਾਰਜ, 2,99,99,814 ਰੁਪਏ ਦੀ ਬਿਜਲੀ ਡਿਊਟੀ ਅਤੇ 4,27,20,113 ਰੁਪਏ ਦਾ ਮਿਉਂਸਪਲ ਟੈਕਸ ਸਾਮਲ ਹੈ। ਉਨ੍ਹਾਂ ਕਿਹਾ ਕਿ ਇਹ ਨਿਗਮ ਦੀ ਵੱਡੀ ਲਾਪ੍ਰਵਾਹੀ ਹੈ। ਇਸ ਸਬੰਧੀ ਜਦੋਂ ਬਿਜਲੀ ਨਿਗਮ ਦੇ ਅਧਿਕਾਰੀਆਂ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਨੇ ਇਸ ਨੂੰ ਤਕਨੀਕੀ ਗਲਤੀ ਦੱਸਿਆ। ਇਸ ਦੇ ਨਾਲ ਹੀ ਬਿਜਲੀ ਵਿਭਾਗ ਨੇ ਬਸੰਤ ਵਿਹਾਰ ਵਿੱਚ ਇੱਕ ਘਰੇਲੂ ਖਪਤਕਾਰ ਸਰੋਜ ਬਾਲਾ ਨੂੰ 78 ਲੱਖ 16 ਹਜਾਰ 100 ਰੁਪਏ ਦਾ ਬਿੱਲ ਭੇਜਿਆ ਸੀ। ਜਦੋਂ ਖਪਤਕਾਰ ਸਰੋਜ ਬਾਲਾ ਦੇ ਪੁੱਤਰ ਵਕੀਲ ਵਿਕਾਸ ਗੁਪਤਾ ਨੇ ਸ਼ਿਕਾਇਤ ਕੀਤੀ ਤਾਂ ਨਿਗਮ ਨੇ ਬਿੱਲ ਠੀਕ ਕਰ ਦਿੱਤਾ। ਹੁਣ ਖਪਤਕਾਰ ਨੂੰ 723 ਰੁਪਏ ਦਾ ਬਿੱਲ ਆਇਆ ਹੈ। ਦੂਜੇ ਪਾਸੇ ਇਸ ਮਾਮਲੇ ਦੇ ਸਬੰਧ ਵਿਚ ਥਾਣਾ ਗਨੌਰ ਸਬ ਡਵੀਜਨ ਦੇ ਸਿਟੀ ਐੱਸ.ਡੀ.ਓ ਸਚਿਨ ਦਹੀਆ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਜਿਨ੍ਹਾਂ ਖਪਤਕਾਰਾਂ ਦਾ ਲੋਡ ਵਧਿਆ ਸੀ, ਉਨ੍ਹਾਂ ਨੂੰ ਹੀ ਅਜਿਹੀਆਂ ਤਕਨੀਕੀ ਸਮੱਸਿਆਵਾਂ ਦਾ ਸਾਹਮਣਾ ਕਰਨਾ ਪਿਆ ਹੈ। ਉਹਨਾਂ ਕਿਹਾ ਕਿ 16 ਖਪਤਕਾਰਾਂ ਦੇ ਬਿਜਲੀ ਦੇ ਬਿੱਲਾਂ ਵਿੱਚ ਗਲਤੀ ਸੀ, ਜਿਸ ਨੂੰ ਠੀਕ ਕਰਕੇ ਸਾਰੇ ਖਪਤਕਾਰਾਂ ਨੂੰ ਜਾਣਕਾਰੀ ਦੇ ਦਿੱਤੀ ਗਈ ਹੈ। ਹੁਣ ਕਿਸੇ ਦੇ ਬਿੱਲ ਵਿਚ ਕੋਈ ਗਲਤੀ ਨਹੀਂ ਹੈ।

## ਪੰਜਾਬ ਦੇ ਕਿਸਾਨਾਂ ਬਾਰੇ ਸੰਸਦ ਸੁਖਜਿੰਦਰ ਸਿੰਘ ਰੰਧਾਵਾ ਨੇ ਲੋਕ ਸਭਾ 'ਚ ਪੁੱਛਿਆ ਸਵਾਲ

ਚੰਡੀਗੜ੍ਹ 7 ਦਸੰਬਰ। ਗੁਰਦਾਸਪੁਰ ਤੋਂ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਨੇ ਲੋਕ ਸਭਾ ਵਿੱਚ ਪੰਜਾਬ ਰਾਜ 'ਚ ਝੋਨੇ ਦੀ ਮੌਜੂਦਾ ਖਰੀਦ ਸੰਕਟ ਦੇ ਮਾਮਲੇ ਸੰਬੰਧੀ ਸਵਾਲ ਪੁੱਛਿਆ। ਜਿਸ ਦਾ ਜਵਾਬ ਕੇਂਦਰੀ ਖੇਤੀ ਅਤੇ ਕਿਸਾਨ ਕਲਿਆਣ ਰਾਜ ਮੰਤਰੀ ਸ੍ਰੀ ਰਾਮਨਾਥ ਠਾਕੁਰ ਨੇ ਦਿੱਤਾ। ਉਨ੍ਹਾਂ ਨੇ ਕਿਹਾ ਕਿ ਪੰਜਾਬ ਵਿੱਚ 01-10-2024 ਤੋਂ 30-11-2024 ਤੱਕ ਝੋਨੇ ਦੀ ਖਰੀਦ ਕੀਤੀ ਗਈ ਹੈ, ਜਿਸ ਵਿੱਚ ਆੜ੍ਹਤੀਆਂ ਦੇ ਮਾਧਿਅਮ ਨਾਲ ਘੱਟੋ ਘੱਟ ਸਮਰਥਨ ਮੁੱਲ 'ਤੇ ਝੋਨਾ ਖਰੀਦਿਆ ਗਿਆ ਹੈ। ਸੰਸਦ ਮੈਂਬਰ ਰੰਧਾਵਾ ਨੇ ਦੱਸਿਆ ਕਿ ਪੰਜਾਬ ਵਿੱਚ ਕਿਸਾਨਾਂ ਨੂੰ ਘੱਟੋ ਘੱਟ ਸਮਰਥਨ ਮੁੱਲ ਤੋਂ ਘੱਟ ਦਰ 'ਤੇ ਭੁਗਤਾਨ ਕੀਤਾ ਗਿਆ ਹੈ, ਕਈ ਐਸੇ ਮਾਮਲੇ ਗੁਰਦਾਸਪੁਰ ਵਿੱਚ ਮੇਰੇ ਸਾਹਮਣੇ ਆਏ ਹਨ ਅਤੇ ਇਸ ਦੀ ਜਾਣਕਾਰੀ ਮੈਂ ਪੱਤਰ ਰਾਹੀਂ ਭਾਰਤੀ ਖਾਦ ਕਾਰਪੋਰੇਸਨ ਨੂੰ ਦਿੱਤੀ ਸੀ। ਉਨ੍ਹਾਂ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਕਿਸਾਨਾਂ ਨਾਲ ਧੋਖਾ ਕਰ ਰਹੀ ਹੈ ਅਤੇ ਵੱਡੇ ਪੈਮਾਨੇ 'ਤੇ ਕਿਸਾਨਾਂ ਦੀ ਰਕਮ ਦਾ ਗਬਨ ਕੀਤਾ ਜਾ ਰਿਹਾ ਹੈ।

## ਮੀਤ ਹੇਅਰ ਨੇ ਰਾਜਪੁਰਾ-ਚੰਡੀਗੜ੍ਹ ਰੇਲ ਲਿੰਕ ਬਣਾਉਣ ਸਣੇ ਲੋਕ ਸਭਾ 'ਚ ਉਠਾਏ ਅਹਿਮ ਮੁੱਦੇ

**ਕਿਸ਼ਨ ਪਾਲ**

ਨਵੀਂ ਦਿੱਲੀ/ਚੰਡੀਗੜ੍ਹ 7 ਦਸੰਬਰ। ਸੰਗਰੂਰ ਤੋਂ ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ ਨੇ ਲੋਕ ਸਭਾ ਵਿੱਚ ਸਮੁੱਚੇ ਮਾਲਵੇ ਖਿੱਤੇ ਨੂੰ ਸੂਬੇ ਦੀ ਰਾਜਧਾਨੀ ਚੰਡੀਗੜ੍ਹ ਨਾਲ ਰੇਲ ਰਾਹੀਂ ਜੋੜਨ ਲਈ ਰਾਜਪੁਰਾ-ਚੰਡੀਗੜ੍ਹ ਰੇਲ ਲਿੰਕ ਬਣਾਉਣ ਦਾ ਮੁੱਦਾ ਉਠਾਇਆ। ਮੀਤ ਹੇਅਰ ਨੇ ਬੁੱਧਵਾਰ ਨੂੰ ਸਦਨ ਵਿੱਚ ਰੇਲ ਸਬੰਧੀ ਆਏ ਇੱਕ ਬਿੱਲ ਉੱਤੇ ਬਹਿਸ ਵਿੱਚ ਹਿੱਸਾ ਲੈਂਦਿਆਂ ਕਿਹਾ ਕਿ ਰੇਲ ਸਭ ਤੋਂ ਸਸਤਾ, ਸੌਖਾ ਤੇ ਵਧੀਆ ਆਵਾਜਾਈ ਦਾ ਸਾਧਨ ਹੈ ਜਿਸ ਨਾਲ ਸਭ ਤੋਂ ਵੱਧ ਆਮ ਆਦਮੀ ਨੂੰ ਫਾਇਦਾ ਹੁੰਦਾ ਹੈ। ਆਜਾਦੀ ਦੇ 77 ਸਾਲ ਬਾਅਦ ਵੀ ਮਾਲਵਾ ਖਿੱਤੇ ਦੇ ਲੋਕ ਆਪਣੀ ਰਾਜਧਾਨੀ ਨਾਲ ਸਿੱਧਾ ਰੇਲ ਨਾਲ ਨਹੀਂ ਜੁੜੇ ਜਿਸ ਲਈ ਸਿਰਫ ਰਾਜਪੁਰਾ ਤੇ ਚੰਡੀਗੜ੍ਹ ਨੂੰ ਜੋੜਨਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਜਮੀਨ ਐਕਵਾਇਰ ਦੀ ਮੰਗ ਦਾ ਹਵਾਲਾ ਦਿੰਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਸੜਕਾਂ ਬਣਾਉਣ ਲਈ ਜਮੀਨ ਐਕਵਾਇਰ ਹੋ ਸਕਦੀ ਹੈ ਤਾਂ ਸਰਕਾਰੀ ਰੇਲ ਸੇਵਾ ਲਈ ਕਿਉਂ ਨਹੀਂ। ਲੋਕ ਸਭਾ ਮੈਂਬਰ ਮੀਤ ਹੇਅਰ ਨੇ ਇਕ ਹੋਰ ਅਹਿਮ ਮੁੱਦਾ



ਚੁੱਕਦਿਆਂ ਕਿਹਾ ਕਿ ਕੋਵਿਡ ਸਮੇਂ ਵਿੱਚ ਸੀਨੀਅਰ ਸਿਟੀਜਨ ਤੇ ਖਿਡਾਰੀਆਂ ਨੂੰ ਮਿਲਦੀ ਰਿਆਇਤ ਬੰਦ ਕਰ ਦਿੱਤੀ ਸੀ। ਇਸ ਨੂੰ ਮੁੜ ਸ਼ੁਰੂ ਕੀਤਾ ਜਾਵੇ ਅਤੇ ਇਸ ਦੇ ਦਾਇਰੇ ਵਿੱਚ ਵਿਦਿਆਰਥੀ ਵੀ ਲਿਆਂਦੇ ਜਾਣ। ਮੀਤ ਹੇਅਰ ਨੇ ਇਹ ਵੀ ਆਖਿਆ ਕਿ ਬਰਨਾਲਾ-ਸੰਗਰੂਰ ਇਲਾਕੇ ਵਿੱਚ ਕੋਈ ਵੀ ਹਾਈ ਸਪੀਡ ਰੇਲ ਨਹੀਂ ਗੁਜਰਦੀ ਜਿਸ ਲਈ ਇਹ ਮੰਗ ਜਲਦ ਪੂਰੀ ਕੀਤੀ ਜਾਵੇ। ਮੀਤ ਹੇਅਰ ਨੇ ਕਿਹਾ ਕਿ ਦੇਸ ਦੀ ਆਜਾਦੀ ਤੋਂ ਬਾਅਦ ਸਿਰਫ 15 ਹਜਾਰ ਰੇਲ ਲਾਈਨ ਹੋਰ ਵਿਛਾਈ ਗਈ ਜੋ ਕਿ ਬਹੁਤ ਘੱਟ ਹਨ। ਰੇਲ ਭਾਰਤ ਦੀ ਰੀੜ੍ਹ ਦੀ ਹੱਡੀ ਹੈ। ਸਰਕਾਰ ਜਿਵੇਂ ਬੰਦਰਗਾਹ ਸਮੇਤ ਹੋਰ ਸਰਕਾਰੀ ਅਦਾਰਿਆਂ ਦਾ ਨਿੱਜੀਕਰਨ ਕਰਨ ਉੱਤੇ ਉਤਾਰੂ ਹੈ ਉਥੇ ਸਾਨੂੰ ਸੰਕਾ ਹੈ ਕਿ ਰੇਲ ਵੀ ਨਿੱਜੀ ਹੱਥਾਂ ਵਿੱਚ ਨਾ ਵੇਚ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਸਰਕਾਰ ਨੇ ਉਡਾਣ ਸਕੀਮ ਤਹਿਤ ਸਸਤੇ ਹਵਾਈ ਸਫਰ ਦੇ ਹਵਾਈ ਕਿਲੇ ਉਸਾਰੇ ਸਨ ਜੋ ਕਿ ਪੂਰੇ ਨਹੀਂ ਹੋਏ। ਇਸ ਲਈ ਦੇਸ ਵਾਸੀਆਂ ਲਈ ਰੇਲ ਹੀ ਇਕਮਾਤਰ ਸਸਤਾ ਤੇ ਸੁਖਾਲਾ ਆਵਾਜਾਈ ਦਾ ਸਾਧਨ ਹੈ ਜਿਸ ਲਈ ਰੇਲਵੇ ਨੈੱਟਵਰਕ ਨੂੰ ਮਜਬੂਤ ਕਰਨਾ ਸਭ ਤੋਂ ਜਰੂਰੀ ਹੈ।

## ਗੈਸ ਸਿਲੰਡਰ ਨੂੰ ਲੱਗੀ ਅੱਗ ਬੁਝਾਉਣ ਦੇ ਸਾਰੇ ਤਰੀਕੇ ਰਹੇ ਨਾਕਾਮ

ਅਸੋਕਨਗਰ 7 ਦਸੰਬਰ। ਇਲਾਕੇ 'ਚ ਘਰ 'ਚ ਗੈਸ ਚੁੱਲ੍ਹੇ 'ਤੇ ਚਾਹ ਬਣਾਉਣ ਦੌਰਾਨ ਵੱਡਾ ਹਾਦਸਾ ਵਾਪਰ ਗਿਆ। ਜਿੱਥੇ ਘਰੇਲੂ ਗੈਸ ਸਿਲੰਡਰ ਨੂੰ ਅਚਾਨਕ ਅੱਗ ਲੱਗ ਗਈ। ਸਿਲੰਡਰ 'ਚੋਂ ਉੱਚੀਆਂ-ਉੱਚੀਆਂ ਅੱਗ ਦੀਆਂ ਚਿੰਗਾਰੀਆਂ ਨਿਕਲਣ ਲੱਗ ਗਈਆਂ। ਇਸ ਦੌਰਾਨ ਇਲਾਕਾ ਨਿਵਾਸੀਆਂ ਵੱਲੋਂ ਅੱਗ ਬੁਝਾਉਣ ਦੇ ਕਈ ਤਰੀਕੇ ਫੇਲ ਹੋ ਗਏ ਤਾਂ ਯੂ-ਟਿਊਬ ਤੋਂ ਆਈ ਇਕ ਆਈਡੀਆ ਨਾਲ ਵੱਡਾ ਹਾਦਸਾ



Demo Pic

ਹੋਣ ਤੋਂ ਟਲ ਗਿਆ। ਦਰਅਸਲ, ਪੂਰਾ ਮਾਮਲਾ ਅਸੋਕਨਗਰ ਜ਼ਿਲ੍ਹੇ ਦਾ ਹੈ। ਇੱਥੇ ਪੰਕਜ ਤਿਵਾੜੀ ਨਾਂ ਦੇ ਵਿਅਕਤੀ ਦੀ ਮਾਂ ਸਵੇਰੇ ਰਸੋਈ ਵਿੱਚ ਚਾਹ ਬਣਾ ਰਹੀ ਸੀ, ਜਦੋਂ ਅਚਾਨਕ ਗੈਸ ਸਿਲੰਡਰ ਨੂੰ ਅੱਗ ਲੱਗ ਗਈ। ਸਿਲੰਡਰ 'ਚੋਂ ਅੱਗ ਦੀਆਂ ਲਪਟਾਂ ਉੱਠਣ ਲੱਗੀਆਂ। ਜਿਸ ਤੋਂ ਬਾਅਦ ਉਸ ਦੀ ਮਾਂ ਨੇ ਰੌਲਾ ਪਾ ਕੇ ਪਰਿਵਾਰ ਨੂੰ ਬੁਲਾਇਆ। ਅੱਗ ਲੱਗਣ ਕਾਰਨ ਘਰ ਵਿੱਚ ਪਿਆ ਸਾਮਾਨ ਅਤੇ ਖਾਣ-ਪੀਣ ਦਾ ਸਾਮਾਨ ਸੜ ਗਿਆ। ਪੰਕਜ ਤਿਵਾਰੀ ਨੇ ਬਹਾਦਰੀ ਦਿਖਾਉਂਦੇ ਹੋਏ ਘਰ ਦੀ ਛੱਤ 'ਤੇ ਸਿਲੰਡਰ ਰੱਖ ਦਿੱਤਾ। ਕੁਝ ਸਮੇਂ ਬਾਅਦ ਉਸ ਨੂੰ ਗਲੀ ਵਿੱਚ ਸੁੱਟ ਦਿੱਤਾ ਗਿਆ। ਉਸ ਨੇ ਫਾਇਰ ਬ੍ਰਿਗੇਡ ਨੂੰ ਫੋਨ ਕੀਤਾ, ਪਰ ਕੋਈ ਨਹੀਂ ਪਹੁੰਚਿਆ। ਪੰਕਜ ਤਿਵਾੜੀ ਨੇ ਦੱਸਿਆ ਕਿ ਕਰੀਬ 20 ਮਿੰਟ ਤੱਕ ਸਿਲੰਡਰ 'ਚੋਂ ਅੱਗ ਦੀਆਂ ਲਪਟਾਂ ਨਿਕਲਦੀਆਂ ਰਹੀਆਂ। ਇਲਾਕੇ ਦੇ ਲੋਕ ਵੀ ਸਿਲੰਡਰ ਨੂੰ ਲੱਗੀ ਅੱਗ ਨੂੰ ਬੁਝਾਉਣ ਦੀ ਕੋਸ਼ਿਸ਼ ਕਰ ਰਹੇ ਸਨ। ਕਈ ਥਾਵਾਂ 'ਤੇ ਪਾਣੀ ਅਤੇ ਰੇਤ ਵੀ ਪਾਈ ਜਾ ਰਹੀ ਸੀ ਪਰ ਅੱਗ ਨਹੀਂ ਬੁਝੀ। ਫਿਰ ਉਸੇ ਇਲਾਕੇ ਦੇ ਰਹਿਣ ਵਾਲੇ ਪਿਰਮਲ ਸਿੰਘ ਯਾਦਵ ਨੇ ਜੂਟ ਦੀ ਬੋਰੀ ਨੂੰ ਗਿੱਲਾ ਕਰਕੇ ਸਿਲੰਡਰ ਦੁਆਲੇ ਲਪੇਟ ਲਿਆ। ਕੁਝ ਸਮੇਂ ਬਾਅਦ ਅੱਗ ਬੁਝ ਗਈ।

## ਪੰਜਾਬ 'ਚ ਹੋਣ ਵਾਲੀਆਂ ਨਗਰ-ਨਿਗਮ ਚੋਣਾਂ ਨੂੰ ਲੈ ਕੇ ਅਕਾਲੀ ਦਲ ਦਾ ਵੱਡਾ ਐਲਾਨ

ਚੰਡੀਗੜ੍ਹ 7 ਦਸੰਬਰ। ਸ਼੍ਰੋਮਣੀ ਅਕਾਲੀ ਦਲ ਨੇ ਪੰਜਾਬ ਵਿਚ ਹੋਣ ਵਾਲੀਆਂ ਨਗਰ ਨਿਗਮ ਚੋਣਾਂ ਲੜਨ ਦਾ ਐਲਾਨ ਕਰ ਦਿੱਤਾ ਹੈ। ਅਕਾਲੀ ਦਲ ਦੇ ਬੁਲਾਰੇ ਦਲਜੀਤ ਸਿੰਘ ਚੀਮਾ ਨੇ ਆਖਿਆ ਹੈ ਕਿ ਅਕਾਲੀ ਦਲ ਪੰਜਾਬ ਵਿਚ ਹੋਣ ਵਾਲੀਆਂ ਪੰਜ ਨਗਰ-ਨਿਗਮ ਅਤੇ 43 ਕੌਂਸਲਾਂ ਦੀ ਚੋਣ ਲੜੇਗਾ। ਇਥੇ ਇਹ ਵੀ ਖਾਸ ਤੌਰ 'ਤੇ ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਪੰਜਾਬ ਵਿਚ ਹੋਈਆਂ ਜ਼ਿਮਨੀ ਚੋਣਾਂ ਤੋਂ ਅਕਾਲੀ ਦਲ ਨੇ ਪੈਰ ਪਛਾਂਹ ਖਿੱਚ ਲਏ ਸਨ, ਇਨ੍ਹਾਂ ਚੋਣਾਂ ਵਿਚ ਆਮ ਆਦਮੀ ਪਾਰਟੀ ਦੀ ਵੱਡੀ ਜਿੱਤ ਹੋਈ ਸੀ। ਹੁਣ ਜਦੋਂ ਅਕਾਲੀ ਦਲ ਨੇ ਨਗਰ ਨਿਗਮ ਚੋਣਾਂ ਲੜਨ ਦਾ ਐਲਾਨ ਕਰ ਦਿੱਤਾ ਹੈ ਤਾਂ ਚੋਣਾਂ ਵਿਚ ਅਕਾਲੀ ਦਲ ਦੀ ਕੀ ਭੂਮਿਕਾ ਰਹਿੰਦੀ ਹੈ ਇਹ ਦੇਖਣਾ ਹੋਵੇਗਾ ਕਿਉਂਕਿ ਜਿਹੜਾ ਅਕਾਲੀ ਦਲ ਸਰਗਰਮ ਸਿਆਸਤ ਤੋਂ ਬਿਲਕੁਲ ਦੂਰ ਨਜਰ ਆ ਰਿਹਾ ਸੀ, ਹੁਣ ਉਸ ਨੇ ਚੋਣਾਂ ਦੇ ਮੈਦਾਨ ਵਿਚ ਨਿੱਤਰਣ ਦਾ ਐਲਾਨ ਕਰ ਦਿੱਤਾ ਹੈ।

## ਭਾਰਤ 'ਚ 5 'ਚੋਂ ਇਕ ਬੱਚੇ ਦਾ ਜਨਮ ਹੁੰਦਾ ਹੈ ਆਪਰੇਸ਼ਨ ਰਾਹੀਂ

ਨਵੀਂ ਦਿੱਲੀ 7 ਦਸੰਬਰ। ਭਾਰਤ ਵਿਚ ਹਰ ਪੰਜ 'ਚੋਂ ਇਕ ਬੱਚੇ ਦਾ ਜਨਮ ਅਪਰੇਸਨ ਰਾਹੀਂ ਹੁੰਦਾ ਹੈ ਅਤੇ ਇਨ੍ਹਾਂ 'ਚੋਂ ਜ਼ਿਆਦਾਤਰ ਸਰਜਰੀਆਂ ਸਰਕਾਰੀ ਸਿਹਤ ਕੇਂਦਰਾਂ ਦੇ ਮੁਕਾਬਲੇ ਨਿੱਜੀ ਸਿਹਤ ਕੇਂਦਰਾਂ ਵਿਚ ਕੀਤੀਆਂ ਜਾਂਦੀਆਂ ਹਨ। ਇਕ ਅਧਿਐਨ ਵਿਚ ਇਹ ਗੱਲ ਸਾਹਮਣੇ ਆਈ ਹੈ। 'ਦਿ ਲੈਂਸੇਟ ਰੀਜਨਲ ਹੈਲਥ-ਸਾਊਥ ਈਸਟ ਏਸੀਆ ਜਰਨਲ' 'ਚ ਪ੍ਰਕਾਸ਼ਿਤ ਇਸ ਅਧਿਐਨ 'ਚ ਨਵੀਂ ਦਿੱਲੀ ਸਥਿਤ 'ਜਾਰਜ ਇੰਸਟੀਚਿਊਟ ਫਾਰ ਗਲੋਬਲ ਹੈਲਥ' ਦੇ ਖੋਜਕਰਤਾਵਾਂ ਨੇ ਨੈਸਨਲ ਫੈਮਿਲੀ ਹੈਲਥ ਸਰਵੇ (2019-2021) ਦੇ ਪੰਜਵੇਂ ਦੌਰ 'ਚ 28 ਸੂਬਿਆਂ ਅਤੇ 8 ਕੇਂਦਰ ਸਾਸਿਤ ਪ੍ਰਦੇਸਾਂ ਦੀਆਂ 15-49 ਸਾਲ ਦੀਆਂ 7.2 ਲੱਖ ਤੋਂ ਵੱਧ ਔਰਤਾਂ ਦੇ ਅੰਕੜਿਆਂ ਦਾ ਵਿਸ਼ਲੇਸ਼ਣ ਕੀਤਾ। ਵੱਖ-ਵੱਖ ਸੂਬਿਆਂ 'ਚ 'ਸੀਜੇਰੀਅਨ' ਜਾਂ 'ਸੀ-ਸੈਕਸਨ' ਜਣੇਪੇ ਦੀ ਦਰ 'ਚ ਕਾਫੀ ਅੰਤਰ ਸੀ, "ਨਾਗਾਲੈਂਡ 'ਚ ਇਹ 5.2 ਫੀਸਦੀ ਹੈ, ਉੱਥੇ ਹੀ ਤੇਲੰਗਾਨਾ 'ਚ 60.7 ਫੀਸਦੀ ਤੱਕ ਹੈ।" ਅਧਿਐਨਕਰਤਾਵਾਂ ਨੇ ਪਾਇਆ ਕਿ ਇਹ ਸਹੂਲਤਾਂ ਸਰਕਾਰੀ ਕੇਂਦਰਾਂ ਦੀ ਤੁਲਨਾ 'ਚ ਨਿੱਜੀ ਸਿਹਤ ਦੇਖਭਾਲ ਯੂਨਿਟਾਂ 'ਚ ਵੱਧ ਸੀ। ਖੋਜਕਰਤਾਵਾਂ ਨੇ ਕਿਹਾ, "ਅਧਿਐਨ ਤੋਂ ਇਹ ਨਤੀਜਾ ਨਿਕਲਿਆ ਹੈ ਕਿ ਭਾਰਤ 'ਚ ਉੱਚ ਆਮਦਨ ਅਤੇ ਘੱਟ ਆਮ ਆਮਦਨ ਵਰਗ 'ਚ ਸਰਕਾਰੀ ਕੇਂਦਰਾਂ ਦੀ ਤੁਲਨਾ 'ਚ ਨਿੱਜੀ ਕੇਂਦਰਾਂ 'ਤੇ ਸੀਜੇਰੀਅਨ ਜਣੇਪਾ ਕਰਵਾਉਣ ਦੀ ਵੱਧ ਸੰਭਾਵਨਾ ਹੈ।"

# ਕੈਂਸਰ ਤੋਂ ਠੀਕ ਹੋਣ ਸਬੰਧੀ ਸਿੱਧੂ ਦੇ ਦਾਅਵੇ ਖਿਲਾਫ ਪਟੀਸ਼ਨ 'ਤੇ ਸੁਣਵਾਈ ਤੋਂ ਕੋਰਟ ਦੀ ਨਾਂਹ

**ਏਜੰਸੀਆਂ**

ਨਵੀਂ ਦਿੱਲੀ 7 ਦਸੰਬਰ। ਦਿੱਲੀ ਹਾਈ ਕੋਰਟ ਨੇ ਬੁੱਧਵਾਰ ਨੂੰ ਕਾਂਗਰਸ ਆਗੂ ਨਵਜੋਤ ਸਿੰਘ ਸਿੱਧੂ ਦੇ ਉਸ ਦਾਅਵੇ ਖਿਲਾਫ ਪਟੀਸ਼ਨ 'ਤੇ ਵਿਚਾਰ ਕਰਨ ਤੋਂ ਇਨਕਾਰ ਕਰ ਦਿੱਤਾ ਕਿ ਕੁਝ ਇਲਾਜਾਂ ਤੋਂ ਉਨ੍ਹਾਂ ਦੀ ਪਤਨੀ ਨੂੰ 4 ਸਟੇਜ ਦੇ ਕੈਂਸਰ ਨਾਲ ਲੜਨ ਵਿਚ ਮਦਦ ਮਿਲੀ। ਅਦਾਲਤ ਨੇ ਕਿਹਾ ਕਿ ਦੇਸ਼ ਵਿਚ ਅਜੇ ਵੀ ਪ੍ਰਗਟਾਵੇ ਦੀ ਆਜਾਦੀ ਹੈ। ਚੀਫ ਜਸਟਿਸ ਮਨਮੋਹਨ ਅਤੇ ਜਸਟਿਸ ਤੁਸ਼ਾਰ ਰਾਓ ਗੇਡੇਲਾ ਦੀ ਬੈਂਚ ਨੇ ਕਿਹਾ ਕਿ ਸਾਬਕਾ ਕ੍ਰਿਕਟਰ ਨੇ ਸਿਰਫ ਆਪਣੇ ਵਿਚਾਰ ਸਾਂਝੇ ਕੀਤੇ ਸਨ। ਪ੍ਰੈੱਸ ਕਾਨਫਰੰਸ ਕਰ ਕੇ ਉਨ੍ਹਾਂ ਦੇ ਦਾਅਵੇ 'ਤੇ ਜਵਾਬ ਦਿਓ। ਬੈਂਚ ਨੇ ਇਹ ਵੀ ਕਿਹਾ ਕਿ ਤੁਸੀਂ ਇਹ ਨਹੀਂ ਕਹਿ ਸਕਦੇ ਕਿ ਪ੍ਰਗਟਾਵੇ ਦੀ ਆਜਾਦੀ 'ਤੇ ਰੋਕ ਲਗਾਈ ਜਾਵੇ। ਤੁਸੀਂ ਉਨ੍ਹਾਂ ਦੇ ਦਾਅਵੇ ਦਾ ਜਵਾਬ ਦਿਓ। ਇਹ ਸਾਡਾ ਅਧਿਕਾਰ ਖੇਤਰ ਨਹੀਂ ਹੈ। ਜੇ ਤੁਸੀਂ ਇਸ ਸੱਜਣ ਦੇ ਵਿਚਾਰਾਂ ਨਾਲ ਸਹਿਮਤ ਨਹੀਂ ਹੋ, ਤਾਂ ਉਨ੍ਹਾਂ ਦੀ ਗੱਲ ਨਾ ਸੁਣੋ। ਬਹੁਤ ਸਾਰੀਆਂ ਕਿਤਾਬਾਂ ਹਨ ਜੋ ਤੁਹਾਨੂੰ ਖਰਾਬ ਲੱਗ ਸਕਦੀਆਂ ਹਨ, ਉਨ੍ਹਾਂ ਨੂੰ ਨਾ ਪੜ੍ਹੋ। ਤੁਹਾਨੂੰ ਇਨ੍ਹਾਂ ਨੂੰ ਪੜ੍ਹਨ ਲਈ ਕੌਣ ਕਹਿ ਰਿਹਾ ਹੈ? ਪ੍ਰਗਟਾਵੇ ਦੀ ਆਜਾਦੀ ਦਾ ਮਤਲਬ ਇਹ ਨਹੀਂ ਹੈ ਕਿ ਉਨ੍ਹਾਂ ਨੂੰ ਅਦਾਲਤ ਵਿਚ ਲਿਆ ਕੇ ਅਤੇ ਮਾਣਹਾਨੀ ਦੇ ਡਰੋਂ ਰੋਕਿਆ ਜਾਵੇ। ਹਾਈ ਕੋਰਟ ਨੇ ਸਪੱਸਟ ਕੀਤਾ ਕਿ



ਰਿੱਟ ਪਟੀਸਨ 'ਤੇ ਸੁਣਵਾਈ ਨਹੀਂ ਕੀਤੀ ਜਾ ਸਕਦੀ ਤਾਂ ਪਟੀਸਨਰ ਨੇ ਇਸ ਨੂੰ ਵਾਪਸ ਲੈਣ ਦੀ ਇਜਾਜਤ ਮੰਗੀ। ਹਾਈ ਕੋਰਟ ਨੇ ਕਿਹਾ ਕਿ ਅਸੀਂ ਇਸ 'ਤੇ ਰਿੱਟ ਪਟੀਸਨ 'ਤੇ ਵਿਚਾਰ ਨਹੀਂ ਕਰ ਸਕਦੇ। ਹਜਾਰਾਂ ਲੋਕ ਦਾਅਵਾ ਕਰਦੇ ਹਨ ਕਿ ਉਹ ਕਿਸੇ ਚੀਜ ਤੋਂ ਠੀਕ ਹੋ ਗਏ ਹਨ ਪਰ ਇਸ ਦਾ ਇਹ ਮਤਲਬ ਨਹੀਂ ਹੈ ਕਿ ਤੁਸੀਂ ਉਨ੍ਹਾਂ ਵਿਰੁੱਧ ਕਾਰਵਾਈ ਦੀ ਮੰਗ ਕਰੋਗੇ। ਸਿੱਧੂ ਨੇ 21 ਨਵੰਬਰ ਨੂੰ ਅੰਮ੍ਰਿਤਸਰ ਵਿਚ ਇਕ ਪ੍ਰੈਸ ਕਾਨਫਰੰਸ 'ਚ ਕਿਹਾ ਸੀ ਕਿ ਉਨ੍ਹਾਂ ਦੀ ਪਤਨੀ ਨਵਜੋਤ ਕੌਰ ਸਿੱਧੂ ਨੂੰ ਕੈਂਸਰ ਮੁਕਤ ਐਲਾਨ ਦਿੱਤਾ ਗਿਆ ਹੈ। ਖੁਰਾਕ ਅਤੇ ਜੀਵਨ ਸੈਲੀ ਵਿਚ ਤਬਦੀਲੀਆਂ ਨੇ ਉਨ੍ਹਾਂ ਦੀ ਰਿਕਵਰੀ 'ਚ ਭੂਮਿਕਾ ਨਿਭਾਈ ਹੈ। ਉਨ੍ਹਾਂ ਨੇ ਕਿਹਾ ਸੀ ਕਿ ਉਨ੍ਹਾਂ ਦੀ ਪਤਨੀ ਦੀ ਖੁਰਾਕ 'ਚ ਨਿੰਬੂ ਪਾਣੀ, ਕੱਚੀ ਹਲਦੀ, ਸੇਬ ਸਾਈਡਰ ਸਿਰਕਾ, ਨਿੰਮ ਦੀਆਂ ਪੱਤੀਆਂ, ਤੁਲਸੀ, ਕੱਦੂ, ਅਨਾਰ, ਆਂਵਲਾ, ਚੁਕੰਦਰ ਅਤੇ ਅਖਰੋਟ ਵਰਗੀਆਂ ਚੀਜਾਂ ਸਾਮਲ ਸਨ, ਜੋ ਕਿ ਉਹ ਸਿਹਤਮੰਦ ਸਨ। ਜਦੋਂ ਕੈਂਸਰ ਦੇ ਡਾਕਟਰਾਂ ਨੇ ਉਨ੍ਹਾਂ ਦੇ ਦਾਅਵੇ 'ਤੇ ਸਵਾਲ ਚੁੱਕੇ ਕਿ ਸਖਤ ਖੁਰਾਕ ਨੇ ਉਨ੍ਹਾਂ ਦੀ ਪਤਨੀ ਨੂੰ ਸਟੇਜ ਦੇ ਕੈਂਸਰ ਨੂੰ ਹਰਾਉਣ ਵਿਚ ਮਦਦ ਕੀਤੀ ਤਾਂ ਸਿੱਧੂ ਨੇ 25 ਨਵੰਬਰ ਨੂੰ ਸਪੱਸਟ ਕੀਤਾ ਕਿ ਖੁਰਾਕ ਯੋਜਨਾ ਡਾਕਟਰਾਂ ਨਾਲ ਸਲਾਹ-ਮਸਵਰਾ ਕਰ ਕੇ ਲਾਗੂ ਕੀਤੀ ਗਈ ਸੀ ਅਤੇ ਇਸ ਨੂੰ ਲਾਗੂ ਕੀਤਾ ਗਿਆ ਸੀ, ਇਸ ਲਈ ਇਲਾਜ ਨੂੰ ਸਹਿਯੋਗੀ ਮੰਨਿਆ ਜਾਣਾ ਚਾਹੀਦਾ ਹੈ।

# ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਖਣੀ ਕੋਰੀਆ ਵਿਖੇ ਯੂਨੈਸਕੋ ਫੋਰਮ 'ਚ ਪਾਈ ਪੰਜਾਬ ਦੇ ਨਵੇਂ ਸਿੱਖਿਆ ਮਾਡਲ ਦੀ ਬਾਤ

**ਏਜੰਸੀਆਂ**

ਚੰਡੀਗੜ੍ਹ/ਜੀਂਉਗੀ ਡੂ 7 ਦਸੰਬਰ। ਯੂਨੈਸਕੋ ਵਲੋਂ ਭਵਿੱਖੀ ਸਿੱਖਿਆ ਬਾਰੇ ਦੱਖਣੀ ਕੋਰੀਆ ਦੇ ਜੀਂਉਗੀ ਡੂ ਸਹਿਰ ਦੇ ਸੁਵਾਨ ਕਨਵੈਨਸਨ ਸੈਂਟਰ ਵਿਖੇ ਕਰਵਾਏ ਜਾ ਰਹੇ ਅੰਤਰਰਾਸਟਰੀ ਕਨਵੈਨਸਨ ਵਿੱਚ ਭਾਰਤ ਦੀ ਨੁਮਾਇੰਦਗੀ ਕਰਦਿਆਂ ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿਚ ਕ੍ਰਾਂਤੀਕਾਰੀ ਉਪਰਾਲਿਆਂ ਬਾਰੇ ਚਾਨਣਾ ਪਾਉਂਦਾ ਕਿਹਾ ਕਿ ਆਲਮੀ ਪੱਧਰ ਤੇ ਪੈਦਾ ਹੋ ਰਹੀਆਂ ਚੁਣੌਤੀਆਂ ਦਾ ਹੱਲ ਸਿੱਖਿਆ ਦੇ ਖੇਤਰ ਵਿੱਚ ਨਿਵੇਕਲੀਆਂ ਤਬਦੀਲੀਆਂ ਨਾਲ ਹੀ ਕੱਢਿਆ ਜਾ ਸਕਦਾ ਹੈ ਅਤੇ ਸਾਡੀ ਸਰਕਾਰ ਇਸੇ ਦਿਸਾ ਵਿਚ ਕੰਮ ਕਰ ਰਹੀ ਹੈ । ਅੰਤਰਰਾਸਟਰੀ ਕਾਨਫਰੰਸ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇੱਕ ਬੁਨਿਆਦੀ ਢਾਂਚਾ ਵਿਕਾਸ ਮਿਸਨ ਸੁਰੂ ਕੀਤਾ ਗਿਆ ਹੈ, ਜਿਸ ਵਿੱਚ ਵਿਦਿਅਕ ਵਾਤਾਵਰਣ ਦੀ ਸਿਰਜਣਾ ਨੂੰ ਹੋਰ ਮਜ਼ਬੂਤ ਕਰਨ 'ਤੇ ਧਿਆਨ ਕੇਂਦ੍ਰਿਤ ਕੀਤਾ ਗਿਆ ਹੈ, ਜਿਸ ਵਿੱਚ ਹਜਾਰਾਂ ਨਵੇਂ ਕਲਾਸਰੂਮਾਂ ਦੀ ਉਸਾਰੀ, ਸਕੂਲ ਸੁਰੱਖਿਆ ਲਈ ਚਾਰਦੀਵਾਰੀ ਬਣਾਉਣਾ, ਵਿਦਿਆਰਥੀਆਂ ਨੂੰ ਬੱਸ ਸੇਵਾਵਾਂ ਪ੍ਰਦਾਨ ਕਰਨਾ, ਸਕੂਲਾਂ ਵਿੱਚ ਵਾਈ-ਫਾਈ ਲਗਾਉਣਾ ਅਤੇ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸੁਰੱਖਿਆ ਗਾਰਡਾਂ ਨੂੰ ਤਾਇਨਾਤ ਕਰਨਾ ਸਾਮਲ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਵਿਆਪਕ ਉਪਾਅ ਇੱਕ ਸੁਰੱਖਿਅਤ ਅਤੇ ਤਕਨੀਕੀ ਸਿੱਖਿਅਕ ਮਾਹੌਲ ਬਣਾਉਣ ਲਈ ਦੱਸੇ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਵਿਦਿਅਕ ਰਣਨੀਤੀ ਅਧਿਆਪਕਾਂ ਦੇ ਸਸਕਤੀਕਰਨ ਅਤੇ ਆਲਮੀ ਪੱਧਰ 'ਤੇ ਸਿਖਲਾਈ 'ਤੇ ਕੇਂਦਰਿਤ ਹੈ। ਸੂਬੇ ਵੱਲੋਂ ਸਿਖਿਅਕਾਂ ਨੂੰ ਪ੍ਰਮੁੱਖ ਗਲੋਬਲ ਸੰਸਥਾਵਾਂ ਵਿੱਚ ਭੇਜਦੇ ਹੋਏ ਵਿਸਥਾਰਤ ਅਧਿਆਪਕ ਸਿਖਲਾਈ ਪ੍ਰੋਗਰਾਮ ਸੁਰੂ ਕੀਤੇ ਗਏ ਹਨ। ਪ੍ਰਿੰਸੀਪਲਾਂ ਨੂੰ ਸਿੰਗਾਪੁਰ ਪ੍ਰਿੰਸੀਪਲ ਅਕੈਡਮੀ ਵਿੱਚ ਸਿਖਲਾਈ ਦਿੱਤੀ ਗਈ ਹੈ, ਜਦੋਂ ਕਿ ਐਲੀਮੈਂਟਰੀ ਅਧਿਆਪਕਾਂ ਨੇ ਫਿਨਲੈਂਡ ਦੇ ਪ੍ਰਸਿੱਧ ਸਿੱਖਿਆ ਮਾਡਲ ਤਹਿਤ ਵਿਸੇਸ ਸਿਖਲਾਈ ਦਿੱਤੀ ਕੀਤੀ ਹੈ, ਜਿਸ ਸਦਕਾ ਪੰਜਾਬ ਦੇ ਸਕੂਲਾਂ ਵਿੱਚ ਵਿਸਵ ਪੱਧਰੀ ਸਿੱਖਿਆ ਪ੍ਰਦਾਨ ਕਰਨੀ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਰਵਾਇਤੀ ਵਿਦਿਅਕ ਢਾਂਚੇ ਤੋਂ ਉਭਰ ਕੇ ਨਵੇਂ ਸਿੱਖਿਆ ਸਿਧਾਤਾਂ ਨੂੰ ਪੇਸ ਕੀਤਾ ਹੈ। "ਸਕੂਲ ਆਫ ਐਮੀਨੈਂਸ" ਪੇਸੇਵਰ ਸਿਖਲਾਈ 'ਤੇ ਕੇਂਦ੍ਰਤ ਹਨ, ਜਦੋਂ ਕਿ "ਸਕੂਲ ਆਫ ਅਪਲਾਈਡ ਲਰਨਿੰਗ" ਕਿੱਤਾਮੁਖੀ ਹੁਨਰਾਂ 'ਤੇ ਅਧਾਰਤ ਹੈ ਅਤੇ "ਸਕੂਲ ਆਫ ਹੈਪੀਨੈਸ" ਵਿਲੱਖਣ ਬਾਲ-ਮਨੋਵਿਗਿਆਨ-ਅਧਾਰਤ ਸਿੱਖਣ ਪਹੁੰਚ ਨੂੰ ਦਰਸਾਉਂਦਾ ਹੈ ਜੋ ਨਵੇਂ ਯੁੱਗ ਦੀ ਸਿੱਖਿਆ ਨੀਤੀ ਦੇ ਵਿਦਿਅਕ ਅਨੁਭਵਾਂ ਲਈ ਤਿਆਰ ਕੀਤਾ ਗਿਆ ਹੈ। ਸਿੱਖਿਆ ਅਕਾਦਮਿਕ ਸਿੱਖਿਆ ਤੋਂ ਪਰੇ ਹੈ, ਇਸ ਗੱਲ 'ਤੇ ਜੋਰ ਦਿੰਦਿਆਂ ਬੈਂਸ ਨੇ ਇੱਕ ਡੂੰਘੇ ਫਲਸਫੇ



ਨੂੰ ਬਿਆਨ ਕੀਤਾ, ਜਿਸ ਵਿੱਚ ਸਿੱਖਿਆ ਸਬੰਧੀ ਵਿਸਵਵਿਆਪੀ ਚੁਣੌਤੀਆਂ ਜਿਵੇਂ ਕਿ ਜਲਵਾਯੂ ਤਬਦੀਲੀ, ਅੱਤਵਾਦ ਅਤੇ ਸਮਾਜਿਕ ਅਸਮਾਨਤਾਵਾਂ ਨੂੰ ਹੱਲ ਕਰਨ ਲਈ ਇੱਕ ਵਿਆਪਕ ਪਹੁੰਚ ਦਰਸਾਈ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮਿਸਨ ਸਪੱਸਟ ਹੈ ਜੋ ਇਹ ਯਕੀਨੀ ਬਣਾਉਂਦਾ ਹੈ ਕਿ ਕੋਈ ਵੀ ਬੱਚਾ ਸਿੱਖਿਆ ਲੈਣ ਲਈ ਵਾਂਝਾ ਨਾ ਰਹੇ ਅਤੇ ਹਰੇਕ ਬੱਚੇ ਦੀ ਗੁਣਵੱਤਾ ਵਾਲੀ ਸਿੱਖਿਆ ਤੱਕ ਪਹੁੰਚ ਹੋਵੇ, ਜੋ ਉਨ੍ਹਾਂ ਨੂੰ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਕਰਦੀ ਹੈ। ਕੈਬਨਿਟ ਮੰਤਰੀ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਦੱਸਿਆ ਕਿ ਯੂਨੈਸਕੋ ਫੋਰਮ ਦੌਰਾਨ, ਉਨ੍ਹਾਂ ਨੂੰ ਪੰਜਾਬ ਦੀਆਂ ਵਿਦਿਅਕ ਕਾਢਾਂ ਪੇਸ ਕਰਨ ਦੇ ਨਾਲ-ਨਾਲ ਸੂਬੇ ਦੇ ਅਮੀਰ ਸੱਭਿਆਚਾਰਕ ਅਤੇ ਦਾਰਸਨਿਕ ਵਿਰਸੇ ਨੂੰ ਸਾਂਝਾ ਕਰਨ ਦਾ ਸਨਮਾਨ ਮਿਲਿਆ ਜੋ ਸਿੱਖਣ ਅਤੇ ਸਮਾਜਿਕ ਵਿਕਾਸ ਲਈ ਸਾਡੀ ਪਹੁੰਚ ਨੂੰ ਦਰਸਾਉਂਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਉਨ੍ਹਾਂ ਨੇ ਇਸ ਗਲੋਬਲ ਪਲੇਟਫਾਰਮ 'ਤੇ ਸ੍ਰੀ ਅਨੰਦਪੁਰ ਸਾਹਿਬ, ਇੱਕ ਅਜਿਹੀ ਥਾਂ ਹੈ ਜੋ ਭਾਈਚਾਰਕ ਸਾਂਝ ਅਤੇ ਵਿਸਵ-ਵਿਆਪੀ ਸਦਭਾਵਨਾ ਦੇ ਡੂੰਘੇ ਸਿਧਾਂਤਾਂ ਦਾ ਪ੍ਰਤੀਕ ਹੈ, ਦੀ ਇਤਿਹਾਸਕ ਮਹੱਤਤਾ ਨੂੰ ਉਜਾਗਰ ਕੀਤਾ। ਉਨ੍ਹਾਂ ਅੱਗੇ ਦੱਸਿਆ ਕਿ ਕਿਵੇਂ ਦਸਵੇਂ ਸਿੱਖ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਰੰਗ, ਨਸਲ ਅਤੇ ਜਾਤ ਦੀਆਂ ਪਰੰਪਰਾਗਤ ਸੀਮਾਵਾਂ ਤੋਂ ਉਪਰ ਉੱਠ ਕੇ ਵਿਸਵ ਨੂੰ ਸਾਂਝੇਦਾਰੀ ਅਤੇ ਸਮੂਹਿਕ ਮਾਨਵਤਾ ਦਾ ਇੱਕ ਮਹਾਨ ਸੰਦੇਸ ਦਿੱਤਾ ਸੀ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਨੁਮਾਇੰਦਗੀ ਵਿਦਿਅਕ ਰਣਨੀਤੀਆਂ ਤੋਂ ਇਲਾਵਾ ਸੂਬੇ ਦੇ ਡੂੰਘੇ ਸੱਭਿਆਚਾਰਕ ਪ੍ਰਤੀਕਾਂ 'ਤੇ ਜੋਰ ਦੇਣ ਵਾਲੀ ਹੈ। ਉਨ੍ਹਾਂ ਅੱਗੇ ਦਸਤਾਰ ਦੀ ਮਹੱਤਤਾ ਬਾਰੇ ਦੱਸਿਆ ਕਿ ਇਹ ਸਿਰਫ ਇੱਕ ਰਵਾਇਤੀ ਪਹਿਰਾਵਾ ਨਹੀਂ ਹੈ, ਸਗੋਂ ਮਾਣ, ਹਰ ਸਮੇਂ ਤਿਆਰ, ਸੱਚਾਈ ਅਤੇ ਨਿਆਂ ਪ੍ਰਤੀ ਸਮਰਪਿਤ ਵਚਨਬੱਧਤਾ ਦਾ ਇੱਕ ਸਕਤੀਸਾਲੀ ਪ੍ਰਤੀਕ ਹੈ।